ਪੱਤਰਕਾਰ ਬਣੋ
'ਵੀਰ ਕੇਸਰੀ'
ਅਖ਼ਬਾਰ ਨੂੰ ਪੰਜਾਬ ਭਰ 'ਚੋਂ ਜਿਲ੍ਹਾ ਇੰਚਾਰਜਾਂ ਅਤੇ ਪੱਤਰਕਾਰਾਂ ਦੀ ਲੋੜ ਹੈ। ਚਾਹਵਾਨ ਸੰਪਰਕ ਕਰਨ
89274-70009
99881 35344

ਵੀਰ ਕੇਸਰੀ

ਮੁੱਖ ਸੰਪਾਦਕ : ਵਿਜੇ ਸ਼ਰਮਾ ਐਤਵਾਰ, 15 ਨਵੰਬਰ 2026 ਸਾਲ 3, RNI No. PUN PUN/04216

ਪੱਤਰਕਾਰ ਬਣੋ
'ਵੀਰ ਕੇਸਰੀ'
ਅਖ਼ਬਾਰ ਨੂੰ ਪੰਜਾਬ ਭਰ 'ਚੋਂ ਜਿਲ੍ਹਾ ਇੰਚਾਰਜਾਂ ਅਤੇ ਪੱਤਰਕਾਰਾਂ ਦੀ ਲੋੜ ਹੈ। ਚਾਹਵਾਨ ਸੰਪਰਕ ਕਰਨ
89274-70009
99881 35344

Email - veerkesripnpw@gmail.com Web site : www.veerkesri.com Facebook - veerkesri Instagram veerkesri

1984 ਦੇ ਸਿੱਖ ਕਤਲੇਆਮ ਨੂੰ ਭੁੱਲਣ ਦੀ ਸਲਾਹ ਦੇਣ ਵਾਲੇ ਸੈਮ ਪਿਤਰੋਦਾ, ਸੋਨੀਆ ਤੇ ਰਾਹੁਲ ਗਾਂਧੀ ਪਹਿਲਾਂ ਸਿੱਖ ਕੌਮ ਨੂੰ ਦੱਸਣ ਕਿ ਇਨਸਾਫ਼ ਕਿੱਥੇ ਹੈ: ਪ੍ਰੋ. ਸਰਚਾਂਦ ਸਿੰਘ ਖਿਆਲਾ

ਕਾਂਗਰਸ ਦੀ 1984 ਬਾਰੇ ਸੋਚ ਅੱਜ ਵੀ ਨਹੀਂ ਬਦਲੀ, ਸਿਰਫ਼ ਚਿਹਰੇ ਅਤੇ ਬਿਆਨ ਬਦਲੇ ਹਨ



ਅੰਮ੍ਰਿਤਸਰ, 14 ਨਵੰਬਰ:(ਕੰਵਲਜੀਤ ਸਿੰਘ) - ਪੰਜਾਬ ਭਾਜਪਾ ਦੇ ਬੁਲਾਰੇ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਕਿਹਾ ਕਿ ਇੰਡੀਅਨ ਓਵਰਸੀਜ਼ ਕਾਂਗਰਸ ਦੇ ਮੁਖੀ ਸੈਮ ਪਿਤਰੋਦਾ ਵੱਲੋਂ 1984 ਦੇ ਸਿੱਖ ਕਤਲੇਆਮ ਨੂੰ ਚਾਰ ਦਹਾਕੇ ਪੁਰਾਣੀ ਘਟਨਾ ਦੱਸ ਕੇ ਭੁੱਲ ਜਾਣ ਅਤੇ ਭਵਿੱਖ ਵੱਲ ਦੇਖਣ ਦੀ ਦਿੱਤੀ ਸਲਾਹ ਬੇਹੱਦ ਸ਼ਰਮਨਾਕ, ਨਿੰਦਣਯੋਗ ਅਤੇ ਸਿੱਖ ਕੌਮ ਦੇ ਜ਼ਖ਼ਮਾਂ 'ਤੇ ਲੂਣ ਛਿੜਕਣ ਵਾਲੀ ਹੈ। ਇਸ ਤੋਂ ਵੀ ਵੱਧ ਇਤਰਾਜ਼ਯੋਗ ਗੱਲ ਇਹ ਹੈ ਕਿ ਪਿਤਰੋਦਾ ਨੇ ਸਿੱਖ ਕਤਲੇਆਮ ਦੀ ਗੰਭੀਰਤਾ ਨੂੰ ਘਟਾਉਣ ਲਈ ਭਗਵਾਨ ਸ੍ਰੀ ਰਾਮ ਅਤੇ ਹਨੂੰਮਾਨ ਜੀ ਦੀਆਂ ਧਾਰਮਿਕ ਗਾਥਾਵਾਂ ਨੂੰ ਵੀ ਬੇਲੋੜੀਆਂ ਪੁਰਾਣੀਆਂ ਗੱਲਾਂ ਵਜੋਂ ਪੇਸ਼ ਕਰਨ ਦੀ ਕੋਸ਼ਿਸ਼ ਕੀਤੀ ਹੈ। ਪ੍ਰੋ. ਖਿਆਲਾ ਨੇ ਕਿਹਾ ਕਿ ਸੈਮ ਪਿਤਰੋਦਾ ਸੋਨੀਆ ਗਾਂਧੀ ਦੀ ਸਿੱਖ ਵਿਰੋਧੀ ਮਾਨਸਿਕਤਾ ਨੂੰ ਹੀ ਅੱਗੇ ਵਧਾ ਰਹੇ ਹਨ। ਉਨ੍ਹਾਂ ਕਿਹਾ ਕਿ ਸਿੱਖ ਕੌਮ ਨੂੰ 1984 ਭੁੱਲਣ ਦਾ ਉਪਦੇਸ਼ ਦੇਣ ਵਾਲੇ ਸੋਨੀਆ ਅਤੇ ਰਾਹੁਲ ਗਾਂਧੀ ਪਹਿਲਾਂ ਇਹ ਦੱਸਣ ਕਿ 1984 ਦੇ ਪੀੜਤਾਂ ਨੂੰ ਇਨਸਾਫ਼ ਕਿਉਂ ਨਹੀਂ ਮਿਲਿਆ? ਕਾਂਗਰਸ ਆਪਣਾ ਅਤੀਤ ਭੁੱਲਣਾ ਚਾਹੁੰਦੀ ਹੈ, ਪਰ ਸਿੱਖ ਕੌਮ ਆਪਣਾ ਇਤਿਹਾਸ ਕਦੇ ਨਹੀਂ ਭੁੱਲੇਗੀ। ਉਨ੍ਹਾਂ ਸੈਮ ਪਿਤਰੋਦਾ ਦੇ ਨਾਲ-ਨਾਲ ਸੋਨੀਆ ਗਾਂਧੀ ਅਤੇ ਰਾਹੁਲ ਗਾਂਧੀ ਨੂੰ ਸਵਾਲ ਕੀਤਾ ਕਿ ਕੀ ਸਿੱਖ ਕੌਮ ਦੇ ਹਜ਼ਾਰਾਂ ਬੇਗੁਨਾਹ ਲੋਕਾਂ ਦਾ ਕਤਲੇਆਮ ਉਨ੍ਹਾਂ ਲਈ ਸਿਰਫ਼ 40 ਸਾਲ ਪੁਰਾਣੀ ਗੱਲ ਹੈ? ਕੀ ਵਿਧਵਾਵਾਂ ਦੇ ਹੰਝੂ, ਯਤੀਮ ਬੱਚਿਆਂ ਦੀਆਂ ਚੀਕਾਂ, ਸਾੜੇ ਗਏ ਗੁਰਦੁਆਰੇ, ਲੁੱਟੇ ਗਏ ਘਰ ਅਤੇ ਮਾਵਾਂ-ਭੈਣਾਂ ਨਾਲ ਹੋਏ ਅਣਮਨੁੱਖੀ ਜ਼ੁਲਮ ਉਨ੍ਹਾਂ ਲਈ ਅਤੀਤ ਦੀਆਂ ਅਜਿਹੀਆਂ ਘਟਨਾਵਾਂ ਹਨ, ਜਿਨ੍ਹਾਂ ਨੂੰ ਹੁਣ ਭੁੱਲ ਜਾਣਾ ਚਾਹੀਦਾ ਹੈ? ਪ੍ਰੋ. ਖਿਆਲਾ ਨੇ ਕਿਹਾ ਕਿ ਪਿਤਰੋਦਾ ਨੂੰ ਸਮਝਣਾ ਚਾਹੀਦਾ ਹੈ ਕਿ ਇਤਿਹਾਸ ਦੀਆਂ ਘਟਨਾਵਾਂ ਸਮੇਂ ਨਾਲ ਮਿਟਦੀਆਂ ਨਹੀਂ। ਸ੍ਰੀ ਰਾਮ ਵੱਲੋਂ ਰਾਵਣ ਦੇ ਵਧ ਦੀ ਯੁੱਗਾਂ ਪੁਰਾਣੀ ਗਾਥਾ ਨੂੰ ਅਸੀਂ ਅੱਜ ਤੱਕ ਨਹੀਂ ਭੁੱਲੇ। ਸਦੀਆਂ ਪਹਿਲਾਂ ਸੋਮਨਾਥ ਮੰਦਰ ਦੀ ਹੋਈ ਲੁੱਟ ਨੂੰ ਨਹੀਂ ਭੁੱਲੇ। ਅਹਿਮਦ ਸ਼ਾਹ ਅਬਦਾਲੀ ਵੱਲੋਂ ਕੀਤੇ ਵੱਡੇ ਘੱਲੂਘਾਰੇ, ਛੋਟੇ ਘੱਲੂਘਾਰੇ ਅਤੇ ਛੋਟੇ ਸਾਹਿਬਜ਼ਾਦਿਆਂ ਦੀ ਲਾਸਾਨੀ ਸ਼ਹਾਦਤ ਨੂੰ ਕਿਵੇਂ ਭੁੱਲ ਸਕਦੇ ਹਾਂ? ਫਿਰ 1984 ਦਾ ਸਿੱਖ ਕਤਲੇਆਮ ਤਾਂ ਕੱਲ੍ਹ ਦੀ ਹੀ ਗੱਲ ਹੈ। ਇਤਿਹਾਸ ਨੂੰ ਯਾਦ ਰੱਖਣਾ ਕਿਸੇ ਨਾਲ ਨਫ਼ਰਤ ਕਰਨਾ ਨਹੀਂ, ਸਗੋਂ ਸੱਚ, ਨਿਆਂ ਅਤੇ ਆਪਣੀ ਵਿਰਾਸਤ ਪ੍ਰਤੀ ਵਫ਼ਾਦਾਰੀ ਹੈ। ਉਨ੍ਹਾਂ ਕਿਹਾ ਕਿ ਸਿੱਖ ਕੌਮ ਭਵਿੱਖ ਵੱਲ ਦੇਖਣ ਦੇ ਵਿਰੁੱਧ ਨਹੀਂ ਹੈ, ਪਰ ਇਨਸਾਫ਼ ਤੋਂ ਬਿਨਾਂ ਅੱਗੇ ਵਧਣ ਦੀ ਸਲਾਹ ਕਬੂਲ ਨਹੀਂ ਕਰ ਸਕਦੀ। ਜਿਹੜੇ ਪਰਿਵਾਰ ਚਾਰ ਦਹਾਕਿਆਂ ਤੋਂ ਇਨਸਾਫ਼ ਦੀ ਉਡੀਕ ਕਰ ਰਹੇ ਹਨ, ਉਨ੍ਹਾਂ ਨੂੰ ਅਤੀਤ ਭੁੱਲਣ ਦਾ ਉਪਦੇਸ਼ ਦੇਣਾ ਸੰਵੇਦਨਹੀਣਤਾ ਦੀ ਹੱਦ ਹੈ। ਪ੍ਰੋ. ਖਿਆਲਾ ਨੇ ਕਿਹਾ ਕਿ ਸੋਨੀਆ ਗਾਂਧੀ ਅਤੇ ਰਾਹੁਲ ਗਾਂਧੀ ਵੀ ਇਸ ਸਵਾਲ ਤੋਂ ਬਚ ਨਹੀਂ ਸਕਦੇ। ਜੇ ਪਿਤਰੋਦਾ ਦਾ ਬਿਆਨ ਕਾਂਗਰਸ ਦੀ ਸੋਚ ਨਹੀਂ ਹੈ ਤਾਂ ਕੀ ਸੋਨੀਆ ਅਤੇ ਰਾਹੁਲ ਗਾਂਧੀ ਉਸ ਦੀ ਖੁੱਲ੍ਹ ਕੇ ਨਿਖੇਧੀ ਕਰਨਗੇ? ਕੀ ਉਹ ਸਿੱਖ ਕੌਮ ਤੋਂ ਮੁਆਫ਼ੀ ਮੰਗਣਗੇ? ਕੀ ਉਹ ਸਪੱਸ਼ਟ ਕਰਨਗੇ ਕਿ 1984 ਦੇ ਕਤਲੇਆਮ ਦੇ ਦੋਸ਼ੀਆਂ ਨੂੰ ਸਿਆਸੀ ਸਰਪ੍ਰਸਤੀ ਦੇਣ ਅਤੇ ਇਨਸਾਫ਼ ਵਿੱਚ ਰੁਕਾਵਟ ਬਣਨ ਵਾਲੀ ਕਿਸੇ ਵੀ ਭੂਮਿਕਾ ਨੂੰ ਕਾਂਗਰਸ ਕਦੇ ਵੀ ਪ੍ਰਵਾਨ ਨਹੀਂ ਕਰੇਗੀ? ਉਨ੍ਹਾਂ ਕਿਹਾ ਕਿ ਕਾਂਗਰਸ ਦਾ ਦੋਹਰਾ ਚਿਹਰਾ ਵੀ ਬੇਨਕਾਬ ਹੋ ਗਿਆ ਹੈ। ਇੱਕ ਪਾਸੇ ਕਾਂਗਰਸ ਪ੍ਰੈਸ ਬਿਆਨ ਜਾਰੀ ਕਰਕੇ 1984 ਦੇ ਪੀੜਤਾਂ ਲਈ ਇਨਸਾਫ਼ ਦੀ ਗੱਲ ਕਰਦੀ ਹੈ, ਦੂਜੇ ਪਾਸੇ ਉਸੇ ਪਾਰਟੀ ਦਾ ਸੀਨੀਅਰ ਆਗੂ ਸਿੱਖ ਕਤਲੇਆਮ ਦੀ ਚਰਚਾ ਨੂੰ ਬੇਮਤਲਬ ਦੱਸ ਕੇ ਅੱਗੇ ਵਧਣ ਦਾ ਉਪਦੇਸ਼ ਦਿੰਦਾ ਹੈ। ਸਵਾਲ ਹੈ ਕਿ ਕੀ ਕਾਂਗਰਸ ਦੀ ਇਨਸਾਫ਼ ਪ੍ਰਤੀ ਵਚਨਬੱਧਤਾ ਸਿਰਫ਼ ਸਿਆਸੀ ਬਿਆਨਾਂ ਤੱਕ ਹੀ ਸੀਮਤ ਹੈ? ਪ੍ਰੋ. ਖਿਆਲਾ ਨੇ ਕਿਹਾ ਕਿ 1984 ਵਿੱਚ ਜਦੋਂ ਦਿੱਲੀ ਸਮੇਤ ਦੇਸ਼ ਦੇ ਕਈ ਹਿੱਸਿਆਂ ਵਿੱਚ ਸਿੱਖਾਂ ਦਾ ਕਤਲੇਆਮ ਹੋ ਰਿਹਾ ਸੀ, ਉਦੋਂ ਕੇਂਦਰ ਵਿੱਚ ਕਾਂਗਰਸ ਦੀ ਸਰਕਾਰ ਸੀ। ਰਾਜੀਵ ਗਾਂਧੀ ਦਾ 'ਜਦੋਂ ਕੋਈ ਵੱਡਾ ਦਰੱਖ਼ਤ ਡਿੱਗਦਾ ਹੈ ਤਾਂ ਧਰਤੀ ਹਿੱਲਦੀ ਹੈ' ਵਾਲਾ ਬਿਆਨ ਅੱਜ ਵੀ ਸਿੱਖ ਕੌਮ ਦੀਆਂ ਯਾਦਾਂ ਵਿੱਚ ਦਰਜ ਹੈ। ਕਾਂਗਰਸ ਦੇ ਆਗੂਆਂ ਉੱਤੇ ਲੱਗੇ ਗੰਭੀਰ ਦੋਸ਼ਾਂ ਅਤੇ ਇਨਸਾਫ਼ ਵਿੱਚ ਹੋਈ ਲੰਮੀ ਦੇਰੀ ਦਾ ਜਵਾਬ ਦੇਣ ਦੀ ਬਜਾਏ ਇਤਿਹਾਸ ਨੂੰ ਭੁੱਲਣ ਦੀ ਸਲਾਹ ਦੇਣਾ ਕਾਂਗਰਸ ਦੀ ਜਵਾਬਦੇਹੀ ਤੋਂ ਭੱਜਣ ਵਾਲੀ ਸਿਆਸਤ ਹੈ। ਉਨ੍ਹਾਂ ਸਪੱਸ਼ਟ ਕਿਹਾ ਕਿ ਭਾਰਤ ਦਾ ਭਵਿੱਖ ਅਤੇ ਇਨਸਾਫ਼ ਦੋ ਵੱਖਰੇ ਮੁੱਦੇ ਨਹੀਂ ਹਨ। ਬੱਚਿਆਂ ਦੀ ਸਿੱਖਿਆ, ਰੁਜ਼ਗਾਰ, ਆਰਟੀਫਿਸ਼ੀਅਲ ਇੰਟੈਲੀਜੈਂਸ (ਏ.ਆਈ.) ਅਤੇ ਵਿਕਾਸ ਦੀ ਗੱਲ ਵੀ ਹੋਵੇਗੀ, ਪਰ ਇਸ ਦੇ ਨਾਲ 1984 ਦਾ ਸੱਚ ਅਤੇ ਪੀੜਤਾਂ ਲਈ ਇਨਸਾਫ਼ ਵੀ ਯਕੀਨੀ ਬਣਾਇਆ ਜਾਵੇਗਾ। ਅਸੀਂ ਆਪਣੀ ਅਗਲੀ ਪੀੜ੍ਹੀ ਨੂੰ ਇਹ ਵੀ ਦੱਸਾਂਗੇ ਕਿ 1984 ਵਿੱਚ ਕੀ ਹੋਇਆ ਸੀ ਅਤੇ ਇਹ ਵੀ ਸਿਖਾਵਾਂਗੇ ਕਿ ਅਜਿਹਾ ਅਨਿਆਂ ਮੁੜ ਕਦੇ ਨਾ ਹੋਵੇ। ਪ੍ਰੋ. ਖਿਆਲਾ ਨੇ ਕਿਹਾ ਕਿ ਸੈਮ ਪਿਤਰੋਦਾ, ਸੋਨੀਆ ਗਾਂਧੀ ਅਤੇ ਰਾਹੁਲ ਗਾਂਧੀ ਯਾਦ ਰੱਖਣ ਕਿ ਸਿੱਖ ਕੌਮ ਦੀ ਯਾਦਦਾਸ਼ਤ ਕਮਜ਼ੋਰ ਨਹੀਂ ਹੈ। ਸਿੱਖ ਕੌਮ ਆਪਣੇ ਸ਼ਹੀਦਾਂ, ਆਪਣੇ ਇਤਿਹਾਸ ਅਤੇ ਆਪਣੇ ਜ਼ਖ਼ਮਾਂ ਨੂੰ ਨਹੀਂ ਭੁੱਲਦੀ। 1984 ਨੂੰ ਭੁੱਲਣ ਦੀ ਸਲਾਹ ਦੇਣ ਦੀ ਬਜਾਏ ਕਾਂਗਰਸ ਪਹਿਲਾਂ ਆਪਣੇ ਇਤਿਹਾਸ ਦਾ ਹਿਸਾਬ ਦੇਵੇ। ਸਿੱਖ ਕੌਮ ਨੂੰ ਭੁੱਲਣ ਦਾ ਉਪਦੇਸ਼ ਨਹੀਂ, ਇਨਸਾਫ਼ ਚਾਹੀਦਾ ਹੈ। ਇਨਸਾਫ਼ ਤੋਂ ਬਿਨਾਂ ਸਮਝੌਤਾ ਨਹੀਂ, ਸੱਚ ਤੋਂ ਬਿਨਾਂ ਅੱਗੇ ਵਧਣਾ ਨਹੀਂ ਅਤੇ 1984 ਦੇ ਸਿੱਖ ਕਤਲੇਆਮ ਨੂੰ ਇਤਿਹਾਸ ਵਿੱਚੋਂ ਮਿਟਾਉਣ ਦੀ ਕਿਸੇ ਵੀ ਕੋਸ਼ਿਸ਼ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ।

ਵੀਰ ਕੇਸਰੀ
ਲੋਕਾਂ ਦੀ ਅਵਾਜ਼ ਸਰਕਾਰ ਤੱਕ

ਮਾਂ ਕਾਂਗੜਾ ਦੇਵੀ ਸੇਵਾ ਸੋਸਾਇਟੀ ਵੱਲੋਂ ਸਾਲਾਨਾ ਝੰਡਾ ਉਤਸਵ ਅਤੇ ਵਿਸ਼ਾਲ ਝੰਡਾ ਯਾਤਰਾ ਦਾ ਆਯੋਜਨ



ਅੰਮ੍ਰਿਤਸਰ (ਮੁਕੇਸ਼ ਬੇਦੀ) - ਮਾਂ ਕਾਂਗੜਾ ਦੇਵੀ ਸੇਵਾ ਸੋਸਾਇਟੀ ਵੱਲੋਂ ਕਾਂਗੜਾ ਦੇਵੀ ਮੰਦਰ, ਬਾਜ਼ਾਰ ਕਸੇਰੀਆ ਵਿਖੇ ਸਾਲਾਨਾ ਝੰਡਾ ਉਤਸਵ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਵਿਸ਼ਾਲ ਝੰਡਾ ਯਾਤਰਾ ਵੀ ਕੱਢੀ ਗਈ, ਜਿਸ ਵਿੱਚ ਸ਼ਰਧਾਲੂਆਂ ਨੇ ਵੱਧ-ਚੜ੍ਹ ਕੇ ਹਿੱਸਾ ਲਿਆ ਅਤੇ ਮਾਤਾ ਰਾਣੀ ਦਾ ਆਸ਼ੀਰਵਾਦ ਪ੍ਰਾਪਤ ਕੀਤਾ। ਇਸ ਮੌਕੇ ਮਹੰਤ ਪ੍ਰੇਮ ਪ੍ਰਕਾਸ਼ ਜੀ ਰੱਤਰਾ ਅਤੇ ਸੋਸਾਇਟੀ ਦੇ ਪ੍ਰਧਾਨ ਰਾਜੀਵ ਰੱਤਰਾ ਜੀ ਨੇ ਦੱਸਿਆ ਕਿ ਇਹ ਝੰਡਾ ਉਤਸਵ ਸੋਸਾਇਟੀ ਵੱਲੋਂ ਕਰਵਾਈ ਜਾਂਦੀ ਸਾਲਾਨਾ ਧਾਰਮਿਕ ਯਾਤਰਾ ਦੇ ਸਬੰਧ ਵਿੱਚ ਆਯੋਜਿਤ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਮਾਂ ਦੀ ਅਪਾਰ ਕਿਰਪਾ ਸਦਕਾ ਸੋਸਾਇਟੀ ਹਰ ਸਾਲ 250 ਤੋਂ ਵੱਧ ਸ਼ਰਧਾਲੂਆਂ ਨੂੰ ਪੰਜਾਂ ਦੇਵੀਆਂ ਦੀ ਮੁਫ਼ਤ ਧਾਰਮਿਕ ਯਾਤਰਾ ਕਰਵਾਉਂਦੀ ਹੈ। ਇਸ ਯਾਤਰਾ ਦੌਰਾਨ ਸ਼ਰਧਾਲੂਆਂ ਨੂੰ ਮਾਂ ਬਗਲਾਮੁਖੀ ਮੰਦਰ (ਕੋਟਲਾ), ਮਾਂ ਚਾਮੁੰਡਾ ਦੇਵੀ ਮੰਦਰ, ਮਾਂ ਜਵਾਲਾ ਜੀ ਮੰਦਰ, ਮਾਂ ਕਾਂਗੜਾ ਦੇਵੀ ਮੰਦਰ ਅਤੇ ਮਾਂ ਚਿੰਤਪੂਰਨੀ ਦੇ ਪਾਵਨ ਦਰਸ਼ਨ ਕਰਵਾਏ ਜਾਂਦੇ ਹਨ। ਇਸ ਸਮਾਗਮ ਵਿੱਚ ਕੁੰਵਰ ਵਿਜੇ ਪ੍ਰਤਾਪ ਜੀ ਆਪਣੇ ਸਾਥੀਆਂ ਅਸ਼ਵਨੀ ਜੋਸ਼ੀ ਜੀ, ਸਮਾਜ ਸੇਵਕ ਅਨੁਜ ਖੇਮਕਾ ਜੀ ਅਤੇ ਸ਼ੰਕਰ ਅਰੋੜਾ ਜੀ ਨਾਲ ਵਿਸ਼ੇਸ਼ ਤੌਰ 'ਤੇ ਪਹੁੰਚੇ ਅਤੇ ਮਾਤਾ ਰਾਣੀ ਦੇ ਦਰਬਾਰ ਵਿੱਚ ਮੱਥਾ ਟੇਕ ਕੇ ਆਸ਼ੀਰਵਾਦ ਪ੍ਰਾਪਤ ਕੀਤਾ। ਇਸ ਮੌਕੇ ਸੌਰਭ, ਮਨਦੀਪ ਸਿੰਘ, ਪ੍ਰਿੰਸ, ਅਜੈ ਅਰੋੜਾ, ਅਮਿਤ ਰੱਤਰਾ, ਸੰਜੀਵ ਰੱਤਰਾ, ਸੋਨੂੰ ਸਮੇਤ ਸੋਸਾਇਟੀ ਦੇ ਸਾਰੇ ਮੈਂਬਰਾਂ ਨੇ ਮਿਲ ਕੇ ਮਾਤਾ ਰਾਣੀ ਦਾ ਗੁਣਗਾਨ ਕੀਤਾ ਅਤੇ ਸਮੁੱਚੇ ਮਾਹੌਲ ਨੂੰ ਭਗਤੀਮਈ ਬਣਾ ਦਿੱਤਾ। ਸਮਾਗਮ ਦੀ ਸਮਾਪਤੀ ਮਾਤਾ ਰਾਣੀ ਦੇ ਜੈਕਾਰਿਆਂ ਅਤੇ ਸਮੂਹ ਸ਼ਰਧਾਲੂਆਂ ਦੀ ਸੁੱਖ-ਸ਼ਾਂਤੀ ਤੇ ਖੁਸ਼ਹਾਲੀ ਦੀ ਕਾਮਨਾ ਨਾਲ ਹੋਈ।

ਵੀਰ ਕੇਸਰੀ
ਲੋਕਾਂ ਦੀ ਅਵਾਜ਼ ਸਰਕਾਰ ਤੱਕ

ਵਿਧਾਨ ਸਭਾ ਚੋਣਾਂ 2027 ਕੌਣ ਕਿੰਨੇ ਪਾਣੀ ਚ'.....

ਦੋਫਾੜ ਹੋਣ ਤੋਂ ਬਚੀ ਆਮ ਆਦਮੀ ਪਾਰਟੀ, ਦੋਫਾੜ ਹੋਣ ਵਾਲਿਆਂ ਦੇ ਤਿੜਕਣਗੇ ਦਿਲ

ਜਿੱਤ ਦੇ ਕਰੀਬ ਆ ਕੇ ਵੀ ਆਪਣੇ ਹੀ ਉਮੀਦਵਾਰਾਂ ਲਈ ਹਾਰ ਦਾ ਕਾਰਨ ਬਣਨਗੀਆਂ ਗੁੱਟਬੰਦੀਆਂ

ਵੀਰ ਕੇਸਰੀ
ਲੋਕਾਂ ਦੀ ਅਵਾਜ਼ ਸਰਕਾਰ ਤੱਕ



ਅੰਮ੍ਰਿਤਸਰ, 14 ਨਵੰਬਰ (ਅਰਵਿੰਦਰ ਵੜੈਚ)- ਚੋਣ ਕਮਿਸ਼ਨ ਵੱਲੋਂ ਬੇਸ਼ੱਕ ਚੋਣਾਂ ਦੀ ਤਾਰੀਖ ਅਜੇ ਤੱਕ ਤੈ ਨਹੀਂ ਹੋਈ ਹੈ ਪਰ ਵਿਧਾਨ ਸਭਾ ਚੋਣਾਂ 2027 ਨੂੰ ਲੈ ਕੇ ਰਾਜਨੀਤਿਕ ਪਾਰਟੀਆਂ ਪੂਰੀ ਤਰ੍ਹਾਂ ਐਕਟਿਵ ਹੋ ਗਈਆਂ ਹਨ। ਜਿਨਾਂ ਵਿੱਚੋਂ ਆਮ ਆਦਮੀ ਪਾਰਟੀ ਆਪਣੇ ਉਮੀਦਵਾਰਾਂ ਨੂੰ ਟਿਕਟਾਂ ਦੇਣ ਵਿੱਚ ਸਭ ਤੋਂ ਅੱਗੇ ਨਜ਼ਰ ਆ ਰਹੀ ਹੈ। ਕਿਸੇ ਵੀ ਰਾਜਨੀਤਿਕ ਪਾਰਟੀ ਦੀ ਗੱਲ ਕਰੀਏ ਤਾਂ ਕਿਸੇ ਵੀ ਹਲਕੇ ਲਈ ਉਮੀਦਵਾਰੀ ਲਈ ਹਰ ਕੋਈ ਹਰ ਵਸੀਲਾ ਤਰੀਕਾ ਵਰਤਣਗੇ। ਪਾਰਟੀਆਂ ਦੇ ਉੱਚ ਨੇਤਾ ਕਿਸੇ ਸਿਫਾਰਸ਼ਾਂ ਜਾਂ ਕਿਸੇ ਹੋਰ ਤਰੀਕੇ ਦੇ ਨਾਲ ਉਮੀਦਵਾਰਾਂ ਨੂੰ ਟਿਕਟਾਂ ਦੇਣਾ ਖਾਲਾ ਜੀ ਦਾ ਵਾੜਾ ਸਾਬਿਤ ਹੋਵੇਗਾ। ਕਿਉਂਕਿ ਕਈ ਦੋ ਫਸਲੇ ਨੇਤਾ ਅਜਿਹੇ ਵੀ ਹੋਣਗੇ ਜੋ ਮੌਕੇ ਨੂੰ ਦੇਖਦਿਆਂ ਪਾਰਟੀਆਂ ਬਦਲ ਚੁੱਕੇ ਹਨ। ਕਈ ਨੇਤਾ ਭਾਜਪਾ,ਅਕਾਲੀ ਦਲ (ਬ), ਕਾਂਗਰਸ ਤੇ ਆਮ ਆਦਮੀ ਪਾਰਟੀ ਦ ਵਾਰੀ ਵਾਰੀ ਦਾਮਨ ਫੜ ਚੁੱਕੇ ਹਨ।

ਬਾਰ-ਬਾਰ ਪਾਰਟੀਆਂ ਬਦਲਣ ਵਾਲੇ ਨੇਤਾਵਾਂ ਨੂੰ ਅਗਰ ਰਾਜਨੀਤਿਕ ਪਾਰਟੀਆਂ ਦੇ ਉੱਚ ਨੇਤਾ ਕਿਸੇ ਵੀ ਤਰੀਕੇ ਦੇ ਨਾਲ ਉਮੀਦਵਾਰ ਨਿਯੁਕਤ ਕਰਦੇ ਹਨ ਤਾਂ ਪਿਛਲੇ ਕਈ ਕਈ ਸਾਲਾਂ ਤੋਂ ਪਾਰਟੀ ਦੇ ਲਈ ਜੀਣ ਮਰਨ ਵਾਲੇ ਵਰਕਰਾਂ ਅਤੇ ਨੇਤਾਵਾਂ ਦੇ ਦਿਲ ਸ਼ੀਸ਼ੇ ਵਾਂਗੂੰ ਜਰੂਰ ਤਿੜਕਣਗੇ। ਪਾਰਟੀ ਦੇ ਪ੍ਰਤੀ ਹਮੇਸ਼ਾ ਵਫਾਦਾਰ ਰਹਿਣ ਵਾਲੇ ਇਹ ਜਖਮੀ ਸ਼ੇਰ ਆਪਣੇ ਹੀ ਉਮੀਦਵਾਰਾਂ ਦੀ ਜਿੱਤ ਨੂੰ ਹਾਰ ਵਿੱਚ ਬਦਲਣ ਲਈ ਅਹਿਮ ਭੂਮਿਕਾਵਾਂ ਅਦਾ ਕਰ ਸਕਦੇ ਹਨ। ਕਿਉਂਕਿ ਵਰਕਰਾਂ ਅਤੇ ਨੇਤਾਵਾਂ ਦੇ ਦਿਲ ਦੇ ਵਿੱਚ ਅਕਸਰ ਰੋਸ਼ ਪਾਇਆ ਜਾਂਦਾ ਹੈ ਕਿ ਪਿਛਲੇ ਕਈ ਕਈ ਸਾਲਾਂ ਤੋਂ ਉਹ ਅਤੇ ਉਹਨਾਂ ਦੇ ਪਰਿਵਾਰਿਕ ਮੈਂਬਰਾਂ ਨੇ ਆਪਣੀ ਆਪਣੀ ਪਾਰਟੀਆਂ ਨੂੰ ਚੜ੍ਹਦੀ ਕਲਾ ਵਿੱਚ ਲੈ ਕੇ ਜਾਣ ਲਈ ਕੋਈ ਵੀ ਕਸਰ ਬਾਕੀ ਨਹੀਂ ਛੱਡੀ। ਆਪਣੇ ਪਰਿਵਾਰ,ਭਵਿੱਖ ਅਤੇ ਕਾਰੋਬਾਰ ਵੀ ਦਾਅ ਤੇ ਲਗਾ ਦਿੱਤੇ ਗਏ ਹਨ। ਅਜਿਹੇ ਮਿਹਨਤੀ ਅਤੇ ਵਫਾਦਾਰ ਵਰਕਰਾਂ ਦੀ ਪਰਵਾਹ ਕੀਤੇ ਬਗੈਰ ਅਗਰ ਪਾਰਟੀ ਦੇ ਉੱਚ ਨੇਤਾ ਆਪਣੇ ਪੁਰਾਣੇ ਵਫਾਦਾਰ ਵਰਕਰਾਂ ਤੇ ਨੇਤਾਵਾਂ ਨੂੰ ਛੱਡ ਕੇ ਉਹਨਾਂ ਨੇਤਾਵਾਂ ਨੂੰ ਪਹਿਲ ਦਿੰਦੇ ਹਨ ਜੋ ਵੱਖ-ਵੱਖ ਪਾਰਟੀਆਂ ਦਾ ਸਵਾਦ ਦੇਖ ਰਹੇ ਹੁੰਦੇ ਹਨ ਤਾਂ ਅਜਿਹੇ ਉਮੀਦਵਾਰਾਂ ਨੂੰ ਪੰਜਾਬ ਦੇ ਕਈ ਹਲਕਿਆਂ ਵਿੱਚ ਗੁੱਟਬੰਦੀ ਦਾ ਸ਼ਿਕਾਰ ਹੋਣਾ ਪਵੇਗਾ। ਇੱਥੇ ਪਾਰਟੀ ਅਤੇ ਉਮੀਦਵਾਰ ਦੋਨਾਂ ਦਾ ਹੀ ਰਾਜਨੀਤਿਕ ਨੁਕਸਾਨ ਹੋਵੇਗਾ। ਦਿਨ ਰਾਤ ਇੱਕ ਹੀ ਪਾਰਟੀ ਦੇ ਹੱਕ ਦੇ ਵਿੱਚ ਚੱਲਣ ਵਾਲੇ ਵਰਕਰਾਂ ਦੀ ਮੰਨੀਏ ਤਾਂ ਭਾਜਪਾ,ਕਾਂਗਰਸ, ਅਕਾਲੀ ਦਲ ਬਾਦਲ ਜਾਂ ਆਮ ਆਦਮੀ ਪਾਰਟੀ ਹੋਵੇ ਉਹਨਾਂ ਨੂੰ ਦੋ ਫਸਲੇ ਨੇਤਾਵਾਂ ਨੂੰ ਟਿਕਟਾਂ ਦੇਣ ਦੀ ਜਗ?ਹਾ ਆਪਣੇ ਮਿਹਨਤੀ ਨਿਸਵਾਰਥ ਤਾਂ ਵਫਾਦਾਰੀ ਨਾਲ ਪਾਰਟੀ ਨਾਲ ਚੱਲਣ ਵਾਲਿਆਂ ਨੂੰ ਹੀ ਵਿਧਾਨ ਸਭਾ ਟਿਕਟਾਂ ਨਾਲ ਨਿਵਾਜਣਾ ਜਰੂਰੀ ਹੈ।

ਆਮ ਆਦਮੀ ਪਾਰਟੀ ਵੱਲੋਂ ਦੋ ਭਾਗਾਂ ਦੇ ਵਿੱਚ ਕਾਫੀ ਆਪਣੇ ਉਮੀਦਵਾਰ

ਡੀਏਵੀ ਇੰਟਰਨੈਸ਼ਨਲ ਸਕੂਲ ਵੱਲੋਂ ਬਾਲ ਦਿਵਸ 'ਤੇ ਖੇਡ ਉਤਸਵ ਦਾ ਆਯੋਜਨ

ਵੀਰ ਕੇਸਰੀ
ਲੋਕਾਂ ਦੀ ਅਵਾਜ਼ ਸਰਕਾਰ ਤੱਕ



ਅੰਮ੍ਰਿਤਸਰ,14 ਨਵੰਬਰ (ਅਰਵਿੰਦਰ ਵੜੈਚ, ਪਵਿੱਤਰਜੋਤ)- ਬਾਲ ਦਿਵਸ ਦੇ ਮੌਕੇ 'ਤੇ, ਡੀਏਵੀ ਇੰਟਰਨੈਸ਼ਨਲ ਸਕੂਲ ਨੇ ਪ੍ਰਿੰਸੀਪਲ ਡਾ. ਅੰਜਨਾ ਗੁਪਤਾ ਦੀ ਪ੍ਰਧਾਨਗੀ ਹੇਠ ਇੱਕ ਸ਼ਾਨਦਾਰ ਖੇਡ ਉਤਸਵ ਦਾ ਆਯੋਜਨ ਕੀਤਾ। ਤੀਜੀ, ਚੌਥੀ ਅਤੇ ਪੰਜਵੀਂ ਜਮਾਤ ਦੇ ਨੌਜਵਾਨ ਵਿਦਿਆਰਥੀਆਂ ਲਈ ਆਯੋਜਿਤ ਇਸ ਉਤਸਵ ਦੀ ਸ਼ੁਰੂਆਤ ਵਿਦਿਆਰਥੀਆਂ ਵੱਲੋਂ ਪ੍ਰਿੰਸੀਪਲ ਡਾ. ਅੰਜਨਾ ਗੁਪਤਾ ਨੂੰ ਇੱਕ ਪੌਦਾ ਭੇਟ ਕਰਨ ਅਤੇ ਦੀਵਾ ਜਗਾਉਣ ਨਾਲ ਹੋਈ। ਪ੍ਰਿੰਸੀਪਲ ਡਾ. ਅੰਜਨਾ ਗੁਪਤਾ ਨੇ ਆਜ਼ਾਦ ਭਾਰਤ ਦੇ ਪਹਿਲੇ ਪ੍ਰਧਾਨ ਮੰਤਰੀ ਪੰਡਿਤ ਜਵਾਹਰ ਲਾਲ ਨਹਿਰੂ ਦੇ ਜਨਮ ਦਿਨ 'ਤੇ ਸਾਰਿਆਂ ਨੂੰ ਵਧਾਈ ਦਿੱਤੀ ਅਤੇ ਕਿਹਾ ਕਿ ਪੰਡਿਤ ਨਹਿਰੂ ਨੂੰ ਬੱਚਿਆਂ ਨਾਲ ਵਿਸ਼ੇਸ਼ ਪਿਆਰ ਸੀ। ਇਸ ਭਾਵਨਾ ਨੂੰ ਧਿਆਨ ਵਿੱਚ ਰੱਖਦੇ ਹੋਏ, ਡੀਏਵੀ ਇੰਟਰਨੈਸ਼ਨਲ ਸਕੂਲ ਨੇ ਬੱਚਿਆਂ ਲਈ ਖੇਡ ਉਤਸਵ ਦਾ ਆਯੋਜਨ ਕੀਤਾ। ਉਨ੍ਹਾਂ ਕਿਹਾ ਕਿ ਅੱਜ ਦੇ ਬੱਚੇ ਕੱਲ੍ਹ ਦੇ ਭਾਰਤ ਦੇ ਆਰਕੀਟੈਕਟ ਹਨ। ਆਪਣੇ ਆਦਰਸ਼ਾਂ ਅਤੇ ਉੱਜਵਲ ਭਵਿੱਖ ਦਾ ਨਿਰਮਾਣ ਮਾਪਿਆਂ ਅਤੇ ਅਧਿਆਪਕਾਂ ਦੇ ਸਹਿਯੋਗ ਨਾਲ ਹੀ ਸੰਭਵ ਹੈ। ਮੌਜੂਦਾ ਸਮਾਜਿਕ ਹਾਲਾਤ ਬੱਚਿਆਂ ਨੂੰ ਖੇਡਾਂ ਅਤੇ ਰਿਸ਼ਤਿਆਂ ਤੋਂ ਦੂਰ ਕਰ ਰਹੇ ਹਨ, ਜਿਸ ਨਾਲ ਤਣਾਅ ਅਤੇ ਉਦਾਸੀ ਪੈਦਾ ਹੋ ਰਹੀ ਹੈ। ਸਾਡਾ ਫਰਜ਼ ਹੈ ਕਿ ਅਸੀਂ ਬੱਚਿਆਂ ਨਾਲ ਸਮਾਂ ਬਿਤਾਈਏ, ਉਨ੍ਹਾਂ ਦੇ ਸਾਥੀ ਅਤੇ ਮਾਰਗਦਰਸ਼ਕ ਬਣੀਏ। ਫਿਰ ਉਨ੍ਹਾਂ ਨੇ ਖੇਡ ਉਤਸਵ ਦਾ ਉਦਘਾਟਨ ਕੀਤਾ। ਬੱਚਿਆਂ ਦੇ ਨਾਲ, ਉਨ੍ਹਾਂ ਨੇ ਉਚਾਈਆਂ ਨੂੰ ਦਰਸਾਉਂਦੇ ਹੋਏ ਹਵਾ ਵਿੱਚ ਰੰਗ-ਬਿਰੰਗੇ ਗੁਬਾਰੇ ਛੱਡੇ। ਉਮੀਦ ਅਤੇ ਉਤਸ਼ਾਹ ਦਾ ਪ੍ਰਤੀਕ ਇੱਕ ਮਸ਼ਾਲ ਜਗਾਈ ਗਈ। ਨੌਜਵਾਨ ਖਿਡਾਰੀਆਂ, ਚਾਚਾ ਨਹਿਰੂ ਦੇ ਰੂਪ ਵਿੱਚ ਸਜੇ ਬੱਚਿਆਂ ਅਤੇ ਐਨਸੀਸੀ ਅਤੇ ਬੈਂਡ ਦੇ ਵਿਦਿਆਰਥੀਆਂ ਦੁਆਰਾ ਇੱਕ ਸ਼ਾਨਦਾਰ ਮਾਰਚ ਪਾਸਟ ਕੀਤਾ ਗਿਆ। ਬੱਚਿਆਂ ਦੇ ਪਿਆਰੇ ਚਾਚਾ ਨਹਿਰੂ, ਪੰਡਿਤ ਜਵਾਹਰ ਲਾਲ ਨਹਿਰੂ ਦੇ ਜਨਮ ਦਿਨ ਦੀ ਯਾਦ ਵਿੱਚ ਇੱਕ ਕੇਕ ਕੱਟਿਆ ਗਿਆ ਅਤੇ ਸਾਰਿਆਂ ਨੂੰ ਵੰਡਿਆ ਗਿਆ। ਬਹੁਤ ਉਤਸ਼ਾਹ ਅਤੇ ਊਰਜਾ ਨਾਲ, ਬੱਚਿਆਂ ਨੇ ਵੱਖ-ਵੱਖ ਖੇਡ ਮੁਕਾਬਲਿਆਂ ਵਿੱਚ ਹਿੱਸਾ ਲਿਆ, ਜਿਨ੍ਹਾਂ ਵਿੱਚ ਹੂਲਾ-ਹੂਪ, ਬੋਰੀ ਦੌੜ, ਬੈਕ-ਟੂ-ਬੈਕ, ਬੈਲੇਂਸ ਦ ਬਾਲ, ਚੇਨ ਦੌੜ ਅਤੇ ਤਿੰਨ-ਪੈਰ ਦੌੜ ਸ਼ਾਮਲ ਸਨ।

ਅੰਮ੍ਰਿਤਸਰ ਵਿਖੇ ਮਰਦਮਸ਼ੁਮਾਰੀ-2027 ਦੇ ਦੂਜੇ ਪੜਾਅ ਸਬੰਧੀ ਚਾਰਜ ਅਫ਼ਸਰਾਂ ਅਤੇ ਸੁਪਰਵਾਈਜ਼ਰਾਂ ਲਈ ਵਿਸ਼ੇਸ਼ ਸਿਖਲਾਈ ਕੈਂਪ ਆਯੋਜਿਤ

ਵੀਰ ਕੇਸਰੀ
ਲੋਕਾਂ ਦੀ ਅਵਾਜ਼ ਸਰਕਾਰ ਤੱਕ

ਅੰਮ੍ਰਿਤਸਰ, 14 ਨਵੰਬਰ:(ਕੰਵਲਜੀਤ ਸਿੰਘ) - ਜ਼ਿਲ੍ਹਾ ਅੰਮ੍ਰਿਤਸਰ ਵਿੱਚ ਮਰਦਮਸ਼ੁਮਾਰੀ-2027 (Census-B@BG) ਦੇ ਦੂਜੇ ਪੜਾਅ (ਜਨਸੰਖਿਆ ਗਣਨਾ) ਨੂੰ ਸੁਚਾਰੂ, ਸਮਾਂਬੱਧ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਨੇਪਰੇ ਚਾੜ੍ਹਨ ਦੇ ਉਦੇਸ਼ ਨਾਲ ਅੱਜ ਸਾਰੇ ਚਾਰਜ ਅਫ਼ਸਰਾਂ ਅਤੇ ਸੁਪਰਵਾਈਜ਼ਰਾਂ ਲਈ ਇੱਕ ਵਿਸ਼ੇਸ਼ ਸਿਖਲਾਈ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਇਸ ਸਿਖਲਾਈ ਦੌਰਾਨ 16 ਨਵੰਬਰ ਤੋਂ 30 ਨਵੰਬਰ 2026 ਤੱਕ ਉਪਲਬਧ ਰਹਿਣ ਵਾਲੀ ਸਵੈ-ਗਣਨਾ (Self-Enumeration) ਦੀ ਸਹੂਲਤ ਅਤੇ ਘਰ-ਘਰ ਜਾ ਕੇ ਗਣਨਾ ਸ਼ੁਰੂ ਹੋਣ ਤੋਂ ਪਹਿਲਾਂ ਕੀਤੀਆਂ ਜਾਣ ਵਾਲੀਆਂ ਤਿਆਰੀਆਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ।

ਮੀਟਿੰਗ ਦੀਆਂ ਮੁੱਖ ਵਿਸ਼ੇਸ਼ਤਾਵਾਂ ਅਤੇ ਹਦਾਇਤਾਂ:

* ਵਿਸ਼ੇਸ਼ ਹਾਜ਼ਰੀ: ਇਸ ਮੌਕੇ ਨਗਰ ਨਿਗਮ ਕਮਿਸ਼ਨਰ ਬਿਕਰਮਜੀਤ ਸਿੰਘ ਸ਼ੇਰਗਿੱਲ ਅਤੇ ਸਹਾਇਕ ਕਮਿਸ਼ਨਰ ਵਿਸ਼ਾਲ ਵਧਾਵਨ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ ਅਤੇ ਉਨ੍ਹਾਂ ਨੇ ਮਰਦਮਸ਼ੁਮਾਰੀ ਦੇ ਦੂਜੇ ਪੜਾਅ ਨਾਲ ਸਬੰਧਤ ਤਿਆਰੀਆਂ ਦੀ ਸਮੀਖਿਆ ਕੀਤੀ।

* ਰਾਸ਼ਟਰੀ ਕਾਰਜ ਦੀ ਮਹੱਤਤਾ: ਸਹਾਇਕ ਡਾਇਰੈਕਟਰ ਸਵਦੇਸ਼ ਪ੍ਰਤਾਪ ਨੇ ਸੰਬੋਧਨ ਕਰਦਿਆਂ ਕਿਹਾ ਕਿ ਮਰਦਮਸ਼ੁਮਾਰੀ ਇੱਕ ਅਹਿਮ ਰਾਸ਼ਟਰੀ ਕਾਰਜ ਹੈ ਅਤੇ ਇਸ ਦੌਰਾਨ ਇਕੱਤਰ ਕੀਤਾ ਜਾਣ ਵਾਲਾ ਡਾਟਾ ਭਵਿੱਖ ਦੀਆਂ ਵਿਕਾਸ ਯੋਜਨਾਵਾਂ, ਬੁਨਿਆਦੀ ਢਾਂਚੇ ਦੇ ਵਿਸਥਾਰ ਅਤੇ ਲੋਕ-ਭਲਾਈ ਨੀਤੀਆਂ ਦੇ ਨਿਰਮਾਣ ਦਾ ਅਹਿਮ ਆਧਾਰ ਬਣਦਾ ਹੈ। ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਜਾਣਕਾਰੀ ਇਕੱਤਰ ਕਰਦੇ ਸਮੇਂ ਪੂਰੀ ਸਟੀਕਤਾ, ਭਰੋਸੇਯੋਗਤਾ ਅਤੇ ਨਿਰਧਾਰਤ ਦਿਸ਼ਾ-ਨਿਰਦੇਸ਼ਾਂ ਦੀ ਸਖ਼ਤੀ ਨਾਲ ਪਾਲਣਾ ਯਕੀਨੀ ਬਣਾਈ ਜਾਵੇ।



* ਫੀਲਡ ਤਿਆਰੀਆਂ ਅਤੇ ਤਕਨੀਕੀ ਪੱਖ: ਮਾਸਟਰ ਟ?ਰੇਨਰ ਰਾਜਵਿੰਦਰ ਸਿੰਘ ਨੇ ਚਾਰਜ ਦੀਆਂ ਹੱਦਾਂ ਦੀ ਤਸਦੀਕ, ਨਜ਼ਰੀ ਨਕਸ਼ਿਆਂ ਨੂੰ ਅੰਤਿਮ ਰੂਪ ਦੇਣ, ਗਣਨਾਕਾਰਾਂ ਅਤੇ ਸੁਪਰਵਾਈਜ਼ਰਾਂ ਦੀ ਤਾਇਨਾਤੀ ਦੀ ਪੁਸ਼ਟੀ, ਐਪ ਦੀ ਇੰਸਟਾਲੇਸ਼ਨ ਅਤੇ ਲੌਗਇਨ ਦੀ ਜਾਂਚ ਅਤੇ ਸਮੱਗਰੀ ਤੇ ਪਛਾਣ ਪੱਤਰਾਂ ਦੀ ਵੰਡ ਸਬੰਧੀ ਪ੍ਰਬੰਧ ਸਮੇਂ ਸਿਰ ਪੂਰੇ ਕਰਨ ਦੀ ਜਾਣਕਾਰੀ ਦਿੱਤੀ।

* ਲਾਈਵ ਪ੍ਰੈਕਟੀਕਲ ਪ੍ਰਦਰਸ਼ਨ: ਮਾਸਟਰ ਟਰੇਨਰ ਅੰਮ੍ਰਿਤਪਾਲ ਸਿੰਘ ਨੇ ਸਵੈ-ਗਣਨਾ ਪ੍ਰਕਿਰਿਆ ਦਾ ਲਾਈਵ ਪ੍ਰੈਕਟੀਕਲ ਪ੍ਰਦਰਸ਼ਨ ਕੀਤਾ ਅਤੇ ਅਧਿਕਾਰੀਆਂ ਨੂੰ ਅਧਿਕਾਰਤ ਪੋਰਟਲ 'ਤੇ ਲੌਗਇਨ ਕਰਨ, ਓ.ਟੀ.ਪੀ. (®"♦) ਰਾਹੀਂ ਤਸਦੀਕ ਕਰਨ, ਪਰਿਵਾਰ ਦੇ ਵੇਰਵੇ ਭਰਨ ਅਤੇ ਸਵੈ-ਗਣਨਾ ਆਈ.ਡੀ. (♥5 94) ਤਿਆਰ ਕਰਨ ਦੀ ਪੂਰੀ ਪ੍ਰਕਿਰਿਆ ਸਮਝਾਈ।

* ਪ੍ਰਸ਼ਾਸਨਿਕ ਹਦਾਇਤਾਂ: ਡਿਪਟੀ ਕਮਿਸ਼ਨਰ ਦਲਵਿੰਦਰਜੀਤ ਸਿੰਘ ਨੇ ਕਿਹਾ ਕਿ ਮਰਦਮਸ਼ੁਮਾਰੀ ਡਿਊਟੀ 'ਤੇ ਤਾਇਨਾਤ ਕੋਈ ਵੀ ਅਧਿਕਾਰੀ ਜਾਂ ਕਰਮਚਾਰੀ ਬਿਨਾਂ ਅਗਾਊਂ ਪ੍ਰਵਾਨਗੀ ਦੇ ਛੁੱਟੀ ਨਹੀਂ ਲਵੇਗਾ, ਤਾਂ ਜੋ ਇਹ ਮਹੱਤਵਪੂਰਨ ਕਾਰਜ ਬਿਨਾਂ ਕਿਸੇ ਰੁਕਾਵਟ ਦੇ ਜਾਰੀ ਰਹਿ ਸਕੇ।

ਨਾਗਰਿਕਾਂ ਲਈ ਮਹੱਤਵਪੂਰਨ ਤਰੀਕਾਂ ਅਤੇ ਅਪੀਲ:

* ਸਵੈ-ਗਣਨਾ ਦੀ ਮਿਆਦ: ਨਾਗਰਿਕ 16 ਨਵੰਬਰ ਤੋਂ 30 ਨਵੰਬਰ 2026 ਤੱਕ ਨਿਰਧਾਰਤ ਵੈੱਬਸਾਈਟ ਰਾਹੀਂ ਆਪਣੇ ਪਰਿਵਾਰ ਦਾ ਵੇਰਵਾ ਖੁਦ ਦਰਜ ਕਰ ਸਕਣਗੇ।

* ਘਰ-ਘਰ ਗਣਨਾ: ਇਸ ਤੋਂ ਬਾਅਦ 1 ਦਸੰਬਰ 2026 ਤੋਂ 4 ਜਨਵਰੀ 2027 ਤੱਕ ਗਣਨਾਕਾਰਾਂ ਵੱਲੋਂ ਘਰ-ਘਰ ਜਾ ਕੇ ਜਨਸੰਖਿਆ ਸਬੰਧੀ ਜਾਣਕਾਰੀ ਇਕੱਤਰ ਕੀਤੀ ਜਾਵੇਗੀ, ਜਿਸ ਦੌਰਾਨ ਪਰਿਵਾਰ ਦੇ ਮੈਂਬਰਾਂ ਤੋਂ ਲਗਭਗ 40 ਸਵਾਲ ਪੁੱਛੇ ਜਾਣਗੇ।

* ਪ੍ਰਸ਼ਾਸਨ ਦੀ ਅਪੀਲ: ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਮੂਹ ਨਿਵਾਸੀਆਂ ਨੂੰ ਅਪੀਲ ਕੀਤੀ ਗਈ ਹੈ ਕਿ ਉਹ ਸਵੈ-ਗਣਨਾ ਦੀ ਸਹੂਲਤ ਦਾ ਵੱਧ ਤੋਂ ਵੱਧ ਲਾਭ ਉਠਾਉਣ ਅਤੇ ਆਪਣੇ ਪਰਿਵਾਰ ਸਬੰਧੀ ਸਹੀ ਅਤੇ ਪੂਰੀ ਜਾਣਕਾਰੀ ਦਰਜ ਕਰਵਾਉਣ। ਇਸ ਕਾਰਜ ਦੀ ਸਫ਼ਲਤਾ ਲਈ ਪ੍ਰਸ਼ਾਸਨਿਕ ਤਿਆਰੀਆਂ ਦੇ ਨਾਲ-ਨਾਲ ਆਮ ਜਨਤਾ ਦੀ ਸਰਗਰਮ ਭਾਗੀਦਾਰੀ ਵੀ ਬੇਹੱਦ ਜ਼ਰੂਰੀ ਹੈ।

ਜਾਰੀਕਰਤਾ: ਨਗਰ ਨਿਗਮ ਅੰਮ੍ਰਿਤਸਰ

ਪੇਡਾ ਦੇ ਸੀਨੀਅਰ ਵਾਈਸ ਚੇਅਰਮੈਨ ਡਾ ਕੇਜੇ ਸਿੰਘ ਨੇ ਮੁਨੀਸ਼ ਸਿਸੋਦਿਆ ਨਾਲ ਕੀਤੀ ਮੁਲਾਕਾਤ

ਹਲਕਾ ਸ੍ਰੀ ਹਰਗੋਬਿੰਦਪੁਰ ਸਾਹਿਬ ਦੇ ਅਹਿਮ ਮੁੱਦਿਆ 'ਤੇ ਹੋਈ ਵਿਚਾਰ ਚਰਚਾ



ਗੁਰਦਾਸਪੁਰ/ਬਟਾਲਾ (ਡਾ ਨਰਿੰਦਰ ਸਿੰਘ ਘੁਮਾਣ/ਜਗੀਰ ਸਿੰਘ ਮੰਡ) - ਆਮ ਆਦਮੀ ਪਾਰਟੀ ਦੇ ਹਲਕਾ ਸ੍ਰੀ ਹਰਗੋਬਿੰਦਪੁਰ ਸਾਹਿਬ ਤੋਂ ਸੀਨੀਅਰ ਆਗੂ ਅਤੇ ਪੇਡਾ ਦੇ ਸੀਨੀਅਰ ਵਾਇਸ ਚੈਅਰਮੈਨ ਡਾ ਕਮਲਜੀਤ ਸਿੰਘ ਕੇਜੇ ਨੇ ਬੀਤੇ ਦਿਨ ਦਿੱਲੀ ਵਿੱਖੇ ਆਮ ਆਦਮੀ ਪਾਰਟੀ ਦੇ ਪੰਜਾਬ ਦੇ ਪ੍ਰਭਾਰੀ ਸ੍ਰੀ ਮੁਨੀਸ਼ ਸਿਸੋਦਿਆ ਨਾਲ ਮੁਲਾਕਾਤ ਕੀਤੀ ਗਈ ਅਤੇ ਉਨਾਂ ਨੂੰ ਗੁਲਦਸਤਾ ਭੇਟ ਕੀਤਾ ਗਿਆ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਡਾ ਕਮਲਜੀਤ ਸਿੰਘ ਕੇਜੇ ਨੇ ਕਿਹਾ ਕਿ ਉਨਾਂ ਨੇ ਮੁਨੀਸ ਸਿਸੋਦਿਆ ਨਾਲ ਮੁਲਾਕਾਤ ਕਰਕੇ ਉਨਾਂ ਨੂੰ ਹਲਕਾ ਸ੍ਰੀ ਹਰਗੋਬਿੰਦਪੁਰ ਸਾਹਿਬ ਦੇ ਵੱਖ ਵੱਖ ਮੁੱਦਿਆਂ ਤੇ ਵਿਚਾਰ ਚਰਚਾ ਕੀਤੀ ਗਈ।, ਅਤੇ ਉਨਾਂ ਨੂੰ ਹਲਕੇ ਦੀ ਮੌਜੂਦਾ ਸਥਿਤੀ ਅਤੇ ਉਨਾਂ ਨਾਲ ਜੁੜੇ ਅਹਿਮ ਮਸਲਿਆਂ ਤੋਂ ਜਾਣੂ ਕਰਵਾਇਆ ਗਿਆ। ਡਾ ਕੇਜੇ ਸਿੰਘ ਨੇ ਅੱਗੇ ਕਿਹਾ ਕਿ ਮੁੱਖ ਮੰਤਰੀ ਸ਼੍ਰ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬੇ ਵਿੱਚ ਬਹੁਪੱਖੀ ਵਿਕਾਸ ਕਾਰਜਾਂ ਦੀ ਪੂਰੀ ਤਰਾਂ ਹਨੇਰੀ ਚੱਲ ਰਹੀ ਹੈ। ਪੰਜਾਬ ਸਰਕਾਰ ਹਰ ਵਰਗ ਦੇ ਕਲਿਆਣ ਅਤੇ ਸੂਬੇ ਦੀ ਤਰੱਕੀ ਲਈ ਦਿਨ ਰਾਤ ਪੂਰੀ ਸੰਜੀਦਗੀ ਨਾਲ ਕੰਮ ਕਰ ਰਹੀ ਹੈ।

ਵੀਰ ਕੇਸਰੀ
ਲੋਕਾਂ ਦੀ ਅਵਾਜ਼ ਸਰਕਾਰ ਤੱਕ

ਸੇਂਟ ਸੋਲਜਰ ਪਬਲਿਕ ਸਕੂਲ ਲਹਿਰਾਗਾਗਾ ਵਿਖੇ ਬੜੇ ਉਤਸ਼ਾਹ ਨਾਲ ਮਨਾਇਆ ਗਿਆ ਬਾਲ ਦਿਵਸ

ਐਮ.ਡੀ. ਰਜਿੰਦਰ ਕੁਮਾਰ ਨੇ ਬੱਚਿਆਂ ਨੂੰ ਦਿੱਤਾ ਅੱਗੇ ਵਧਣ ਦਾ ਸੰਦੇਸ



ਲਹਿਰਾਗਾਗਾ 14 ਨਵੰਬਰ (ਰਤਨ ਗਰਗ) - ਸੇਂਟ ਸੋਲਜਰ ਪਬਲਿਕ ਸਕੂਲ ਲਹਿਰਾਗਾਗਾ ਵਿਖੇ ਬਾਲ ਦਿਵਸ ਬੜੇ ਉਤਸ਼ਾਹ ਅਤੇ ਖੁਸ਼ੀ ਨਾਲ ਮਨਾਇਆ ਗਿਆ। ਇਸ ਮੌਕੇ ਸਕੂਲ ਦੇ ਵਿਦਿਆਰਥੀਆਂ ਵੱਲੋਂ ਵੱਖ-ਵੱਖ ਗਤੀਵਿਧੀਆਂ ਵਿੱਚ ਭਾਗ ਲਿਆ ਗਿਆ। ਸਕੂਲ ਦਾ ਮਾਹੌਲ ਖੁਸ਼ੀਆਂ ਅਤੇ ਉਤਸ਼ਾਹ ਨਾਲ ਭਰਿਆ ਰਿਹਾ। ਇਸ ਮੌਕੇ ਸਕੂਲ ਦੇ ਐਮ.ਡੀ. ਰਜਿੰਦਰ ਕੁਮਾਰ ਨੇ ਸਮੂਹ ਵਿਦਿਆਰਥੀਆਂ ਨੂੰ ਬਾਲ ਦਿਵਸ ਦੀ ਵਧਾਈ ਦਿੰਦਿਆਂ ਕਿਹਾ ਕਿ ਬੱਚੇ ਦੇਸ਼ ਦਾ ਭਵਿੱਖ ਹਨ। ਬੱਚਿਆਂ ਦੇ ਸੁਪਨਿਆਂ ਨੂੰ ਸਾਕਾਰ ਕਰਨ ਲਈ ਉਨ੍ਹਾਂ ਨੂੰ ਚੰਗੀ ਸਿੱਖਿਆ ਦੇ ਨਾਲ-ਨਾਲ ਚੰਗੇ ਸੰਸਕਾਰ ਦੇਣਾ ਵੀ ਬਹੁਤ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਹਰ ਬੱਚੇ ਅੰਦਰ ਕੋਈ ਨਾ ਕੋਈ ਵਿਸ਼ੇਸ਼ ਪ੍ਰਤਿਭਾ ਹੁੰਦੀ ਹੈ, ਜਿਸ ਨੂੰ ਪਛਾਣ ਕੇ ਨਿਖਾਰਨਾ ਅਧਿਆਪਕਾਂ ਅਤੇ ਮਾਪਿਆਂ ਦੀ ਸਾਂਝੀ ਜ਼ਿੰਮੇਵਾਰੀ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ-ਨਾਲ ਖੇਡਾਂ ਅਤੇ ਸੱਭਿਆਚਾਰਕ ਗਤੀਵਿਧੀਆਂ ਵਿੱਚ ਵੀ ਵੱਧ-ਚੜ੍ਹ ਕੇ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਸਰ ਬੇਅੰਤ ਸਿੰਘ ਨੇ ਕਿਹਾ ਕਿ ਬਾਲ ਦਿਵਸ ਬੱਚਿਆਂ ਦੀ ਖੁਸ਼ੀ, ਉਨ੍ਹਾਂ ਦੇ ਸੁਪਨਿਆਂ ਅਤੇ ਪ੍ਰਤਿਭਾਵਾਂ ਨੂੰ ਸਮਰਪਿਤ ਦਿਨ ਹੈ। ਬੱਚੇ ਦੇਸ਼ ਦਾ ਆਉਣ ਵਾਲਾ ਕੱਲ੍ਹ ਹਨ ਅਤੇ ਉਨ੍ਹਾਂ ਨੂੰ ਸਹੀ ਸਿੱਖਿਆ, ਚੰਗੇ ਸੰਸਕਾਰ ਅਤੇ ਅੱਗੇ ਵਧਣ ਦੇ ਮੌਕੇ ਦੇਣਾ ਸਾਡੀ ਸਾਰਿਆਂ ਦੀ ਜ਼ਿੰਮੇਵਾਰੀ ਹੈ। ਉਨ੍ਹਾਂ ਕਿਹਾ ਕਿ ਬੱਚਿਆਂ ਨੂੰ ਪੜ੍ਹਾਈ ਦੇ ਨਾਲ-ਨਾਲ ਖੇਡਾਂ ਅਤੇ ਹੋਰ ਰਚਨਾਤਮਕ ਗਤੀਵਿਧੀਆਂ ਵਿੱਚ ਵੀ ਭਾਗ ਲੈਣਾ ਚਾਹੀਦਾ ਹੈ, ਤਾਂ ਜੋ ਉਨ੍ਹਾਂ ਦਾ ਸਰਵਪੱਖੀ ਵਿਕਾਸ ਹੋ ਸਕੇ। ਉਨ੍ਹਾਂ ਵਿਦਿਆਰਥੀਆਂ ਨੂੰ ਮਿਹਨਤ, ਲਗਨ ਅਤੇ ਆਤਮ-ਵਿਸ਼ਵਾਸ ਨਾਲ ਆਪਣੇ ਜੀਵਨ ਦੇ ਟੀਚੇ ਹਾਸਲ ਕਰਨ ਲਈ ਪ੍ਰੇਰਿਤ ਕੀਤਾ। ਅੰਤ ਵਿੱਚ ਸਕੂਲ ਵੱਲੋਂ ਬੱਚਿਆਂ ਦੇ ਸੁਨਹਿਰੀ ਭਵਿੱਖ ਦੀ ਕਾਮਨਾ ਕੀਤੀ ਗਈ। ਇਸ ਮੌਕੇ ਸਮੂਹ ਸਟਾਫ ਮੈਂਬਰ ਅਤੇ ਵਿਦਿਆਰਥੀ ਸ਼ਾਮਿਲ ਸਨ।

ਵੀਰ ਕੇਸਰੀ
ਲੋਕਾਂ ਦੀ ਅਵਾਜ਼ ਸਰਕਾਰ ਤੱਕ

2027 ਦੀਆਂ ਚੋਣਾਂ ਨੂੰ ਲੈ ਕੇ ਕਾਂਗਰਸ ਪਾਰਟੀ ਦੇ ਹੌਸਲੇ ਬੁਲੰਦ- ਸੱਚਰ

ਪੰਜਾਬ ਵਿੱਚ ਸਰਕਾਰ ਬਣਾਉਣ ਲਈ ਕਾਂਗਰਸ ਪਾਰਟੀ ਇੱਕ ਮੁੱਠ

ਵੀਰ ਕੇਸਰੀ
ਲੋਕਾਂ ਦੀ ਅਵਾਜ਼ ਸਰਕਾਰ ਤੱਕ



ਮਜੀਠਾ,14 ਨਵੰਬਰ (ਰਾਜਾ ਕੋਟਲੀ)- ਪੰਜਾਬ ਵਿੱਚ ਆ ਰਹੀਆਂ ਵਿਧਾਨ ਸਭਾ ਚੋਣਾ 2027 ਨੂੰ ਲੈ ਕੇ ਪਾਰਟੀਆਂ ਨੇ ਕਮਰ ਕੱਸੇ ਕੱਸੇ ਲਏ ਹਨ। ਇਸੇ ਤਹਿਤ ਹਾਈ ਕਮਾਂਡ ਦੇ ਹੁਕਮਾਂ ਅਨੁਸਾਰ ਪੰਜਾਬ ਵਿੱਚ ਕਾਂਗਰਸ ਪਾਰਟੀ ਨੇ ਵੀ ਸਰਗਰਮੀਆਂ ਨੂੰ ਤੇਜ਼ ਕਰਦਿਆਂ ਹੋਇਆਂ ਘਰ ਘਰ ਪਿੰਡ ਪਿੰਡ ਚੋਣ ਪ੍ਰਚਾਰ ਕਰਨਾ ਆਰੰਭ ਕਰ ਦਿੱਤਾ ਹੈ। ਤਾਂ ਕਿ ਆਉਣ ਵਾਲੀਆਂ ਚੋਣਾਂ ਕਾਂਗਰਸ ਪਾਰਟੀ ਵੱਲੋਂ ਆਸਾਨੀ ਨਾਲ ਜਿੱਤੀਆਂ ਜਾ ਸਕਣ। ਇੰਨ੍ਹਾ ਸ਼ਬਦਾਂ ਦਾ ਪ੍ਰਗਟਾਵਾ ਕਾਂਗਰਸ ਪਾਰਟੀ ਮਜੀਠਾ ਹਲਕਾ ਦੇ ਇੰਚਾਰਜ ਭਗਵੰਤ ਪਾਲ ਸਿੰਘ ਸੱਚਰ ਨੇ ਹਲਕੇ ਦੇ ਪਿੰਡ ਕੋਟਲੀ ਢੋਲੇਸ਼ਾਹ ਦੇ ਸਾਬਕਾ ਸਰਪੰਚ ਬਲਬੀਰ ਸਿੰਘ ਦੇ ਗ੍ਰਹਿ ਵਿਖੇ ਕਾਂਗਰਸੀ ਵਰਕਰਾਂ ਦੀ ਹੋਈ ਮੀਟਿੰਗ ਨੂੰ ਸੰਬੋਧਨ ਕਰਨ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਸੱਚਰ ਨੇ ਕਿਹਾ ਕਿ ਅੱਜ ਕਾਂਗਰਸ ਪਾਰਟੀ 2027 ਦੀਆਂ ਵਿਧਾਨ ਸਭਾ ਚੋਣਾਂ ਨੂੰ ਜਿੱਤਣ ਲਈ ਇੱਕ ਮੁੱਠ ਹੈ ਅਤੇ ਪੰਜਾਬ ਦੇ ਲੋਕਾਂ ਦਾ ਫਤਵਾ ਲੈ ਕੇ ਇਸ ਵਾਰ ਕਾਂਗਰਸ ਪਾਰਟੀ ਵੱਡੀ ਲੀਡ ਨਾਲ ਜਿੱਤ ਪ੍ਰਾਪਤ ਕਰਕੇ ਵਿਰੋਧੀ ਪਾਰਟੀਆਂ ਨੂੰ ਮਾਤ ਦੇਵੇਗੀ ਕਿਉਂਕਿ ਆਮ ਆਦਮੀ ਪਾਰਟੀ ਦਾ ਪੰਜਾਬ ਵਿੱਚ ਬਿਲਕੁੱਲ ਅਧਾਰ ਖਤਮ ਹੋ ਚੁੱਕਾ ਹੈ। ਅਤੇ ਅਕਾਲੀ ਦਲ ਨੂੰ ਲੋਕ ਮੂੰਹ ਨਹੀਂ ਲਗਾ ਰਹੇ ਜਿਸ ਕਰਕੇ ਕਾਗਰਸ ਪਾਰਟੀ ਸਰਕਾਰ ਬਣਨ ਲਈ ਰਾਹ ਪੱਧਰਾ ਦਿਖਾਈ ਦੇ ਰਿਹਾ ਹੈ। ਕਿਉਂਕਿ ਜਦੋਂ

ਸਿੱਖਿਆ ਕ੍ਰਾਂਤੀ ਦੀ ਨਵੀਂ ਉਡਾਣ: ਜੰਡ ਸਾਹਿਬ ਦੇ ਸਰਕਾਰੀ ਸਕੂਲ ਨੂੰ ਮਿਲੀ ਅਤਿ-ਆਧੁਨਿਕ ਸਾਇੰਸ ਲੈਬ ਦੀ ਸੌਗਾਤ

ਵਿਧਾਇਕ ਗੁਰਦਿੱਤ ਸਿੰਘ ਸੇਖੋਂ ਨੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਜੰਡ ਸਾਹਿਬ ਵਿਖੇ ਕੀਤਾ ਨਵੀਂ ਸਾਇੰਸ ਲੈਬ ਦਾ ਉਦਘਾਟਨ



ਫਰੀਦਕੋਟ, 14 ਨਵੰਬਰ (ਪ.ਪ)- ਪੰਜਾਬ ਸਰਕਾਰ ਦੀ ਮਹੱਤਵਪੂਰਨ ਪਹਿਲਕਦਮੀ 'ਸਿੱਖਿਆ ਕ੍ਰਾਂਤੀ' ਤਹਿਤ ਸਰਕਾਰੀ ਸਕੂਲਾਂ ਨੂੰ ਆਧੁਨਿਕ ਸਿੱਖਿਆ ਸਹੂਲਤਾਂ ਨਾਲ ਲੈਸ ਕਰਨ ਦੀ ਲੜੀ ਨੂੰ ਅੱਗੇ ਵਧਾਉਂਦਿਆਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਜੰਡ ਸਾਹਿਬ ਵਿਖੇ ਨਵੀਂ ਉਸਾਰੀ ਗਈ ਅਤਿ-ਆਧੁਨਿਕ ਸਾਇੰਸ ਲੈਬ ਦਾ ਉਦਘਾਟਨ ਹਲਕਾ ਵਿਧਾਇਕ ਫਰੀਦਕੋਟ ਸ. ਗੁਰਦਿੱਤ ਸਿੰਘ ਸੇਖੋਂ ਵੱਲੋਂ ਕੀਤਾ ਗਿਆ। ਇਸ ਮੌਕੇ ਵਿਧਾਇਕ ਸ. ਗੁਰਦਿੱਤ ਸਿੰਘ ਸੇਖੋਂ ਨੇ ਆਪਣੇ ਸੰਬੋਧਨ ਵਿੱਚ ਪੰਜਾਬ ਸਰਕਾਰ ਵੱਲੋਂ ਪਿਛਲੇ ਸਾਢੇ ਚਾਰ ਸਾਲਾਂ ਦੌਰਾਨ ਸਿੱਖਿਆ ਦੇ ਖੇਤਰ ਵਿੱਚ ਕੀਤੇ ਗਏ ਸੁਧਾਰਾਂ ਅਤੇ ਪ੍ਰਾਪਤੀਆਂ ਦਾ ਜਿਕਰ ਕਰਦਿਆਂ ਕਿਹਾ ਕਿ ਸੂਬੇ ਦੀ ਸਿੱਖਿਆ ਪ੍ਰਣਾਲੀ ਨੂੰ ਵਿਸਵ ਪੱਧਰੀ ਬਣਾਉਣ ਲਈ ਪੰਜਾਬ ਸਰਕਾਰ ਵੱਲੋਂ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਸਰਕਾਰੀ ਸਕੂਲਾਂ ਵਿੱਚ ਬੁਨਿਆਦੀ ਢਾਂਚੇ ਦੇ ਵਿਕਾਸ, ਆਧੁਨਿਕ ਲੈਬਾਂ, ਡਿਜੀਟਲ ਸਿੱਖਿਆ, ਸਮਾਰਟ ਕਲਾਸਰੂਮਾਂ ਅਤੇ ਅਧਿਆਪਕਾਂ ਦੀ ਸਮਰੱਥਾ ਵਧਾਉਣ ਵੱਲ ਵਿਸੇਸ ਧਿਆਨ ਦਿੱਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਪੰਜਾਬ ਦੇ ਸਰਕਾਰੀ ਸਕੂਲਾਂ ਦੇ ਲਗਭਗ 870 ਵਿਦਿਆਰਥੀਆਂ ਨੇ ਜੇ.ਈ.ਈ ਅਤੇ ਨੀਟ ਵਰਗੀਆਂ ਦੇਸ ਦੀਆਂ ਵੱਕਾਰੀ ਪ੍ਰਤੀਯੋਗੀ ਪ੍ਰੀਖਿਆਵਾਂ ਵਿੱਚ ਸਫਲਤਾ ਹਾਸਲ ਕਰਕੇ ਇਹ ਸਾਬਤ ਕੀਤਾ ਹੈ ਕਿ ਸਰਕਾਰੀ ਸਕੂਲਾਂ ਦੇ ਵਿਦਿਆਰਥੀ ਵੀ ਉੱਚੇ ਮੁਕਾਮ ਹਾਸਲ ਕਰਨ ਦੀ ਸਮਰੱਥਾ ਰੱਖਦੇ ਹਨ। ਉਨ੍ਹਾਂ ਵਿਦਿਆਰਥੀਆਂ ਨੂੰ ਮਿਹਨਤ, ਲਗਨ ਅਤੇ ਵਿਗਿਆਨਕ ਸੋਚ ਅਪਣਾਉਣ ਲਈ ਪ੍ਰੇਰਿਤ ਕਰਦਿਆਂ ਕਿਹਾ ਕਿ ਆਧੁਨਿਕ ਸਹੂਲਤਾਂ ਦਾ ਅਸਲ ਲਾਭ ਤਾਂ ਹੀ ਹੈ, ਜਦੋਂ ਵਿਦਿਆਰਥੀ ਇਨ੍ਹਾਂ ਦੀ ਵਰਤੋਂ ਕਰਕੇ ਆਪਣੇ ਗਿਆਨ ਅਤੇ ਹੁਨਰ ਵਿੱਚ ਵਾਧਾ ਕਰਨ। ਉਨ੍ਹਾਂ ਕਿਹਾ ਕਿ ਇਹ ਸਾਇੰਸ ਲੈਬ ਆਧੁਨਿਕ ਤਕਨੀਕ ਅਤੇ ਵਿਗਿਆਨਕ ਸਿੱਖਿਆ ਦਾ ਸਾਨਦਾਰ ਸੁਮੇਲ ਹੈ। ਇਸ ਵਿੱਚ 3ਡੀ ਇੰਟਰਐਕਟਿਵ ਪੈਨਲ, ਸਮਾਰਟ ਬੋਰਡ ਅਤੇ ਵਿਦਿਆਰਥੀਆਂ ਦੇ ਪ੍ਰੈਕਟੀਕਲ ਕੰਮ ਲਈ ਲੋੜੀਂਦੇ ਅਤਿ-ਆਧੁਨਿਕ ਵਿਗਿਆਨਕ ਉਪਕਰਨ ਅਤੇ ਪ੍ਰਯੋਗਸਾਲਾ ਸਮੱਗਰੀ ਉਪਲਬਧ ਕਰਵਾਈ ਗਈ ਹੈ। ਇਸ ਤੋਂ ਇਲਾਵਾ ਵਿਗਿਆਨਕ ਉਪਕਰਨਾਂ ਦੀ ਸੁਰੱਖਿਅਤ ਸੰਭਾਲ ਲਈ ਵੱਖਰਾ ਸਟੋਰ ਰੂਮ ਅਤੇ ਸਾਇੰਸ ਅਧਿਆਪਕ ਲਈ ਵਿਸੇਸ ਕਮਰਾ ਵੀ ਤਿਆਰ ਕੀਤਾ ਗਿਆ ਹੈ। ਸਕੂਲ ਦੀ ਪ੍ਰਿੰਸੀਪਲ ਸ੍ਰੀਮਤੀ ਮਨਿੰਦਰ ਕੌਰ ਨੇ ਮੁੱਖ ਮਹਿਮਾਨ ਅਤੇ ਸਮੂਹ ਪਤਵੰਤਿਆਂ ਦਾ ਨਿੱਘਾ ਸਵਾਗਤ ਕਰਦਿਆਂ ਸਕੂਲ ਦੀਆਂ ਪਿਛਲੇ ਦੋ ਸਾਲਾਂ ਦੀਆਂ ਜਿਲ੍ਹਾ ਅਤੇ ਰਾਜ ਪੱਧਰੀ ਅਕਾਦਮਿਕ, ਸਹਿ-ਅਕਾਦਮਿਕ ਅਤੇ ਖੇਡ ਪ੍ਰਾਪਤੀਆਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਸਾਂਝੀ ਕੀਤੀ। ਉਨ੍ਹਾਂ ਕਿਹਾ ਕਿ ਸਕੂਲ ਦਾ ਸਮੁੱਚਾ ਸਟਾਫ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ, ਗੁਣਾਤਮਕ ਸਿੱਖਿਆ ਅਤੇ ਉਨ੍ਹਾਂ ਅੰਦਰ ਨਵੀਆਂ ਸੰਭਾਵਨਾਵਾਂ ਪੈਦਾ ਕਰਨ ਲਈ ਪੂਰੀ ਤਨਦੇਹੀ ਨਾਲ ਕਾਰਜਸੀਲ ਹੈ।ਉਨ੍ਹਾਂ ਇਸ ਮੌਕੇ ਸਕੂਲ ਦੇ ਬਹੁਮੰਤਵੀ ਹਾਲ ਦੀ ਵੱਡੇ ਪੱਧਰ 'ਤੇ ਮੁਰੰਮਤ ਕਰਵਾਉਣ ਦੀ ਲੋੜ ਵੱਲ ਵਿਧਾਇਕ ਸ.ਗੁਰਦਿੱਤ ਸਿੰਘ ਸੇਖੋਂ ਦਾ ਵਿਸੇਸ ਧਿਆਨ ਦਿਵਾਇਆ ਅਤੇ ਇਸ ਨੂੰ ਵਿਦਿਆਰਥੀਆਂ ਦੀਆਂ ਸੱਭਿਆਚਾਰਕ, ਸਾਹਿਤਕ, ਖੇਡ ਅਤੇ ਹੋਰ ਸਿਰਜਣਾਤਮਕ ਗਤੀਵਿਧੀਆਂ ਲਈ ਹੋਰ ਵਧੀਆ ਬਣਾਉਣ ਵਾਸਤੇ ਸਹਿਯੋਗ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਇਹ ਪ੍ਰੋਜੈਕਟ ਵਿਧਾਇਕ ਸ. ਗੁਰਦਿੱਤ ਸਿੰਘ ਸੇਖੋਂ ਦੇ ਦਿਸਾ-ਨਿਰਦੇਸਾਂ, ਜਿਲ੍ਹਾ ਸਿੱਖਿਆ ਅਫਸਰ (ਸੈਕੰਡਰੀ ਸਿੱਖਿਆ) ਸ੍ਰੀਮਤੀ ਅੰਜਨਾ ਕੌਸਲ ਦੀ ਅਗਵਾਈ ਅਤੇ ਸੁਚੱਜੇ ਮਾਰਗਦਰਸਨ ਸਦਕਾ ਸਾਕਾਰ ਹੋਇਆ। ਅੰਤ ਵਿੱਚ ਸਕੂਲ ਇੰਚਾਰਜ ਸ੍ਰੀਮਤੀ ਹਰਪ੍ਰੀਤ ਕੌਰ ਨੇ ਮੁੱਖ ਮਹਿਮਾਨ ਵਿਧਾਇਕ ਸ. ਗੁਰਦਿੱਤ ਸਿੰਘ ਸੇਖੋਂ, ਉਨ੍ਹਾਂ ਦੀ ਸਮੁੱਚੀ ਟੀਮ, ਜਿਲ੍ਹਾ ਸਿੱਖਿਆ ਅਫਸਰ, ਸਕੂਲ ਪ੍ਰਬੰਧਕਾਂ, ਅਧਿਆਪਕਾਂ ਅਤੇ ਸਮੂਹ ਸਹਿਯੋਗੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਅਜਿਹੀਆਂ ਆਧੁਨਿਕ ਸਹੂਲਤਾਂ ਵਿਦਿਆਰਥੀਆਂ ਦੇ ਸੁਨਹਿਰੀ ਭਵਿੱਖ ਦੀ ਉਸਾਰੀ ਵਿੱਚ ਮੀਲ ਪੱਥਰ ਸਾਬਤ ਹੋਣਗੀਆਂ।ਇਹ ਅਤਿ-ਆਧੁਨਿਕ ਸਾਇੰਸ ਲੈਬ ਕੇਵਲ ਇੱਕ ਨਵੀਂ ਇਮਾਰਤੀ ਸਹੂਲਤ ਨਹੀਂ, ਸਗੋਂ ਵਿਦਿਆਰਥੀਆਂ ਅੰਦਰ ਵਿਗਿਆਨਕ ਦ੍ਰਿਸਟੀਕੋਣ, ਪ੍ਰਯੋਗਾਤਮਕ ਸਿੱਖਿਆ, ਨਵੀਨਤਮ ਖੋਜ ਅਤੇ ਨਵੀਆਂ ਕਾਢਾਂ ਦੀ ਭਾਵਨਾ ਵਿਕਸਿਤ ਕਰਨ ਵੱਲ ਇੱਕ ਮਹੱਤਵਪੂਰਨ ਕਦਮ ਹੈ। ਸਮਾਗਮ ਦੌਰਾਨ ਵਿਦਿਆਰਥੀਆਂ ਵੱਲੋਂ ਪੇਸ ਕੀਤੀਆਂ ਗਈਆਂ ਮਨਮੋਹਕ ਸੱਭਿਆਚਾਰਕ ਵੰਨਗੀਆਂ ਨੇ ਸਮਾਗਮ ਨੂੰ ਰੰਗਾਰੰਗ ਅਤੇ ਯਾਦਗਾਰੀ ਬਣਾ ਦਿੱਤਾ। ਇਸ ਤੋਂ ਇਲਾਵਾ ਸ. ਹਰਜਿੰਦਰ ਸਿੰਘ ਵੱਲੋਂ ਦਿੱਤਾ ਗਿਆ ਪ੍ਰਭਾਵਸਾਲੀ ਅਤੇ ਵਿਚਾਰ-ਉਤਸਾਹਕ ਭਾਸਣ ਵੀ ਵਿਸੇਸ ਖਿੱਚ ਦਾ ਕੇਂਦਰ ਰਿਹਾ।ਮੰਚ ਸੰਚਾਲਨ ਦੀ ਜਿੰਮੇਵਾਰੀ ਜਗਪ੍ਰੀਤ ਸਿੰਘ ਨੇ ਬਹੁਤ ਹੀ ਪ੍ਰਭਾਵਸਾਲੀ ਅਤੇ ਸੁਚੱਜੇ ਢੰਗ ਨਾਲ ਨਿਭਾਈ। ਇਸ ਮੌਕੇ ਸ. ਅਮਰਜੀਤ ਸਿੰਘ ਪਰਮਾਰ, ਸ. ਜਗਮੋਹਨ ਸਿੰਘ ਲੱਕੀ, ਸ. ਵਰਿੰਦਰਦੀਪ ਸਿੰਘ,ਸ. ਬਲਕਰਨ ਸਿੰਘ,ਹਰਪ੍ਰੀਤ ਕੌਰ, ਮਨਜੀਤ ਸਿੰਘ, ਹਰਜਿੰਦਰ ਸਿੰਘ, ਕੁਲਬੀਰ ਸਿੰਘ, ਅਮਰਜੀਤ ਕੌਰ,ਪੱਲੀ ਇਸ ਠਸਿੰਘ, ਵੀਰਪਾਲ ਕੌਰ, ਗੁਰਸੇਵਕ ਸਿੰਘ, ਜਗਮੀਤ ਸਿੰਘ, ਸੁਰਿੰਦਰ ਕੁਮਾਰ, ਜਲੰਧਰ ਸਿੰਘ, ਲਾਲ ਚੰਦ, ਸਵਿਤਾ ਰਾਣੀ, ਕਮਲਜੀਤ ਕੌਰ, ਬਲਜੀਤ ਸਿੰਘ, ਸਾਲਿਨੀ, ਪਰਮਿੰਦਰ ਪਾਲ, ਨਵਨੀਤ ਕੌਰ, ਬਲਜਿੰਦਰ ਕੌਰ, ਸ. ਗੁਰਸੇਵਕ ਸਿੰਘ ਹਾਜਰ ਸਨ।

ਵੀਰ ਕੇਸਰੀ
ਲੋਕਾਂ ਦੀ ਅਵਾਜ਼ ਸਰਕਾਰ ਤੱਕ

ਭਾਜਪਾ ਦੀਆਂ ਨੀਤੀਆਂ ਤੋਂ ਜਨਤਾ ਖੁਸ, ਦੇਸ ਤੇਜੀ ਨਾਲ ਕਰ ਰਿਹਾ ਵਿਕਾਸ : ਡਾ. ਸੰਜੀਵ ਗੋਇਲ



ਫਰੀਦਕੋਟ, 14 ਨਵੰਬਰ ((ਪ.ਪ) - ਭਾਜਪਾ ਦੇ ਸੰਭਾਵੀ ਉਮੀਦਵਾਰ ਅਤੇ ਅੱਖਾਂ ਦੇ ਮਾਹਿਰ ਡਾ. ਸੰਜੀਵ ਗੋਇਲ ਨੇ ਗੱਲਬਾਤ ਕਰਦਿਆਂ ਕਿਹਾ ਕਿ ਕੇਂਦਰ ਸਰਕਾਰ ਦੀਆਂ ਨੀਤੀਆਂ ਨਾਲ ਦੇਸ ਦੀ ਜਨਤਾ ਨੂੰ ਲਗਾਤਾਰ ਲਾਭ ਮਿਲ ਰਿਹਾ ਹੈ ਅਤੇ ਲੋਕਾਂ ਦਾ ਭਾਜਪਾ ਪ੍ਰਤੀ ਵਿਸਵਾਸ ਵੀ ਲਗਾਤਾਰ ਵਧ ਰਿਹਾ ਹੈ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਦੇਸ ਤੇਜੀ ਨਾਲ ਵਿਕਾਸ ਵੱਲ ਅੱਗੇ ਵਧ ਰਿਹਾ ਹੈ। ਭਾਜਪਾ ਸਰਕਾਰ ਵੱਲੋਂ ਗਰੀਬਾਂ, ਕਿਸਾਨਾਂ, ਔਰਤਾਂ, ਨੌਜਵਾਨਾਂ ਅਤੇ ਲੋੜਵੰਦ ਲੋਕਾਂ ਲਈ ਕਈ ਯੋਜਨਾਵਾਂ ਸੁਰੂ ਕੀਤੀਆਂ ਗਈਆਂ ਹਨ। ਇਨ੍ਹਾਂ ਯੋਜਨਾਵਾਂ ਦਾ ਲਾਭ ਸਮਾਜ ਦੇ ਹਰ ਵਰਗ ਤੱਕ ਪਹੁੰਚਾਉਣ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ ਡਾ. ਸੰਜੀਵ ਗੋਇਲ ਨੇ ਕਿਹਾ ਸੜਕਾਂ, ਰੇਲਵੇ, ਸਿੱਖਿਆ, ਸਿਹਤ ਅਤੇ ਡਿਜੀਟਲ ਸਹੂਲਤਾਂ ਦੇ ਖੇਤਰ ਵਿੱਚ ਵੀ ਲਗਾਤਾਰ ਸੁਧਾਰ ਹੋ ਰਿਹਾ ਹੈ। ਭਾਜਪਾ ਦਾ ਉਦੇਸ ਸਿਰਫ ਸੱਤਾ ਹਾਸਲ ਕਰਨਾ ਨਹੀਂ, ਸਗੋਂ ਦੇਸ ਅਤੇ ਸਮਾਜ ਦੀ ਸੇਵਾ ਕਰਨਾ ਹੈ। ਉਨ੍ਹਾਂ ਕਿਹਾ ਕਿ ਪਾਰਟੀ 'ਸਭ ਦਾ ਸਾਥ, ਸਭ ਦਾ ਵਿਕਾਸ' ਦੀ ਸੋਚ ਨਾਲ ਕੰਮ ਕਰ ਰਹੀ ਹੈ। ਜਨਤਾ ਹੁਣ ਵਿਕਾਸ ਅਤੇ ਲੋਕ ਭਲਾਈ ਦੇ ਕੰਮਾਂ ਨੂੰ ਦੇਖਦਿਆਂ ਭਾਜਪਾ ਦੀਆਂ ਨੀਤੀਆਂ ਤੋਂ ਪ੍ਰਭਾਵਿਤ ਹੋ ਰਹੀ ਹੈ।

ਵੀਰ ਕੇਸਰੀ
ਲੋਕਾਂ ਦੀ ਅਵਾਜ਼ ਸਰਕਾਰ ਤੱਕ

ਦਸ਼ਮੇਸ਼ ਯੂਥ ਕਲੱਬ ਵੱਲੋਂ ਬਲਾਕ ਪੱਧਰੀ ਸਪੋਰਟਸ ਟੂਰਨਾਮੈਂਟ ਕਰਵਾਇਆ



ਮੱਖੂ, 14 ਨਵੰਬਰ (ਪ.ਪ) - ਮੇਰਾ ਯੁਵਾ ਭਾਰਤ ਫਿਰੋਜ਼ਪੁਰ ਦੇ ਸਾਹਿਯੋਗ ਨਾਲ ਜਿਲ੍ਹਾ ਯੂਥ ਅਫਸਰ ਮੈਡਮ ਮਨੀਸ਼ਾ ਰਾਣੀ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਦਸ਼ਮੇਸ਼ ਯੂਥ ਕਲੱਬ ਫੇਮੀਵਾਲਾ ਵੱਲੋਂ ਪੀ. ਐਮ. ਸਰਕਾਰੀ ਸੀਨੀਅਰ ਸਕੈਡਰੀ ਸਕੂਲ ਬਹਿਕ ਗੁਜਰਾਂ ਵਿਖੇ ਨਸ਼ਾ ਮੁਕਤੀ ਯੂਵਾ ਵਿਕਸਤ ਭਾਰਤ ਅਭਿਆਨ ਤਹਿਤ ਬਲਾਕ ਪੱਧਰੀ ਸਪੋਰਟਸ ਟੂਰਨਾਮੈਂਟ ਕਰਵਾਇਆ ਗਿਆ। ਇਸ ਮੌਕੇ ਪ੍ਰਿੰਸੀਪਲ ਸੁਖਵਿੰਦਰ ਸਿੰਘ ਵੱਲੋਂ ਮੁੱਖ ਮਹਿਮਨ ਵਜੋਂ ਸ਼ਿਰਕਤ ਕੀਤੀ। ਇਸ ਸਪੋਰਟਸ ਟੂਰਨਾਮੈਂਟ ਵਿੱਚ 155 ਦੇ ਕਰੀਬ ਖਿਡਾਰੀਆਂ ਨੇ ਭਾਗ ਲਿਆ। ਜਿਸ ਵਿੱਚ ਲੜਕਿਆਂ ਲੜਕੀਆਂ ਦੇ ਵਾਲੀਵਾਲ, ਦੌੜਾਂ, ਗੋਲਾ ਸੁੱਟਣਾ, ਰੱਸਾ ਕੱਸੀ ਆਦਿ ਮੁਕਾਬਲੇ ਕਰਵਾਏ ਗਏ। ਇਸ ਮੌਕੇ ਪ੍ਰਿੰਸੀਪਲ ਸੁਖਵਿੰਦਰ ਸਿੰਘ ਵੱਲੋਂ ਮੇਰਾ ਯੁਵਾ ਭਾਰਤ ਫਿਰੋਜ਼ਪੁਰ ਵੱਲੋਂ ਕਰਵਾਏ ਜਾ ਰਹੇ ਬਲਾਕ ਪੱਧਰੀ ਸਪੋਰਟਸ ਟੂਰਨਾਮੈਂਟ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਸ ਤਰ੍ਹਾਂ ਦੇ ਸਪੋਰਟਸ ਟੂਰਨਾਮੈਂਟ ਨਾਲ ਨੌਜਵਾਨਾਂ 'ਚ ਖੇਡਾਂ ਪ੍ਰਤੀ ਉਤਸ਼ਾਹ ਵੱਧਦਾ ਹੈ। ਬਲਾਕ ਪ੍ਰਧਾਨ ਹਰਦਵਿੰਦਰ ਸਿੰਘ ਵੱਲੋਂ ਨੌਜਵਾਨਾਂ ਨੂੰ ਖੇਡਾਂ ਵਿੱਚ ਭਾਗ ਲੈਣ ਲਈ ਪ੍ਰੇਰਿਤ ਕੀਤਾ। ਸਾਇੰਸ ਲੈਕਚਰਾਰ ਵੱਲੋਂ ਨੌਜਵਾਨਾਂ ਨੂੰ ਨਸ਼ਿਆਂ ਅਤੇ ਸਮਾਜਿਕ ਬੁਰਾਈਆਂ ਤੋਂ ਦੂਰ ਰਹਿਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਡੀ. ਪੀ. ਮਾਸਟਰ ਸੁਖਰਾਜ ਸਿੰਘ ਵੱਲੋਂ ਰੈਫਰੀ ਦੀ ਭੂਮਿਕਾ ਬਹੁਤ ਸੁਚੱਜੇ ਢੰਗ ਨਾਲ ਨਿਭਾਈ ਗਈ। ਬਲਾਕ ਪੱਧਰੀ ਕਰਵਾਏ ਸਪੋਰਟਸ ਟੂਰਨਾਮੈਂਟ 'ਚ ਪਹਿਲਾਂ, ਦੂਜਾ ਅਤੇ ਤੀਜਾ ਸਥਾਨ ਪ੍ਰਾਪਤ ਕਰਨ ਵਾਲੇ ਖਿਡਾਰੀਆਂ ਨੂੰ ਮੈਡਲ ਦੇ ਕੇ ਸਨਮਾਨਿਤ ਕੀਤਾ ਗਿਆ। ਬਲਾਕ ਪੱਧਰੀ ਸਪੋਰਟਸ ਟੂਰਨਾਮੈਂਟ ਨੂੰ ਸਫਲ ਬਣਾਉਣ ਵਿੱਚ ਮੈਡਮ ਅਰਚਨਾ, ਪੰਜਾਬੀ ਲੈਕਚਰਾਰ ਗੁਰਪ੍ਰੀਤ ਸਿੰਘ, ਸਕੂਲ ਸਟਾਫ ਅਤੇ ਵਿਦਿਆਰਥੀਆਂ ਦਾ ਵਿਸ਼ੇਸ਼ ਸਾਹਿਯੋਗ ਰਿਹਾ

ਵੀਰ ਕੇਸਰੀ
ਲੋਕਾਂ ਦੀ ਅਵਾਜ਼ ਸਰਕਾਰ ਤੱਕ

ਜੈਤੋ ਸਹਾਰਾ ਕਲੱਬ ਐਨਜੀਓ ਬਣੀ ਲੋੜਵੰਦਾਂ ਲਈ ਉਮੀਦ ਦੀ ਕਿਰਨ, ਸਮਾਜ ਸੇਵੀ ਸੰਦੀਪ ਲੂੰਬਾ ਦੀ ਅਗਵਾਈ ਹੇਠ ਮਨੁੱਖਤਾ ਦੀ ਸੇਵਾ ਜਾਰੀ

ਭੋਜਨ ਵੰਡਣ ਤੋਂ ਲੈ ਕੇ ਐਮਰਜੈਂਸੀ ਖੂਨ, ਹਾਦਸਾਗ੍ਰਸਤਾਂ ਦੀ ਮਦਦ, ਸਿੱਖਿਆ ਅਤੇ ਵਾਤਾਵਰਨ ਦੀ ਸੰਭਾਲ ਤੱਕ ਨਿਭਾਈਆਂ ਜਾ ਰਹੀਆਂ ਹਨ ਅਨੇਕਾਂ ਸੇਵਾਵਾਂ



ਜੈਤੋ, 14 ਨਵੰਬਰ (ਪ.ਪ) - ਸਮਾਜ ਵਿੱਚ ਬਹੁਤ ਸਾਰੇ ਲੋਕ ਅਜਿਹੇ ਹਨ ਜੋ ਆਪਣੀ ਜਿੰਦਗੀ ਦੇ ਨਾਲ-ਨਾਲ ਦੂਜਿਆਂ ਦੇ ਦੁੱਖਾਂ ਨੂੰ ਵੀ ਆਪਣਾ ਸਮਝਦੇ ਹਨ। ਅਜਿਹੀ ਹੀ ਇੱਕ ਮਿਸਾਲ ਜੈਤੋ ਦੇ ਸਮਾਜ ਸੇਵੀ ਸੰਦੀਪ ਲੂੰਬਾ ਵੱਲੋਂ ਪੇਸ ਕੀਤੀ ਜਾ ਰਹੀ ਹੈ, ਜੋ ਜੈਤੋ ਸਹਾਰਾ ਕਲੱਬ ਐਨਜੀਓ ਦੇ ਸਰਪ੍ਰਸਤ ਵਜੋਂ ਆਪਣੀ ਪੂਰੀ ਟੀਮ ਅਤੇ ਸਹਿਯੋਗੀਆਂ ਦੇ ਨਾਲ ਲੰਮੇ ਸਮੇਂ ਤੋਂ ਸਮਾਜ ਸੇਵਾ ਦੇ ਕਾਰਜਾਂ ਵਿੱਚ ਸਰਗਰਮ ਹਨ। ਸੰਸਥਾ ਵੱਲੋਂ ਸਮਾਜ ਦੇ ਗਰੀਬ, ਬੇਸਹਾਰਾ ਅਤੇ ਲੋੜਵੰਦ ਪਰਿਵਾਰਾਂ ਦੀ ਮਦਦ ਨੂੰ ਪਹਿਲ ਦਿੱਤੀ ਜਾਂਦੀ ਹੈ। ਹਰ ਮਹੀਨੇ ਲੋੜਵੰਦ ਬਸਤੀਆਂ ਵਿੱਚ ਰਹਿਣ ਵਾਲੇ ਲੋਕਾਂ ਲਈ ਭੋਜਨ ਤਿਆਰ ਕਰਕੇ ਟੀਮ ਵੱਲੋਂ ਗਲੀਆਂ ਅਤੇ ਬਸਤੀਆਂ ਵਿੱਚ ਘਰ-ਘਰ ਪਹੁੰਚਾਇਆ ਜਾਂਦਾ ਹੈ। ਸਰਦੀਆਂ ਦੇ ਮੌਸਮ ਵਿੱਚ ਸਹਿਰ ਦੀਆਂ ਗਰੀਬ ਬਸਤੀਆਂ ਅਤੇ ਝੁੱਗੀਆਂ-ਝੌਂਪੜੀਆਂ ਵਿੱਚ ਰਹਿਣ ਵਾਲੇ ਪਰਿਵਾਰਾਂ ਨੂੰ ਗਰਮ ਕੱਪੜੇ, ਕੰਬਲ, ਬੂਟ ਅਤੇ ਜੁਰਾਬਾਂ ਵੰਡੀਆਂ ਜਾਂਦੀਆਂ ਹਨ। ਇਸ ਦੇ ਨਾਲ ਹੀ ਸਿੱਖਿਆ ਦੇ ਖੇਤਰ ਵਿੱਚ ਵੀ ਸੰਸਥਾ ਵੱਲੋਂ ਵਿਸੇਸ ਉਪਰਾਲੇ ਕੀਤੇ ਜਾਂਦੇ ਹਨ। ਆਰਥਿਕ ਤੌਰ 'ਤੇ ਕਮਜੋਰ ਪਰ ਪੜ੍ਹਾਈ ਵਿੱਚ ਮਿਹਨਤੀ ਅਤੇ ਹੋਣਹਾਰ ਬੱਚਿਆਂ ਦੀ ਪਛਾਣ ਕਰਕੇ ਉਨ੍ਹਾਂ ਨੂੰ ਨਵੇਂ ਸਕੂਲ ਬੈਗ, ਕਾਪੀਆਂ ਅਤੇ ਹੋਰ ਜਰੂਰੀ ਸਟੇਸਨਰੀ ਮੁਹੱਈਆ ਕਰਵਾਈ ਜਾਂਦੀ ਹੈ, ਤਾਂ ਜੋ ਆਰਥਿਕ ਤੰਗੀ ਕਿਸੇ ਬੱਚੇ ਦੀ ਪੜ੍ਹਾਈ ਵਿੱਚ ਰੁਕਾਵਟ ਨਾ ਬਣੇ। ਮਨੁੱਖੀ ਜਿੰਦਗੀਆਂ ਬਚਾਉਣ ਦੇ ਮਾਮਲੇ ਵਿੱਚ ਵੀ ਸੰਦੀਪ ਲੂੰਬਾ ਹਮੇਸਾ ਤਤਪਰ ਰਹਿੰਦੇ ਹਨ। ਜਦੋਂ ਵੀ ਕਿਸੇ ਸਹਿਰ ਵਾਸੀ ਨੂੰ ਐਮਰਜੈਂਸੀ ਵਿੱਚ ਖੂਨ ਦੀ ਲੋੜ ਪੈਂਦੀ ਹੈ ਤਾਂ ਖੂਨਦਾਨੀਆਂ ਨਾਲ ਸੰਪਰਕ ਕਰਕੇ ਲੋੜਵੰਦ ਦੀ ਮਦਦ ਕਰਨ ਦਾ ਉਪਰਾਲਾ ਕੀਤਾ ਜਾਂਦਾ ਹੈ। ਸਮਾਜ ਸੇਵੀ ਸੰਦੀਪ ਲੂੰਬਾ ਦੁਆਰਾ ਹੁਣ ਤੱਕ ਆਪ ਵੀ 25 ਤੋਂ ਜਿਆਦਾ ਵਾਰ ਥੈਲੀਸੀਮੀਆਂ ਦੇ ਬੱਚਿਆਂ ਲਈ ਅਤੇ ਐਮਰਜੈਂਸੀ ਮਰੀਜਾਂ ਲਈ ਖੂਨਦਾਨ ਕੀਤਾ ਜਾ ਚੁੱਕਾ ਹੈ।ਇਸ ਤੋਂ ਇਲਾਵਾ ਸੜਕ ਹਾਦਸਿਆਂ ਵਿੱਚ ਜਖਮੀ ਹੋਏ ਵਿਅਕਤੀਆਂ ਨੂੰ ਤੁਰੰਤ ਮੁੱਢਲੀ ਸਹਾਇਤਾ ਅਤੇ ਇਲਾਜ ਲਈ ਆਪਣੀ ਐਂਬੂਲੈਂਸ ਰਾਹੀਂ ਹਸਪਤਾਲ ਪਹੁੰਚਾਉਣ ਦੀ ਸੇਵਾ ਵੀ ਨਿਭਾਈ ਜਾਂਦੀ ਹੈ। ਵਾਤਾਵਰਨ ਦੀ ਸੰਭਾਲ ਲਈ ਵੀ ਜੈਤੋ ਸਹਾਰਾ ਕਲੱਬ ਦੀ ਟੀਮ ਸਮੇਂ-ਸਮੇਂ 'ਤੇ ਸਹਿਰ ਦੀਆਂ ਵੱਖ-ਵੱਖ ਥਾਵਾਂ 'ਤੇ ਪੌਦੇ ਲਗਾਉਣ ਦੀ ਮੁਹਿੰਮ ਚਲਾਉਂਦੀ ਹੈ। ਇਸ ਦੇ ਨਾਲ ਹੀ ਸਹਿਰ ਦੇ ਗਲੀ-ਮੁਹੱਲਿਆਂ ਵਿੱਚ ਕੂੜਾ-ਕਰਕਟ, ਨਾਲੀਆਂ ਅਤੇ ਨਾਲਿਆਂ ਦੀ ਸਫਾਈ ਵਰਗੀਆਂ ਬੁਨਿਆਦੀ ਸਮੱਸਿਆਵਾਂ ਨੂੰ ਪ੍ਰਸਾਸਨ ਦੇ ਧਿਆਨ ਵਿੱਚ ਲਿਆ ਕੇ ਉਨ੍ਹਾਂ ਦਾ ਹੱਲ ਕਰਵਾਉਣ

ਸੀ.ਐਚ.ਸੀ. ਚੀਮਾ ਵਿਖੇ ਵਿਸ਼ਵ ਡਾਇਬਟੀਜ਼ ਦਿਵਸ ਮਨਾਇਆ



ਚੀਮਾ ਮੰਡੀ 14 ਨਵੰਬਰ (ਪ.ਪ) - ਸਿਹਤ ਵਿਭਾਗ ਪੰਜਾਬ ਦੇ ਦਿਸਾ ਨਿਰਦੇਸਾਂ ਤਹਿਤ ਸੀ.ਐਚ.ਸੀ. ਚੀਮਾ ਵਿਖੇ ਵਿਸਵ ਡਾਇਬਟੀਜ ਦਿਵਸ ਮੌਕੇ ਸਿਹਤ ਵਿਭਾਗ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਵੱਲੋਂ ਲੋਕਾਂ ਨੂੰ ਸੂਗਰ (ਡਾਇਬਟੀਜ) ਦੀ ਬਿਮਾਰੀ ਦੇ ਕਾਰਨਾਂ,ਲੱਛਣਾਂ,ਬਚਾਅ ਅਤੇ ਇਲਾਜ ਸਬੰਧੀ ਜਾਣਕਾਰੀ ਦਿੱਤੀ।ਡਾ.ਨਵਦੀਪ ਸਿੰਘ ਨੇ ਦੱਸਿਆ ਕਿ ਡਾਇਬਟੀਜ ਇੱਕ ਗੰਭੀਰ ਪਰੰਤੂ ਨਿਯੰਤਰਣਯੋਗ ਬਿਮਾਰੀ ਹੈ।ਇਸ ਤੋਂ ਬਚਾਅ ਲਈ ਸੰਤੁਲਿਤ ਖੁਰਾਕ,ਰੋਜਾਨਾ ਕਸਰਤ,ਸੈਰ,ਸਰੀਰਕ ਭਾਰ ਨੂੰ ਕੰਟਰੋਲ ਵਿੱਚ ਰੱਖਣਾ ਅਤੇ ਸਮੇਂ-ਸਮੇਂ ਸਿਰ ਬਲੱਡ ਸੂਗਰ ਦੀ ਜਾਂਚ ਕਰਵਾਉਣਾ ਬਹੁਤ ਜਰੂਰੀ ਹੈ।ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਬਿਮਾਰੀ ਦੇ ਲੱਛਣ ਦਿਖਾਈ ਦੇਣ 'ਤੇ ਤੁਰੰਤ ਡਾਕਟਰੀ ਸਲਾਹ ਲੈਣ ਅਤੇ ਡਾਕਟਰ ਵੱਲੋਂ ਦਿੱਤੀਆਂ ਹਦਾਇਤਾਂ ਦੀ ਪਾਲਣਾ ਕਰਨ।ਇਸ ਮੌਕੇ ਲੋਕਾਂ ਨੂੰ ਸਿਹਤਮੰਦ ਜੀਵਨਸੈਲੀ ਅਪਣਾਉਣ ਅਤੇ ਡਾਇਬਟੀਜ ਸਬੰਧੀ ਜਾਗਰੂਕਤਾ ਫੈਲਾਉਣ ਦਾ ਸੰਦੇਸ ਦਿੱਤਾ।ਸਟਾਫ ਨਰਸ ਮਨੀਸਾ ਨੇ ਕਿਹਾ ਕਿ ਡਾਇਬਟੀਜ ਦੇ ਸੁਰੂਆਤੀ ਪੜਾਅ ਵਿੱਚ ਕਈ ਵਾਰ ਮਰੀਜ ਨੂੰ ਕੋਈ ਖਾਸ ਲੱਛਣ ਮਹਿਸੂਸ ਨਹੀਂ ਹੁੰਦੇ।ਇਸ ਲਈ ਹਰ ਵਿਅਕਤੀ,ਖਾਸ ਕਰਕੇ 30 ਸਾਲ ਤੋਂ ਵੱਧ ਉਮਰ ਦੇ ਲੋਕਾਂ ਅਤੇ ਜਿਨ੍ਹਾਂ ਦੇ ਪਰਿਵਾਰ ਵਿੱਚ ਸੂਗਰ ਦੀ ਬਿਮਾਰੀ ਦਾ ਇਤਿਹਾਸ ਹੈ,ਨੂੰ ਸਮੇਂ-ਸਮੇਂ 'ਤੇ ਆਪਣੀ ਬਲੱਡ ਸੂਗਰ ਦੀ ਜਾਂਚ ਕਰਵਾਉਣੀ ਚਾਹੀਦੀ ਹੈ।ਵਾਰ-ਵਾਰ ਪਿਆਸ ਲੱਗਣਾ, ਜਿਆਦਾ ਪਿਸਾਬ ਆਉਣਾ,ਬਿਨਾਂ ਕਾਰਨ ਭਾਰ ਘਟਣਾ, ਥਕਾਵਟ ਮਹਿਸੂਸ ਹੋਣਾ ਅਤੇ ਜਖਮਾਂ ਦਾ ਦੇਰ ਨਾਲ ਠੀਕ ਹੋਣਾ ਡਾਇਬਟੀਜ ਦੇ ਸੰਭਾਵਿਤ ਲੱਛਣ ਹੋ ਸਕਦੇ ਹਨ।

ਵੀਰ ਕੇਸਰੀ
ਲੋਕਾਂ ਦੀ ਅਵਾਜ਼ ਸਰਕਾਰ ਤੱਕ

ਭਾ.ਕੇ.ਯੂ. ਲੱਖੋਵਾਲ ਦੀ ਮਹੀਨਾਵਾਰ ਮੀਟਿੰਗ

26 ਨੂੰ ਬਠਿੰਡਾ ਵਿਖੇ ਹੋਣ ਵਾਲੀ ਕਿਸਾਨ ਰੈਲੀ ਵਿੱਚ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰੇਗੀ : ਦੌਲਤਪੁਰਾ

ਝੋਨੇ ਦੀ ਸਰਕਾਰੀ ਖਰੀਦ ਬੰਦ ਕਰਨ ਦਾ ਫੈਸਲਾ ਕਿਸਾਨਾਂ ਨਾਲ ਧੱਕਾ, ਸਰਕਾਰ ਤੁਰੰਤ ਖਰੀਦ ਮੁੜ ਸ਼ੁਰੂ ਕਰੇ : ਕਿਸਾਨ ਆਗੂ



ਮੋਗਾ, 14 ਨਵੰਬਰ (ਪ.ਪ) - ਭਾਰਤੀ ਕਿਸਾਨ ਯੂਨੀਅਨ ਲੱਖੋਵਾਲ (ਰਜਿ. 283) ਜਿਲ੍ਹਾ ਮੋਗਾ ਦੀ ਮਹੀਨਾਵਾਰ ਮੀਟਿੰਗ ਜਿਲ੍ਹਾ ਪ੍ਰਧਾਨ ਸ. ਭੁਪਿੰਦਰ ਸਿੰਘ ਦੌਲਤਪੁਰਾ ਦੀ ਅਗਵਾਈ ਹੇਠ ਜਿਲ੍ਹਾ ਦਫਤਰ ਵਿਖੇ ਹੋਈ। ਮੀਟਿੰਗ ਦੀ ਕਾਰਵਾਈ ਜਿਲ੍ਹਾ ਜਨਰਲ ਸਕੱਤਰ ਸ. ਰਵਿੰਦਰ ਸਿੰਘ ਭੋਲਾ ਵੱਲੋਂ ਚਲਾਈ ਗਈ। ਇਸ ਮੌਕੇ ਸੂਬਾ ਮੀਤ ਪ੍ਰਧਾਨ ਭੁਪਿੰਦਰ ਸਿੰਘ ਮਹੇਸਰੀ, ਸੂਬਾ ਆਗੂ ਸ. ਮੋਹਨ ਸਿੰਘ ਜੀਂਦੜਾ, ਸੂਬਾ ਆਗੂ ਸ. ਸੁਰਤ ਸਿੰਘ ਕਾਦਰਵਾਲਾ,ਸੂਬਾ ਆਗੂ ਗੁਰਬਚਨ ਸਿੰਘ ਚੰਨੂਵਾਲਾ, ਅਨੁਸਾਸਨੀ ਕਮੇਟੀ ਮੈਂਬਰ ਇਕਬਾਲ ਸਿੰਘ ਸਾਬਕਾ ਸਰਪੰਚ ਗਲੋਟੀ, ਅਨੁਸਾਸ਼ਨੀ ਕਮੇਟੀ ਮੈਂਬਰ ਸ. ਹਰਜੀਤ ਸਿੰਘ ਮਨਾਵਾ ਵਿਸੇਸ ਤੌਰ 'ਤੇ ਸਾਮਲ ਹੋਏ। ਇਸ ਤੋਂ ਇਲਾਵਾ ਜਿਲ੍ਹਾ ਅਤੇ ਬਲਾਕ ਪੱਧਰੀ ਅਹੁਦੇਦਾਰਾਂ ਸਮੇਤ ਵੱਡੀ ਗਿਣਤੀ ਵਿੱਚ ਕਿਸਾਨਾਂ ਨੇ ਸਮੂਲੀਅਤ ਕੀਤੀ। ਮੀਟਿੰਗ ਦੌਰਾਨ ਸੂਬਾ ਆਗੂਆਂ ਨੇ ਕਿਸਾਨੀ ਦੇ ਮੌਜੂਦਾ ਹਾਲਾਤਾਂ, ਕਿਸਾਨਾਂ ਦੀਆਂ ਹੱਕੀ ਮੰਗਾਂ ਅਤੇ ਜਥੇਬੰਦੀ ਦੀ ਮਜਬੂਤੀ ਸਬੰਧੀ ਆਪਣੇ ਵਿਚਾਰ ਸਾਂਝੇ ਕੀਤੇ। ਉਨ੍ਹਾਂ ਕਿਹਾ ਕਿ ਕਿਸਾਨੀ ਦੇ ਹੱਕਾਂ ਦੀ ਰਾਖੀ ਲਈ ਸਮੂਹ ਕਿਸਾਨਾਂ ਨੂੰ ਜਾਤ-ਪਾਤ ਅਤੇ ਸਿਆਸੀ ਵਖਰੇਵਿਆਂ ਤੋਂ ਉੱਪਰ ਉੱਠ ਕੇ ਇਕਜੁੱਟ ਹੋਣਾ ਚਾਹੀਦਾ ਹੈ ਅਤੇ ਜਥੇਬੰਦਕ ਸੰਘਰਸਾਂ ਵਿੱਚ ਵੱਧ-ਚੜ੍ਹ ਕੇ ਹਿੱਸਾ ਲੈਣਾ ਚਾਹੀਦਾ ਹੈ। ਮੀਟਿੰਗ ਦੌਰਾਨ ਸੰਯੁਕਤ ਕਿਸਾਨ ਮੋਰਚੇ ਵੱਲੋਂ ਪੰਜਾਬ ਵਿੱਚ ਕੀਤੀਆਂ ਜਾਣ ਵਾਲੀਆਂ ਚਾਰ ਕਿਸਾਨ ਰੈਲੀਆਂ ਸਬੰਧੀ ਵਿਚਾਰ-ਚਰਚਾ ਕਰਦਿਆਂ ਮਤਾ ਪਾਸ ਕੀਤਾ ਗਿਆ ਕਿ 26 ਨਵੰਬਰ ਨੂੰ ਬਠਿੰਡਾ ਵਿਖੇ ਹੋਣ ਵਾਲੀ ਕਿਸਾਨ ਰੈਲੀ ਵਿੱਚ ਜਿਲ੍ਹਾ ਮੋਗਾ ਵੱਲੋਂ ਵੱਡੀ ਗਿਣਤੀ ਵਿੱਚ ਕਿਸਾਨ ਸਮੂਲੀਅਤ ਕਰਨਗੇ। ਆਗੂਆਂ ਨੇ ਕਿਹਾ ਕਿ ਕਿਸਾਨਾਂ ਦੇ ਹੱਕਾਂ ਅਤੇ ਹੱਕੀ ਮੰਗਾਂ ਦੀ ਪ੍ਰਾਪਤੀ ਲਈ ਸੰਘਰਸ ਨੂੰ ਹੋਰ ਮਜਬੂਤ ਕਰਨ ਵਾਸਤੇ ਅਜਿਹੀਆਂ ਰੈਲੀਆਂ ਵਿੱਚ ਵੱਧ-ਚੜ੍ਹ ਕੇ ਹਿੱਸਾ ਲੈਣਾ ਸਮੇਂ ਦੀ ਮੁੱਖ ਲੋੜ ਹੈ। ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਵੱਲੋਂ ਇਸ ਰੈਲੀ ਵਿੱਚ ਜਥੇਬੰਦਕ ਤੌਰ 'ਤੇ ਪੂਰਾ ਸਹਿਯੋਗ ਦਿੱਤਾ ਜਾਵੇਗਾ ਅਤੇ ਕਿਸਾਨਾਂ ਦੀ ਵੱਧ ਤੋਂ ਵੱਧ ਸਮੂਲੀਅਤ ਯਕੀਨੀ ਬਣਾਈ ਜਾਵੇਗੀ। ਮੀਟਿੰਗ ਵਿੱਚ ਪੰਜਾਬ ਸਰਕਾਰ ਵੱਲੋਂ ਝੋਨੇ ਦੀ ਸਰਕਾਰੀ ਖਰੀਦ ਬੰਦ ਕਰਨ ਦੇ ਫੈਸਲੇ ਦੀ ਸਖਤ ਨਿਖੇਧੀ ਕਰਦਿਆਂ ਮੰਗ ਕੀਤੀ ਗਈ ਕਿ ਝੋਨੇ ਦੀ ਖਰੀਦ ਤੁਰੰਤ ਮੁੜ ਸ਼ੁਰੂ ਕੀਤੀ ਜਾਵੇ। ਕਿਸਾਨ ਆਗੂਆਂ ਨੇ ਕਿਹਾ ਕਿ ਅਜੇ ਵੀ ਲਗਭਗ 10 ਫੀਸਦੀ ਝੋਨੇ ਦੀ ਫਸਲ ਮੰਡੀਆਂ ਵਿੱਚ ਵਿਕਣ ਲਈ ਆਉਣੀ ਬਾਕੀ ਹੈ। ਅਜਿਹੇ ਸਮੇਂ ਸਰਕਾਰੀ ਖਰੀਦ ਬੰਦ ਕਰਨਾ ਕਿਸਾਨਾਂ ਨੂੰ ਆਰਥਿਕ ਨੁਕਸਾਨ ਵੱਲ ਧੱਕਣ ਦੇ ਬਰਾਬਰ ਹੈ। ਆਗੂਆਂ ਨੇ ਕਿਹਾ ਕਿ ਸਰਕਾਰੀ ਖਰੀਦ ਬੰਦ ਹੋਣ ਨਾਲ ਕਿਸਾਨਾਂ ਨੂੰ ਆਪਣੀ ਪੁੱਤਾਂ ਵਾਂਗ ਪਾਲੀ ਫਸਲ ਨਿੱਜੀ ਵਪਾਰੀਆਂ ਕੋਲ ਘੱਟ ਭਾਅ 'ਤੇ ਵੇਚਣ ਲਈ ਮਜਬੂਰ ਹੋਣਾ ਪੈ ਸਕਦਾ ਹੈ, ਜਿਸ ਨਾਲ ਕਿਸਾਨਾਂ ਦੀ ਆਰਥਿਕ ਲੁੱਟ ਹੋਣ ਦਾ ਖਦਸਾ ਹੈ। ਕਿਸਾਨ ਪਹਿਲਾਂ ਹੀ ਮਹਿੰਗੀ ਖੇਤੀ, ਵਧ ਰਹੇ ਖਰਚਿਆਂ ਅਤੇ ਕਰਜੇ ਦੀ ਮਾਰ ਝੱਲ ਰਹੇ ਹਨ। ਇਸ ਲਈ ਸਰਕਾਰ ਨੂੰ ਕਿਸਾਨਾਂ ਦੀਆਂ ਮੁਸਕਲਾਂ ਨੂੰ ਸਮਝਦਿਆਂ ਝੋਨੇ ਦੀ ਸਰਕਾਰੀ ਖਰੀਦ ਨਿਰਵਿਘਨ ਜਾਰੀ ਰੱਖਣੀ ਚਾਹੀਦੀ ਹੈ ਅਤੇ ਮੰਡੀਆਂ ਵਿੱਚ ਆਉਣ ਵਾਲੇ ਹਰ ਦਾਣੇ ਦੀ ਨਿਰਧਾਰਤ ਘੱਟੋ-ਘੱਟ ਸਮਰਥਨ ਮੁੱਲ 'ਤੇ ਖਰੀਦ ਯਕੀਨੀ ਬਣਾਉਣੀ ਚਾਹੀਦੀ ਹੈ। ਕਿਸਾਨ ਆਗੂਆਂ ਨੇ ਪੰਜਾਬ ਸਰਕਾਰ ਨੂੰ ਅਪੀਲ ਕੀਤੀ ਕਿ ਕਿਸਾਨਾਂ ਦੇ ਹਿੱਤਾਂ ਨਾਲ ਜੁੜੇ ਫੈਸਲੇ ਲੈਣ ਸਮੇਂ ਜਮੀਨੀ ਹਕੀਕਤਾਂ ਨੂੰ ਧਿਆਨ ਵਿੱਚ ਰੱਖਿਆ ਜਾਵੇ, ਕਿਉਂਕਿ ਕਿਸਾਨੀ ਦੀ ਆਰਥਿਕਤਾ ਨਾਲ ਹੀ ਪੰਜਾਬ ਦੀ ਸਮੁੱਚੀ ਆਰਥਿਕਤਾ ਜੁੜੀ ਹੋਈ ਹੈ। ਜਥੇਬੰਦੀ ਨੇ ਸਪੱਸਟ ਕੀਤਾ ਕਿ ਕਿਸਾਨਾਂ ਦੇ ਹੱਕਾਂ ਦੀ ਰਾਖੀ ਲਈ ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਹਰ ਪੱਧਰ 'ਤੇ ਸੰਘਰਸ ਜਾਰੀ ਰੱਖੇਗੀ। ਇਸ ਮੌਕੇ ਬਲਾਕ ਪ੍ਰਧਾਨ ਜਸਵੰਤ ਸਿੰਘ ਪੰਡੋਰੀ,ਬਲਾਕ ਪ੍ਰਧਾਨ ਸੁਖਵੀਤ ਸਿੰਘ ਤਖਾਣਵੱਧ, ਮੇਜਰ ਸਿੰਘ ਬਾਘਾ ਪੁਰਾਣਾ ਬਲਾਕ ਜਨਰਲ ਸਕੱਤਰ, ਬੰਤ ਸਿੰਘ ਨਿਧਾਵਾਲਾ ਬਲਾਕ ਜਨਰਲ ਸਕੱਤਰ, ਜਿਲ੍ਹਾ ਮੀਤ ਪ੍ਰਧਾਨ ਜਗਸੀਰ ਸਿੰਘ ਜੱਗੀ ਬਾਘਾ ਪੁਰਾਣਾ, ਮੀਤ ਪ੍ਰਧਾਨ ਪ੍ਰੇਮ ਲਾਲਪੁਰੀ ਦੌਲਤਪੁਰਾ, ਹਰਮਨਪ੍ਰੀਤ ਸਿੰਘ ਦਫਤਰ ਇੰਚਾਰਜ, ਮੀਤ ਪ੍ਰਧਾਨ ਸੁਖਵੰਤ ਸਿੰਘ ਖੋਟੇ, ਸੁਖਦੀਪ ਸਿੰਘ ਦਾਰਾਪੁਰ, ਮੀਤ ਪ੍ਰਧਾਨ ਲਖਵੀਰ ਸਿੰਘ ਸਾਬਕਾ ਸਰਪੰਚ ਸੰਧੂਆਣਾ, ਸਾਬਕਾ ਸਰਪੰਚ ਮੋਦਨ ਸਿੰਘ ਨਿਧਾਵਾਲਾ, ਨਿਰਮਲ ਸਿੰਘ ਮੰਜਗੜ੍ਹ,ਕੁਲਵਿੰਦਰ ਸਿੰਘ, ਬਲਜੀਤ ਸਿੰਘ, ਵਰਖਾ ਸਿੰਘ, ਰਾਮ ਸਨੇਹੀ ਮਿੰਟੂ, ਨਿਰਮਲ ਸਿੰਘ, ਗੁਰਚਰਨ ਸਿੰਘ, ਬਿੱਕਰ ਸਿੰਘ, ਕੁਲਵਿੰਦਰ ਸਿੰਘ, ਹਰਮਿੰਦਰ ਸਿੰਘ ਕੋਟਲਾ ਰਾਏਕਾ, ਦਵਿੰਦਰ ਸਿੰਘ,ਪਾਲ ਸਿੰਘ ਤਤਾਰੀਏ ਵਾਲਾ, ਸੁਖਦੇਵ ਸਿੰਘ, ਕਰਮਜੀਤ ਸਿੰਘ, ਮਲਕੀਤ ਸਿੰਘ, ਵੀਰੂ ਬਾਵਾ,ਰਵਿੰਦਰ ਸਿੰਘ, ਬੂਟਾ ਸਿੰਘ ਪਡੋਰੀ,ਬੰਤ ਸਿੰਘ ਨਿਧਾਂ ਵਾਲਾ, ਚਰਨਜੀਤ ਸਿੰਘ, ਕੇਵਲ ਸਿੰਘ, ਗੁਰਪ੍ਰੀਤ ਸਿੰਘ, ਕੁਲਜੀਤ ਸਿੰਘ, ਜਸਪ੍ਰੀਤ ਸਿੰਘ, ਮੁਕੰਦ ਕਮਲ ਬਾਘਾ ਪੁਰਾਣਾ, ਜਗਨ ਸਿੰਘ,ਗੁਰ ਏਕਮ ਸਿੰਘ, ਮਹਿਲ ਸਿੰਘ, ਗੁਰਚਰਨ ਸਿੰਘ, ਮੰਦਰਜੀਤ ਸਿੰਘ,ਜਲਪ੍ਰੀਤ ਸਿੰਘ, ਸੁਖਜੀਤ ਸਿੰਘ,ਜਸਬੀਰ ਸਿੰਘ, ਸੁਰਿੰਦਰ ਸਿੰਘ, ਰਾਜਪਾਲ ਸਿੰਘ ਘੱਲਾਂ, ਹਰਪ੍ਰੀਤ ਸਿੰਘ, ਸੁਖਦੇਵ ਸਿੰਘ,ਦਰਸਨ ਸਿੰਘ, ਜਗਸੀਰ ਸਿੰਘ ਸਮਾਧ, ਸੰਦੀਪ ਸਿੰਘ,ਮੇਜਰ ਸਿੰਘ ਡਰੋਲੀ, ਹਰਜੀਤ ਸਿੰਘ, ਮੇਜਰ ਸਿੰਘ, ਸਤਨਾਮ ਸਿੰਘ,ਨਿਰਮਲ ਸਿੰਘ ਮਨਾਵਾਂ ਆਦਿ ਕਿਸਾਨ ਆਗੂ ਹਾਜਰ ਸਨ।

ਵੀਰ ਕੇਸਰੀ
ਲੋਕਾਂ ਦੀ ਅਵਾਜ਼ ਸਰਕਾਰ ਤੱਕ

ਟਿੱਬਾ ਨੰਗਲ ਕਾਲਜ ਦੀਆਂ ਵਿਦਿਆਰਥਣਾਂ ਨੇ ਲੰਮੀਆਂ ਹੇਕਾਂ ਲੋਕ ਗੀਤ ਵਿੱਚ ਜਿੱਤਿਆ ਦੂਜਾ ਸਥਾਨ

ਜੇਤੂ ਵਿਦਿਆਰਥਣਾਂ ਨੂੰ ਕਾਲਜ ਵਿਖੇ ਕੀਤਾ ਗਿਆ ਸਨਮਾਨਿਤ



ਸ੍ਰੀ ਅਨੰਦਪੁਰ ਸਾਹਿਬ, 14 ਨਵੰਬਰ(ਪ.ਪ)- ਵੇਦਾਂਤ ਆਚਾਰੀਆ ਸਵਾਮੀ ਚੇਤਨਾ ਨੰਦ ਜੀ ਮਹਾਰਾਜ ਭੂਰੀਵਾਲਿਆਂ ਦੀ ਸਰਪ੍ਰਸਤੀ ਹੇਠ ਚੱਲ ਰਹੇ ਮਹਾਰਾਜਾ ਬ੍ਰਹਮਸਾਗਰ ਬ੍ਰਹਮਾਨੰਦ ਭੂਰੀਵਾਲੇ ਗਰੀਬਦਾਸੀ ਕਾਲਜ ਟਿੱਬਾ ਨੰਗਲ ਨੇ ਲੰਮੀਆਂ ਹੇਕਾਂ ਲੋਕ ਗੀਤ ਮੁਕਾਬਲੇ ਵਿੱਚ ਦੂਜਾ ਸਥਾਨ ਹਾਸਲ ਕੀਤਾ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪ੍ਰੋ. ਕੁਲਵਿੰਦਰ ਸਿੰਘ ਨੇ ਦੱਸਿਆ ਕਿ ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਵਿਖੇ ਹੋਏ ਯੂਥ ਫੈਸਟੀਵਲ ਦੌਰਾਨ ਯੂਥ ਕੋਆਰਡੀਨੇਟਰ ਮੈਡਮ ਕੁਲਵਿੰਦਰ ਕੌਰ ਅਤੇ ਮੈਡਮ ਜਤਿੰਦਰ ਕੌਰ ਦੀ ਯੋਗ ਅਗਵਾਈ ਹੇਠ ਟਿੱਬਾ ਨੰਗਲ ਕਾਲਜ ਦੀਆਂ ਵਿਦਿਆਰਥਣਾਂ ਸਾਨੀਆ ਵਰਮਾ, ਸੁਖਪ੍ਰੀਤ ਕੌਰ, ਪ੍ਰੀਤੀ ਅਤੇ ਪ੍ਰਿਅੰਕਾ ਨੇ ਸਖਤ ਮੁਕਾਬਲੇ ਵਿੱਚੋਂ ਦੂਜਾ ਸਥਾਨ ਪ੍ਰਾਪਤ ਕੀਤਾ। ਇਸ ਖੁਸੀ ਦੇ ਮੌਕੇ 'ਤੇ ਸਤਿਗੁਰੂ ਸਵਾਮੀ ਚੇਤਨਾ ਨੰਦ ਜੀ ਮਹਾਰਾਜ ਭੂਰੀਵਾਲਿਆਂ ਵੱਲੋਂ ਪੁਜੀਸਨ ਹਾਸਲ ਕਰਨ ਵਾਲੀਆਂ ਵਿਦਿਆਰਥਣਾਂ ਅਤੇ ਉਨ੍ਹਾਂ ਦੇ ਮਾਤਾ-ਪਿਤਾ ਨੂੰ ਵਧਾਈ ਦਿੱਤੀ ਗਈ। ਭੂਰੀਵਾਲੇ ਟਰੱਸਟ ਦੇ ਸਮੂਹ ਅਹੁਦੇਦਾਰਾਂ ਵੱਲੋਂ ਵੀ ਸਾਰੇ ਵਿਦਿਆਰਥੀਆਂ ਨੂੰ ਵਧਾਈ ਸੰਦੇਸ ਭੇਜੇ ਗਏ। ਕਾਲਜ ਪ੍ਰਿੰਸੀਪਲ ਮੈਡਮ ਨਿਸਾ ਸਰਮਾ ਨੇ ਵੀ ਕਾਲਜ ਵਿਖੇ ਜੇਤੂ ਵਿਦਿਆਰਥਣਾਂ ਨੂੰ ਸਨਮਾਨਿਤ ਕਰਦਿਆਂ ਮੁਬਾਰਕਬਾਦ ਦਿੱਤੀ ਅਤੇ ਪੰਜਾਬੀ ਯੂਨੀਵਰਸਿਟੀ ਪਟਿਆਲਾ ਵਿਖੇ ਹੋਣ ਵਾਲੇ ਅਗਲੇ ਮੁਕਾਬਲੇ ਲਈ ਹੋਰ ਸਖਤ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ। ਉਨ੍ਹਾਂ ਵਿਦਿਆਰਥਣਾਂ ਦੇ ਉੱਜਵਲ ਭਵਿੱਖ ਦੀ ਕਾਮਨਾ ਵੀ ਕੀਤੀ। ਇਸ ਮੌਕੇ 'ਤੇ ਕਾਲਜ ਦਾ ਸਮੂਹ ਸਟਾਫ ਮੌਜੂਦ ਸੀ।

ਵੀਰ ਕੇਸਰੀ
ਲੋਕਾਂ ਦੀ ਅਵਾਜ਼ ਸਰਕਾਰ ਤੱਕ

ਫਰਾਂਸ ਤੋਂ ਸਮਾਣਾ ਪਹੁੰਚੇ ਵਿਦੇਸੀ ਮਹਿਮਾਨ, ਪੰਜਾਬੀ ਦਸਤਾਰ ਦੇ ਹੋਏ ਮੁਰੀਦ

ਨਾਗੀ ਪਗੜੀ ਸੈਂਟਰ ਵੱਲੋਂ ਦੋਵਾਂ ਨੂੰ ਦਸਤਾਰਾਂ ਭੇਟ



ਸਮਾਣਾ, 14 ਨਵੰਬਰ (ਪ.ਪ) - ਪੰਜਾਬੀ ਸੱਭਿਆਚਾਰ ਅਤੇ ਦਸਤਾਰ ਦੀ ਪਹਿਚਾਣ ਅੱਜ ਵਿਦੇਸਾਂ ਵਿੱਚ ਵੀ ਲੋਕਾਂ ਦੇ ਦਿਲਾਂ ਵਿੱਚ ਖਾਸ ਜਗ੍ਹਾ ਬਣਾ ਰਹੀ ਹੈ। ਇਸ ਦੀ ਮਿਸਾਲ ਉਸ ਸਮੇਂ ਦੇਖਣ ਨੂੰ ਮਿਲੀ ਜਦੋਂ ਫਰਾਂਸ ਤੋਂ ਆਏ ਦੋ ਵਿਦੇਸੀ ਮਹਿਮਾਨ ਸਮਾਣਾ ਦੇ ਨਾਗੀ ਪਗੜੀ ਅਤੇ ਰੁਮਾਲਾ ਸੈਂਟਰ ਵਿਖੇ ਪਹੁੰਚੇ। ਜਾਣਕਾਰੀ ਅਨੁਸਾਰ ਦੋਵੇਂ ਮਹਿਮਾਨ ਖਾਸ ਤੌਰ 'ਤੇ ਪੰਜਾਬੀ ਦਸਤਾਰ ਬਾਰੇ ਜਾਣਕਾਰੀ ਲੈਣ ਅਤੇ ਦਸਤਾਰ ਖਰੀਦਣ ਲਈ ਦੁਕਾਨ 'ਤੇ ਆਏ ਸਨ। ਉਨ੍ਹਾਂ ਨੇ ਇੰਟਰਨੈੱਟ ਅਤੇ ਸਥਾਨਕ ਲੋਕਾਂ ਤੋਂ ਨਾਗੀ ਪਗੜੀ ਅਤੇ ਰੁਮਾਲਾ ਸੈਂਟਰ ਬਾਰੇ ਜਾਣਕਾਰੀ ਹਾਸਲ ਕੀਤੀ ਸੀ। ਦਸਤਾਰ ਪ੍ਰਤੀ ਉਨ੍ਹਾਂ ਦਾ ਪਿਆਰ ਅਤੇ ਸਤਿਕਾਰ ਦੇਖਦਿਆਂ ਦੁਕਾਨ ਦੇ ਮਾਲਕ ਪ੍ਰੀਤਮ ਸਿੰਘ ਨਾਗੀ ਨੇ ਖੁਸੀ ਦਾ ਇਜਹਾਰ ਕਰਦਿਆਂ ਦੋਵਾਂ ਵਿਦੇਸੀ ਮਹਿਮਾਨਾਂ ਨੂੰ ਦਸਤਾਰਾਂ ਤੋਹਫੇ ਵਜੋਂ ਭੇਟ ਕੀਤੀਆਂ। ਇਸ ਮੌਕੇ ਪ੍ਰੀਤਮ ਸਿੰਘ ਨਾਗੀ ਦੇ ਪੋਤੇ ਪੁਸਪਿੰਦਰ ਸਿੰਘ ਨਾਗੀ ਨੇ ਫਰੈਂਚ ਭਾਸਾ ਵਿੱਚ ਮਹਿਮਾਨਾਂ ਨਾਲ ਗੱਲਬਾਤ ਕੀਤੀ। ਇਸ ਦੌਰਾਨ ਪੰਜਾਬ, ਪੰਜਾਬੀ ਸੱਭਿਆਚਾਰ ਅਤੇ ਦਸਤਾਰ ਦੀ ਮਹੱਤਤਾ ਬਾਰੇ ਵੀ ਵਿਚਾਰ ਸਾਂਝੇ ਕੀਤੇ ਗਏ। ਵਿਦੇਸੀ ਮਹਿਮਾਨਾਂ ਨੇ ਪੰਜਾਬ ਆਉਣ 'ਤੇ ਖੁਸੀ ਪ੍ਰਗਟਾਈ ਅਤੇ ਪੰਜਾਬੀ ਸੱਭਿਆਚਾਰ ਦੀ ਖੂਬ ਪ੍ਰਸੰਸਾ ਕੀਤੀ। ਇਸ ਮੌਕੇ ਪ੍ਰੀਤਮ ਸਿੰਘ ਨਾਗੀ ਨੇ ਕਿਹਾ ਕਿ ਇਹ ਮਾਣ ਵਾਲੀ ਗੱਲ ਹੈ ਕਿ ਪੰਜਾਬ ਦੀ ਦਸਤਾਰ ਅਤੇ ਸਾਡਾ ਅਮੀਰ ਵਿਰਸਾ ਵਿਦੇਸਾਂ ਵਿੱਚ ਵੀ ਲੋਕਾਂ ਨੂੰ ਆਕਰਸਿਤ ਕਰ ਰਿਹਾ ਹੈ। ਦਸਤਾਰ ਸਿਰਫ ਸਿਰ 'ਤੇ ਸਜਾਉਣ ਵਾਲਾ ਕੱਪੜਾ ਨਹੀਂ, ਸਗੋਂ ਪੰਜਾਬੀਆਂ ਦੀ ਪਛਾਣ, ਮਾਣ ਅਤੇ ਅਣਮੁੱਲੀ ਵਿਰਾਸਤ ਹੈ।

ਵੀਰ ਕੇਸਰੀ
ਲੋਕਾਂ ਦੀ ਅਵਾਜ਼ ਸਰਕਾਰ ਤੱਕ

ਜੰਡ ਸਾਹਿਬ ਦੇ ਸਰਕਾਰੀ ਸਕੂਲ ਵਿਖੇ 3ਡੀ ਇੰਟਰਐਕਟਿਵ ਪੈਨਲ, ਸਮਾਰਟ ਬੋਰਡ ਅਤੇ ਆਧੁਨਿਕ ਪ੍ਰਯੋਗਸ਼ਾਲਾ ਉਪਕਰਨਾਂ ਨਾਲ ਲੈਸ ਸਾਇੰਸ ਲੈਬ ਦੀ ਉਦਘਾਟਨ ਹੋਇਆ

ਸੂਬੇ ਦੀ ਸਿੱਖਿਆ ਪ੍ਰਣਾਲੀ ਨੂੰ ਵਿਸ਼ਵ ਪੱਧਰੀ ਬਣਾਉਣ ਲਈ ਸਰਕਾਰ ਵੱਲੋਂ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ - ਗੁਰਦਿੱਤ ਸਿੰਘ ਸੇਖੋਂ





ਸਾਦਿਕ 14 ਨਵੰਬਰ (ਪ.ਪ)ਪੰਜਾਬ ਸਰਕਾਰ ਦੀ ਮਹੱਤਵਪੂਰਨ ਪਹਿਲਕਦਮੀ 'ਸਿੱਖਿਆ ਕ੍ਰਾਂਤੀ' ਤਹਿਤ ਸਰਕਾਰੀ ਸਕੂਲਾਂ ਨੂੰ ਆਧੁਨਿਕ ਸਿੱਖਿਆ ਸਹੂਲਤਾਂ ਨਾਲ ਲੈਸ ਕਰਨ ਦੀ ਲੜੀ ਨੂੰ ਅੱਗੇ ਵਧਾਉਂਦਿਆਂ ਸਰਕਾਰੀ ਸੀਨੀਅਰ ਸੈ

ਪੰਜਾਬ ਦੇ ਸਰਕਾਰੀ ਸਕੂਲਾਂ ਵੱਲੋਂ ਮੁਢਲੀ ਸਿੱਖਿਆ ਦਾ ਜਸ਼ਨ ਮਨਾਉਣ ਅਤੇ ਨਵੀਨਤਾਕਾਰੀ ਅਧਿਆਪਨ ਵਿਧੀਆਂ ਦਾ ਪ੍ਰਦਰਸ਼ਨ ਕਰਨ ਲਈ ਐਫਐਲਐਨ ਮੇਲਿਆਂ ਦਾ ਆਯੋਜਨ

ਪਟਿਆਲਾ, 14 ਨਵੰਬਰ (ਪ.ਪ)


ਪੰਜਾਬ ਭਰ ਦੇ ਸਰਕਾਰੀ ਸਕੂਲਾਂ ਨੇ ਅੱਜ ਬੁਨਿਆਦੀ ਸਾਖਰਤਾ ਅਤੇ ਸੰਖਿਆ ਗਿਆਨ (ਐਫਐਲਐਨ) ਮੇਲਿਆਂ ਦਾ ਆਯੋਜਨ ਕੀਤਾ, ਜਿਨ੍ਹਾਂ ਵਿੱਚ ਮਾਪਿਆਂ, ਪੰਚਾਇਤਾਂ ਅਤੇ ਸਥਾਨਕ ਭਾਈਚਾਰੇ ਨੇ ਇਕੱਠੇ ਹੋ ਕੇ ਬੱਚਿਆਂ ਦੀ ਪੜ੍ਹਨ, ਲਿਖਣ ਅਤੇ ਗਣਿਤਿਕ ਹੁਨਰ ਵਿੱਚ ਹੋਈ ਤਰੱਕੀ ਦਾ ਜਸ਼ਨ ਮਨਾਇਆ। ਇਸ ਦੇ ਨਾਲ? ਹੀ ਇਹਨਾਂ ਬੁਨਿਆਦੀ ਹੁਨਰਾਂ ਨੂੰ ਮਜ਼ਬੂਤ ਕਰਨ ਲਈ ਅਪਣਾਈਆਂ ਗਈਆਂ ਦਿਲਚਸਪ ਅਤੇ ਗਤੀਵਿਧੀ-ਆਧਾਰਿਤ ਵਿਧੀਆਂ ਦਾ ਪ੍ਰਦਰਸ਼ਨ ਵੀ ਕੀਤਾ ਗਿਆ।ਸ਼ੁਬਾ ਐਫਐਲਐਨ ਕੋਆਰਡੀਨੇਟਰ, ਨੇ ਕਿਹਾ, "ਇਸ ਪਹਿਲਕਦਮੀ ਦਾ ਦੋਹਰਾ ਮਕਸਦ ਹੈ: ਸੂਬੇ ਦੇ ਐਫਐਲਐਨ ਪ੍ਰੋਗਰਾਮ ਨੂੰ ਪ੍ਰਭਾਵਸ਼ਾਲੀ ਢੰਗ ਨਾਲ? ਲਾਗੂ ਕਰ ਰਹੇ ਸਕੂਲਾਂ ਦਾ ਜਸ਼ਨ ਮਨਾਉਣਾ ਅਤੇ ਅਧਿਆਪਕਾਂ ਤੇ ਸਕੂਲਾਂ ਨੂੰ ਕਲਾਸਰੂਮ ਦੀਆਂ ਸਫਲ ਵਿਧੀਆਂ ਦੂਜਿਆਂ ਨਾਲ? ਸਾਂਝੀਆਂ ਕਰਨ ਦੇ ਮੌਕੇ ਦੇਣਾ। ਸਿੱਖਿਆ ਨੂੰ ਕਲਾਸ -ਰੂਮ ਤੋਂ ਬਾਹਰ ਲਿਆ ਕੇ ਇੱਕ ਸੰਵਾਦਾਤਮਿਕ, ਭਾਈਚਾਰਕ ਮਾਹੌਲ ਵਿੱਚ ਲਿਜਾ ਕੇ, ਇਹਨਾਂ ਐਫਐਲਐਨ ਮੇਲਿਆਂ ਦਾ ਉਦੇਸ਼ ਬੱਚਿਆਂ ਦੇ ਬੁਨਿਆਦੀ ਹੁਨਰਾਂ ਨੂੰ ਮਜ਼ਬੂਤ ਕਰਨ ਵਿੱਚ ਮਾਪਿਆਂ ਅਤੇ ਸਥਾਨਕ ਭਾਈਚਾਰੇ ਦੀ ਜਾਗਰੂਕਤਾ ਅਤੇ ਭਾਗੀਦਾਰੀ ਨੂੰ ਵਧਾਉਣਾ ਹੈ। ਹਰੇਕ ਮੇਲਾ "ਸਿੱਖਣ ਸਟਾਲਾਂ"ਦੇ ਇੱਕ ਆਪਸੀ ਗੱਲ-ਬਾਤ ਦੌਰੇ ਵਜੋਂ ਆਯੋਜਿਤ ਕੀਤਾ ਗਿਆ, ਜਿਸ ਵਿੱਚ ਮਾਪੇ ਆਪਣੇ ਬੱਚਿਆਂ ਦੇ ਨਾਲ? ਰਹੇ ਅਤੇ ਬੁਨਿਆਦੀ ਸਿੱਖਿਆ ਦੇ ਵੱਖ-ਵੱਖ ਪਹਿਲੂਆਂ ਨੂੰ ਦਰਸਾਉਂਦੀਆਂ ਗਤੀਵਿਧੀਆਂ ਵਿੱਚ ਹਿੱਸਾ ਲਿਆ।ਮੁੱਖ ਗਤੀਵਿਧੀਆਂ ਵਿੱਚ ਸ਼ਾਮਲ ਸਨ:-ਐਫਐਲਐਨ ਕਾਰਨਰ : ਅਧਿਆਪਕਾਂ ਨੇ ਸਰਲ ਸ਼ਬਦਾਂ ਵਿੱਚ ਬੁਨਿਆਦੀ ਸਾਖਰਤਾ ਅਤੇ ਸੰਖਿਆ ਗਿਆਨ ਦੀ ਮਹੱਤਤਾ ਸਮਝਾਈ ਅਤੇ ਅਜਿਹੀਆਂ ਵਿਹਾਰਕ ਗਤੀਵਿਧੀਆਂ ਸਾਂਝੀਆਂ ਕੀਤੀਆਂ ਜੋ ਮਾਪੇ ਘਰ ਵਿੱਚ ਆਪਣੇ ਬੱਚਿਆਂ ਦੀ ਸਿੱਖਿਆ ਵਿੱਚ ਸਹਾਇਤਾ ਲਈ ਕਰ ਸਕਦੇ ਹਨ।ਸਾਡੀ ਐਫਐਲਐਨ ਗੈਲਰੀ: ਬੱਚਿਆਂ ਦੀਆਂ ਕਾਪੀਆਂ,ਵਿਭਾਗ ਵੱਲੋਂ ਪ੍ਰਿੰਟ ਕਰਵਾ ਕੇ ਭੇਜੀ ਗਈ ਅਧਿਆਪਨ ਅਤੇ ਵਿਦਿਆਰਥੀ ਸਿੱਖਣ ਸਹਾਇਕ ਸਮਗਰੀ ਪ੍ਰਦਰਸ਼ਿਤ ਕੀਤੀ ਗਈ, ਜਿੱਥੇ ਵਿਦਿਆਰਥੀਆਂ ਨੇ ਆਪਣਾ ਕੰਮ ਆਪਣੇ ਮਾਪਿਆਂ ਨੂੰ ਪੇਸ਼ ਕੀਤਾ ਅਤੇ ਸਮਝਾਇਆ।ਰਚਨਾਤਮਿਕਤਾ ਸਟਾਲ: ਬੱਚਿਆਂ ਅਤੇ ਮਾਪਿਆਂ ਨੇ ਮਿਲ? ਕੇ ਮਿੱਟੀ ਦੇ ਮਾਡਲ ਬਣਾਉਣ, ਡਰਾਇੰਗ, ਸ਼ਬਦ ਬਣਾਉਣ ਲਈ ਅੱਖਰ ਪਹੇਲੀਆਂ ਅਤੇ ਅੰਕ ਪਹੇਲੀਆਂ ਵਰਗੀਆਂ ਹੱਥੀਂ ਕੀਤੀਆਂ ਜਾਣ ਵਾਲ?ੀਆਂ ਗਤੀਵਿਧੀਆਂ ਵਿੱਚ ਹਿੱਸਾ ਲਿਆ।ਵਿਦਿਆਰਥੀਆਂ ਦੇ ਸਟਾਲ: ਪਹਿਲੀ ਤੋਂ ਪੰਜਵੀਂ ਜਮਾਤ ਦੇ ਵਿਦਿਆਰਥੀਆਂ ਦੀਆਂ ਮਿਸ਼ਰਤ-ਜਮਾਤ ਟੀਮਾਂ ਨੇ ਰਚਨਾਤਮਿਕ ਖੇਡਾਂ ਕਰਵਾਈਆਂ, ਜਿਨ੍ਹਾਂ ਵਿੱਚ ਉਚਾਈ, ਭਾਰ ਅਤੇ ਆਇਤਨ ਦਾ ਅੰਦਾਜ਼ਾ ਲਗਾਉਣਾ, ਪੰਜਾਬੀ ਸ਼ਬਦ-ਖੋਜ ਗਰਿੱਡ, ਅੰਕਾਂ 'ਤੇ ਆਧਾਰਿਤ ਜਾਦੂਈ ਕਰਤਬ ਅਤੇ ਦਿੱਤੇ ਗਏ ਅੱਖਰ ਨਾਲ? ਸ਼ੁਰੂ ਹੋਣ ਵਾਲ?ੇ? ਪੰਜਾਬੀ ਸ਼ਬਦ ਲਿਖਣ ਦੀ 60-ਸਕਿੰਟ ਚੁਣੌਤੀ ਸ਼ਾਮਲ ਸੀ।ਸੰਪੂਰਨ ਪ੍ਰਗਤੀ ਕਾਰਡ: ਅਧਿਆਪਕਾਂ ਨੇ ਹਰੇਕ ਬੱਚੇ ਦਾ ਪ੍ਰਗਤੀ ਕਾਰਡ ਸਾਂਝਾ ਕੀਤਾ, ਉਹਨਾਂ ਦੇ ਮੌਜੂਦਾ ਸਿੱਖਣ ਪੱਧਰ ਸਮਝਾਏ ਅਤੇ ਅਜਿਹੀਆਂ ਗਤੀਵਿਧੀਆਂ ਸੁਝਾਈਆਂ ਜੋ ਮਾਪੇ ਘਰ ਵਿੱਚ ਬੱਚੇ ਦੀ ਤਰੱਕੀ ਵਿੱਚ ਸਹਾਇਤਾ ਲਈ ਕਰ ਸਕਦੇ ਹਨ।



ਕਾਂਗਰਸ ਸਿੱਖਾਂ ਨੂੰ ਮਾਰਦੀ ਹੈ, ਲੇਕਿਨ ਭਾਜਪਾ ਸਿੱਖਾਂ ਤੇ ਸਿੱਖੀ ਨੂੰ ਖ਼ਤਮ ਕਰਨ ਦੀ ਮੰਦਭਾਵਨਾ ਵਾਲੀ ਜਮਾਤ : ਟਿਵਾਣਾ

ਫ਼ਤਹਿਗੜ੍ਹ ਸਾਹਿਬ, 14 ਨਵੰਬਰ (ਪ.ਪ.)

"ਪੰਜਾਬ ਸਾਰੇ ਮੁਲਕ ਨਾਲੋ ਉਹ ਵਿਲੱਖਣ, ਮਨੁੱਖੀ ਕਦਰਾਂ ਕੀਮਤਾਂ, ਇਨਸਾਨੀ ਤੇ ਸਮਾਜਿਕ ਬਿਹਤਰੀ ਲਈ ਹਰ ਤਰ੍ਹਾਂ ਦੀ ਕੁਰਬਾਨੀ, ਤਿਆਗ ਕਰਨ ਵਾਲਾ ਅਤੇ ਬਰਾਬਰਤਾ ਦੀ ਸੋਚ ਤੇ ਪਹਿਰਾ ਦੇਣ ਵਾਲਾ ਸੂਬਾ ਹੈ । ਜਿਸ ਨੂੰ ਗੁਰੂਆਂ, ਪੀਰਾਂ, ਫਕੀਰਾਂ ਤੇ ਦਰਵੇਸਾਂ ਦੀਆਂ ਪਵਿੱਤਰ ਰੂਹਾਂ ਦੀ ਚਰਨ ਛੋਹ ਪ੍ਰਾਪਤ ਦਾ ਸੁਭਾਗ ਹਾਸਿਲ ਹੈ । ਇਸ ਲਈ ਹੀ ਕੇਵਲ ਇੰਡੀਆ ਵਿਚ ਹੀ ਨਹੀ ਬਲਕਿ ਸਮੁੱਚੇ ਸੰਸਾਰ ਦੇ ਮੁਲਕਾਂ ਦੀਆਂ ਕੌਮਾਂ, ਧਰਮਾਂ ਵਿਚ ਅੱਜ ਗੁਲਾਬ ਦੇ ਫੁੱਲ ਦੀ ਖੁਸਬੋ ਦੀ ਤਰ੍ਹਾਂ ਅਤੇ ਸੂਰਜ ਦੀ ਰੌਸਨੀ ਦੀ ਤਰ੍ਹਾਂ ਆਪਣੇ ਅੱਛੇ ਕਰਮਾਂ ਦੀ ਬਦੌਲਤ ਚਾਨਣ ਰੌਸਨਾਉਣ ਵਿਚ ਮੋਹਰੀ ਹੈ । ਇਹੀ ਵਜਹ ਹੈ ਕਿ ਇਸ ਮੁਲਕ ਤੇ ਰਾਜ ਕਰਨ ਵਾਲੀਆ ਹਿੰਦੂਤਵ ਜਮਾਤਾਂ ਸਿੱਖਾਂ ਤੇ ਸਿੱਖੀ ਨੂੰ ਖਤਮ ਕਰਨ ਦੀ ਮੰਦਭਾਵਨਾ ਅਧੀਨ 1947 ਤੋਂ ਹੀ ਇਸ ਸੂਬੇ ਵਿਚ ਸਮਾਜ ਤੇ ਇਨਸਾਨ ਵਿਰੋਧੀ ਅਮਲ ਕਰਦੀਆ ਆ ਰਹੀਆ ਹਨ । ਕਾਂਗਰਸ ਸਿੱਖਾਂ ਨੂੰ ਖਤਮ ਕਰਨ ਲਈ ਸਾਜਿਸਾਂ ਕਰਦੀ ਹੈ ਅਤੇ ਬੀਜੇਪੀ-ਆਰ.ਐਸ.ਐਸ ਸਿੱਖਾਂ ਤੇ ਸਿੱਖੀ ਦੋਵਾਂ ਨੂੰ ਖਤਮ ਕਰਨ ਉਤੇ ਨਿਰੰਤਰ ਅਮਲ ਕਰਦੀ ਆ ਰਹੀ ਹੈ । ਭਾਵੇ ਦੋਵੇ ਜਮਾਤਾਂ ਆਪਣੇ ਮੰਦਭਾਵਨਾ ਭਰੇ ਮਿਸਨ ਵਿਚ ਕਾਮਯਾਬ ਨਹੀ ਹੋ ਸਕੀਆ ਅਤੇ ਨਾ ਹੀ ਹੋ ਸਕਣਗੀਆ । ਪਰ ਇਨ੍ਹਾਂ ਵੱਲੋ ਇਹ ਦੁੱਖਦਾਇਕ ਅਮਲ ਅੱਜ ਵੀ ਜਾਰੀ ਹਨ । ਇਸ ਲਈ ਕਿਸੇ ਇਕ ਵੀ ਪੰਜਾਬੀ ਜਾਂ ਇਕ ਵੀ ਸਿੱਖ ਵੱਲੋ ਇਨ੍ਹਾਂ ਦੋਵਾਂ ਸਮਾਜ ਦੀਆਂ ਦੁਸਮਣ ਜਮਾਤਾਂ ਨੂੰ 2027 ਦੀਆਂ ਆ ਰਹੀਆ ਚੋਣਾਂ ਵਿਚ 1 ਵੀ ਵੋਟ ਨਹੀ ਪਾਉਣੀ ਚਾਹੀਦੀ । ਇਸ ਗੱਲ ਨੂੰ ਪੰਜਾਬ ਦੇ ਹਰ ਬਸਿੰਦੇ ਹਿੰਦੂ ਤੇ ਸਿੱਖ ਨੂੰ ਆਪਣੇ ਜਹਿਨ ਵਿਚ ਵਸਾਉਣੀ ਪਵੇਗੀ । ਤਦ ਹੀ ਪੰਜਾਬ ਸੂਬੇ, ਪੰਜਾਬੀਆਂ, ਪੰਜਾਬੀਅਤ ਅਤੇ



ਸਿੱਖ ਕੌਮ ਦੀ ਮਨੁੱਖਤਾ ਪੱਖੀ ਸੋਚ ਨੂੰ ਮਜਬੂਤ ਕੀਤਾ ਜਾ ਸਕੇਗਾ ਅਤੇ ਇਥੇ ਸਥਾਈ ਤੌਰ ਤੇ ਅਮਨ ਚੈਨ ਕਾਇਮ ਰੱਖਿਆ ਜਾ ਸਕੇਗਾ । ਇਹ ਵਿਚਾਰ ਸ. ਇਕਬਾਲ ਸਿੰਘ ਟਿਵਾਣਾ ਮੁੱਖ ਬੁਲਾਰਾ ਸਿਆਸੀ ਤੇ ਮੀਡੀਆ ਸਲਾਹਕਾਰ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਦੋਵੇ ਮੁਤੱਸਵੀ ਕਾਂਗਰਸ, ਬੀਜੇਪੀ ਪੰਜਾਬ ਅਤੇ ਸਿੱਖ ਕੌਮ ਵਿਰੋਧੀ ਜਮਾਤਾਂ ਦੇ ਇਨਸਾਨੀਅਤ ਵਿਰੋਧੀ ਅਮਲਾਂ ਦਾ ਵੇਰਵਾ ਦਿੰਦੇ ਹੋਏ ਆਉਣ ਵਾਲੀਆ 2027 ਦੀਆਂ ਚੋਣਾਂ ਵਿਚ ਇਨ੍ਹਾਂ ਤੇ ਇਨ੍ਹਾਂ ਦੀ ਬੀ-ਟੀਮ ਆਮ ਆਦਮੀ ਪਾਰਟੀ ਅਤੇ ਬਾਦਲ ਦਲੀਆ ਨੂੰ ਕਰਾਰੀ ਹਾਰ ਦੇਣ ਦੀ ਅਪੀਲ ਕਰਦੇ ਹੋਏ ਪ੍ਰਗਟ ਕੀਤੇ। ਉਨ੍ਹਾਂ ਉਚੇਚੇ ਤੌਰ ਤੇ ਪੰਜਾਬ ਵਿਚ ਵੱਸਦੇ ਹਿੰਦੂ ਵੀਰਾਂ-ਭੈਣਾਂ, ਮਾਤਾਵਾ, ਬਜੁਰਗਾਂ ਅਤੇ ਨੌਜਵਾਨਾਂ ਨੂੰ ਮਨੁੱਖੀ ਕਦਰਾਂ ਕੀਮਤਾਂ ਦੇ ਬਿਨ੍ਹਾਂ ਤੇ ਆਪਣੀ ਪੁਰਾਤਨ ਸੋਚ ਕਿ ਹਰ ਹਿੰਦੂ ਘਰ ਵਿਚ ਆਪਣੇ ਵੱਡੇ ਪੁੱਤਰ ਨੂੰ ਸਿੱਖ ਬਣਾਉਣ ਦੀ ਚੱਲਦੀ ਰਹੀ ਰਵਾਇਤ ਨੂੰ ਯਾਦ ਕਰਵਾਉਦੇ ਹੋਏ ਅਤੇ ਜਰਵਾਣਿਆ ਮੁਗਲਾਂ ਵੱਲੋ ਹਿੰਦੂ ਧੀਆਂ ਭੈਣਾਂ ਨੂੰ ਜਬਰੀ ਚੁੱਕ ਕੇ ਲਿਜਾਣ ਦੇ ਬੀਤੇ ਸਮੇ ਵਿਚ ਹੋਏ ਸ਼ਰਮਨਾਕ ਦੁਖਾਂਤ ਸਮੇ ਸਿੱਖਾਂ ਵੱਲੋ ਆਪਣੀਆ ਜਾਨਾਂ ਤੇ ਖੇਡਕੇ ਇਨ੍ਹਾਂ ਹਿੰਦੂ ਧੀਆਂ ਭੈਣਾਂ ਨੂੰ ਛੁਡਾਕੇ ਉਨ੍ਹਾਂ ਦੇ ਆਪੋ ਆਪਣੇ ਘਰੇ ਬਾਇੱਜਤ ਪਹੁੰਚਾਉਣ ਦੀ ਨਿਭਾਈ ਗਈ ਇਤਿਹਾਸਿਕ ਭੂਮਿਕਾ ਤੇ ਫਰਜਾਂ ਦੀ ਗੱਲ ਵੀ ਕੀਤੀ । ਉਨ੍ਹਾਂ ਉਮੀਦ ਪ੍ਰਗਟ ਕੀਤੀ ਕਿ ਜੇਕਰ ਪੰਜਾਬ ਦਾ ਹਿੰਦੂ ਜੋ ਕਿ ਅੱਜ ਵੀ ਮੁਲਕ ਦੀ ਸੌੜੀ ਤੇ ਸਵਾਰਥੀ ਮਨੁੱਖਤਾ ਵਿਰੋਧੀ ਹਕੂਮਤੀ ਸੋਚ ਦਾ ਸਿਕਾਰ ਹੋ ਕੇ ਪੰਜਾਬ ਵਰਗੇ ਸੋਨੇ ਦੀ ਚਿੱੜੀ ਕਹਾਉਣ ਵਾਲੇ ਸੂਬੇ ਵਿਚ ਵੱਸਦਾ ਹੈ । ਜੇਕਰ ਉਹ ਉਪਰੋਕਤ ਜਮਾਤਾਂ ਦੀ 'ਪਾੜੋ ਅਤੇ ਰਾਜ ਕਰੋ' ਵਾਲੀ ਹਕੂਮਤੀ ਸੋਚ ਨੂੰ ਸਮਝਕੇ ਗੁਰੂਆਂ, ਪੀਰਾਂ, ਫਕੀਰਾਂ ਦੀ ਇਸ ਧਰਤੀ ਦੇ ਹੋਏ ਅਮਲ ਅਤੇ ਮਨੁੱਖਤਾ ਪੱਖੀ ਜੀਵਨ ਦੇ ਮਕਸਦ ਨੂੰ ਸਮਝਕੇ ਇਮਾਨਦਾਰੀ ਤੇ ਦ੍ਰਿੜਤਾ ਨਾਲ ਅਮਲ ਕਰ ਸਕੇ ਤਾਂ ਇਹ ਸੂਬਾ ਅਤੇ ਇਸਦੇ ਸਭ ਵਰਗਾਂ ਨਾਲ ਸੰਬੰਧਤ ਬਸਿੰਦੇ ਸਵਰਗਰੂਪੀ ਜੀਵਨ ਦਾ ਆਨੰਦ ਮਾਣ ਸਕਦੇ ਹਨ ਅਤੇ ਆਪਣੀਆ ਆਉਣ ਵਾਲੀਆ ਨਸਲਾਂ ਲਈ ਰਾਹ ਦੁਸੇਰਾ ਬਣਕੇ ਫਿਰ ਤੋ ਪੰਜਾਬ ਨੂੰ ਸੋਨੇ ਦੀ ਚਿੜੀ ਕਹਿਲਾਉਣ ਵਿਚ ਫਖਰ ਮਹਿਸੂਸ ਕਰ ਸਕਦੇ ਹਨ । ਉਨ੍ਹਾਂ ਉਮੀਦ ਪ੍ਰਗਟ ਕੀਤੀ ਕਿ ਪੰਜਾਬ ਵਿਚ ਵੱਸਣ ਵਾਲਾ ਹਰ ਵਿਅਕਤੀ ਅਤੇ ਹਰ ਘਰ 2027 ਦੀਆਂ ਚੋਣਾਂ ਵਿਚ ਆਪਣੇ ਇਨਸਾਨੀ ਫਰਜਾਂ ਦੀ ਪੂਰਤੀ ਕਰਕੇ ਇਨ੍ਹਾਂ ਤਾਕਤਾਂ ਨੂੰ ਕਰਾਰੀ ਹਾਰ ਦਿੰਦੇ ਹੋਏ ਇਥੇ ਬੇਗਮਪੁਰਾ ਦੇ ਅਰਥ ਭਰਪੂਰ ਪ੍ਰਚਾਰ ਤੇ ਪ੍ਰਸਾਰ ਕਰਦੇ ਹੋਏ ਸਹੀ ਮਾਇਨਿਆ ਵਿਚ 'ਰਾਮ ਰਾਜ' ਕਾਇਮ ਕਰਨ ਦੇ ਫਰਜ ਅਦਾ ਕਰਨਗੇ ।

ਯੂਨੀਵਰਸਿਟੀ ਕਾਲਜ ਜੰਡਿਆਲਾ ਵਿੱਚ ਨਵੇਂ 'ਗੰਡਿੰਗ ਹਾਲ' ਦੀ ਉਸਾਰੀ ਆਰੰਭ

ਯੂਨੀਵਰਸਿਟੀ ਦੇ ਰਜਿਸਟਰਾਰ ਨੇ ਰੱਖਿਆ ਨੀਂਹ ਪੱਥਰ

ਜਲੰਧਰ/ਜੰਡਿਆਲਾ, 14 ਨਵੰਬਰ (ਪ.ਪ)

ਯੂਨੀਵਰਸਿਟੀ ਦੇ ਰਜਿਸਟਰਾਰ ਪ੍ਰੋ.(ਡਾ.) ਕਰਮਜੀਤ ਸਿੰਘ ਚਾਹਲ ਵੱਲੋਂ ਰੱਖਿਆ ਗਿਆ।



ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਦੇ ਸਿੱਧੇ ਪ੍ਰਬੰਧਾਂ ਅਧੀਨ ਮਾਣਯੋਗ ਉਪ-ਕੁਲਪਤੀ ਪ੍ਰੋ.(ਡਾ.)ਕਰਮਜੀਤ ਸਿੰਘ ਦੀ ਰਹਿਨੁਮਾਈ ਅਤੇ ਪ੍ਰੋ.(ਡਾ.)ਸਰੋਜ ਅਰੋੜਾ ਡੀਨ ਕਾਲਜ ਵਿਕਾਸ ਕੌਂਸਲ ਦੇ ਦਿਸ਼ਾ-ਨਿਰਦੇਸ਼ਾਂ ਅਧੀਨ ਚੱਲ ਰਹੇ ਗੁਰੂ ਗੋਬਿੰਦ ਸਿੰਘ ਯੂਨੀਵਰਸਿਟੀ ਕਾਲਜ ਜੰਡਿਆਲਾ ਵਿਖੇ ਕਾਲਜ ਇੰਚਾਰਜ ਜਸ਼ਨਜੋਤ ਸਿੰਘ ਜੌਹਲ ਦੀ ਅਗਵਾਈ ਹੇਠਾਂ ਵਿਦਿਆਰਥੀਆਂ ਨੂੰ ਪੜ੍ਹਾਈ ਲਈ ਬਿਹਤਰ ਅਤੇ ਸ਼ਾਂਤਮਈ ਮਾਹੌਲ ਪ੍ਰਦਾਨ ਕਰਨ ਦੇ ਉਦੇਸ਼ ਨਾਲ ਗੁਰੂ ਗੋਬਿੰਦ ਸਿੰਘ ਯੂਨੀਵਰਸਿਟੀ ਕਾਲਜ ਵਿਖੇ ਨਵੇਂ ਬਣਨ ਵਾਲੇ ਆਧੁਨਿਕ 'ਗੰਡਿੰਗ ਹਾਲ' ਦਾ ਨੀਂਹ ਪੱਥਰ ਉਨ੍ਹਾਂ ਨੇ ਸੰਸਥਾ ਦੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕਰਦਿਆਂ ਕਿਹਾ ਕਿ ਆਧੁਨਿਕ ਸਹੂਲਤਾਂ ਨਾਲ ਲੈਸ ਇਹ ਹਾਲ ਵਿਦਿਆਰਥੀਆਂ ਲਈ ਗਿਆਨ ਦਾ ਇੱਕ ਨਵਾਂ ਕੇਂਦਰ ਬਣੇਗਾ ਅਤੇ ਉਨ੍ਹਾਂ ਨੂੰ ਪੜ੍ਹਨ-ਲਿਖਣ ਦੇ ਨਾਲ-ਨਾਲ ਸੱਭਿਆਚਾਰ ਨਾਲ ਜੋੜਨ ਵਿੱਚ ਅਹਿਮ ਭੂਮਿਕਾ ਨਿਭਾਏਗਾ। ਇਸ ਮੌਕੇ ਕਾਲਜ ਇੰਚਾਰਜ ਜਸ਼ਨਜੋਤ ਸਿੰਘ ਜੌਹਲ ਨੇ ਆਏ ਹੋਏ ਮਹਿਮਾਨਾਂ ਨੂੰ ਸਨਮਾਨ ਚਿੰਨ੍ਹ ਭੇਂਟ ਕੀਤਾ ਤੇ ਨਿੱਘਾ ਸਵਾਗਤ ਕੀਤਾ। ਕਾਲਜ ਦੇ ਪੁਰਾਣੇ ਵਿਦਿਆਰਥੀ ਡਾ.ਲਖਵਿੰਦਰ ਸਿੰਘ ਜੌਹਲ ਨੇ ਦੱਸਿਆ ਕਿ ਕਾਲਜ ਦੇ ਵਿਦਿਆਰਥੀਆਂ ਲਈ ਇਹ ਹਾਲ ਲਗਭਗ 1350 ਵਰਗ ਫੁੱਟ ਦਾ ਬਣੇਗਾ। ਇਸ ਨੂੰ ਜੰਡਿਆਲਾ ਪਿੰਡ ਦੇ ਨਿਵਾਸੀ ਸੁਰਿੰਦਰ ਸਿੰਘ ਜੌਹਲ, ਜੋ ਹੁਣ ਐਡਮਿੰਟਨ (ਕੈਨੇਡਾ) ਵਿੱਚ ਹੈ, ਦੁਆਰਾ ਬਣਾਇਆ ਜਾ ਰਿਹਾ ਹੈ, ਜਿਸ ਵੱਲੋਂ ਆਪਣੇ ਦਾਦਾ ਸਰਦਾਰ ਮੰਗਲ ਸਿੰਘ ਲੰਬੜਦਾਰ ਦੀ ਯਾਦ ਵਿੱਚ ਇਸ ਹਾਲ ਲਈ 20 ਲੱਖ ਰੁਪਏ ਦੀ ਸਹਾਇਤਾ ਭੇਜੀ ਗਈ ਹੈ। ਇਸ ਹਾਲ ਦਾ ਨਾਮ 'ਲੰਬੜਦਾਰ ਮੰਗਲ ਸਿੰਘ ਜੌਹਲ ਮੈਮੋਰੀਅਲ ਹਾਲ' ਰੱਖਿਆ ਗਿਆ ਹੈ। ਇਸ ਮੌਕੇ ਇਸ ਸਮਾਗਮ ਦਾ ਸ੍ਰੀ ਮੱਖਣ ਲਾਲ ਪੱਲਣ ਚੇਅਰਮੈਨ ਸੈਨ ਸਮਾਜ ਵੈਲਫ਼ੇਅਰ ਬੋਰਡ ਪੰਜਾਬ,ਸਾਬਕਾ ਸਰਪੰਚ ਪਿੰਡ ਜੰਡਿਆਲਾ ਅਤੇ ਜੰਡਿਆਲਾ ਲੋਕ ਭਲਾਈ ਮੰਚ ਦੇ ਪ੍ਰਧਾਨ ਨੇ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ। ਸਮਾਗਮ ਵਿੱਚ ਗੁਰੂ ਨਾਨਕ ਦੇਵ ਯੂਨੀਵਰਸਿਟੀ ਤੋਂ ਡਾ. ਰਾਵਲ ਸਿੰਘ ਔਲਖ, ਜੰਡਿਆਲਾ ਦੇ ਸਰਪੰਚ ਕਮਲਜੀਤ ਸਿੰਘ, ਜੰਡਿਆਲਾ ਲੋਕ ਭਲਾਈ ਮੰਚ ਦੇ ਸਕੱਤਰ ਤਰਸੇਮ ਸਿੰਘ, ਬਲਾਕ ਸੰਮਤੀ ਮੈਂਬਰ ਮੱਖਣ ਸਿੰਘ ਜੌਹਲ,ਪੰਚ ਜਸਵਿੰਦਰ ਸਿੰਘ, ਸੁਰਜੀਤ ਸਿੰਘ ਜੰਡਿਆਲਾ,ਸੁਰਜੀਤ ਜੱਜ,ਡਾਕਟਰ ਭੁਪਿੰਦਰ ਕੌਰ, ਡਾ. ਰੁਮਿੰਦਰ ਕੌਰ, ਏਕਮ ਸਿੰਘ ਪੰਨੂ, ਸੁਖਵਿੰਦਰ ਸਿੰਘ, ਬਲਕਾਰ ਸਿੰਘ, ਡਾ. ਉਮਿੰਦਰ ਸਿੰਘ ਜੌਹਲ, ਕਰਮਜੀਤ ਸਿੰਘ ਸਰਪੰਚ ਪੰਡੋਰੀ, ਗੁਰਵਿੰਦਰ ਸਿੰਘ ਪੰਚ,ਸੁਖਜੀਤ ਸਿੰਘ ਮਾਸਟਰ, ਜਸਪਾਲ ਸੋਨਾ ਪੁਰੇਵਾਲ, ਸਤਵੀਰ ਸਿੰਘ ਸੱਤੀ, ਹਰਜਿੰਦਰ ਸਿੰਘ ਅਤੇ ਹੋਰ ਪਤਵੰਤੇ ਹਾਜ਼ਰ ਸਨ।

ਸਰਕਾਰੀ ਹਾਈ ਸਕੂਲ ਰਾਮਪੁਰ ਜਜਰ ਵਿਖੇ ਬੈਗ ਲੈਸ ਡੇਅ ਮਨਾਇਆ ਗਿਆ

ਸ੍ਰੀ ਅਨੰਦਪੁਰ ਸਾਹਿਬ 14 ਨਵੰਬਰ (ਪ.ਪ)



ਰਾਜ ਵਿੱਦਿਅਕ ਖੋਜ ਅਤੇ ਸਿਖਲਾਈ ਪਰਿਸ਼ਦ ਪੰਜਾਬ ਦੇ ਵੱਲੋਂ ਪੰਜਾਬ ਰਾਜ ਦੇ ਸਮੂਹ ਸਕੂਲਾਂ ਵਿੱਚ ਮੁੱਖ ਮੰਤਰੀ ਪੰਜਾਬ ਸ੍ਰੀ ਭਗਵਾਨ ਸਿੰਘ ਮਾਨ ਅਤੇ ਸਿੱਖਿਆ ਮੰਤਰੀ ਸ਼੍ਰੀ ਹਰਜੋਤ ਸਿੰਘ ਬੈਂਸ ਦੀ ਯੋਗ ਅਗਵਾਈ ਅਤੇ ਜ਼ਿਲ੍ਹਾ ਸਿੱਖਿਆ ਅਫਸਰ ਸ੍ਰੀ ਪ੍ਰੇਮ ਕੁਮਾਰ ਮਿੱਤਲ ਜੀ ਦੇ ਨਿਰਦੇਸ਼ਾਂ ਤਹਿਤ ਸਰਕਾਰੀ ਹਾਈ ਸਕੂਲ ਰਾਮਪੁਰ ਜੱਜਰ(ਰੂਪਨਗਰ) ਵਿਖੇ ਦਿਨ ਸ਼ਨੀਵਾਰ ਨੂੰ ਮੁੱਖ ਗਤੀਵਿਧੀ ਜਮਾਤਾਂ ਦੀ ਸਜਾਵਟ ਅਤੇ ਰੰਗੋਲੀ ਤਹਿਤ ਬੈਗ- ਲੈੱਸ ਡੇ ਮਨਾਇਆ ਗਿਆ । ਜਿਸ ਵਿੱਚ ਛੇਵੀਂ ਤੋਂ ਅੱਠਵੀਂ ਤੱਕ ਦੇ ਵਿਦਿਆਰਥੀਆਂ ਦੁਆਰਾ ਸਵੇਰ ਦੀ ਸਭਾ ਵਿੱਚ ਯੋਗ ਆਸਣ ਅਤੇ ਮਾਇੰਡ ਫੁਲਨੈਸ ਗਤੀਵਿਧੀਆਂ ਤੋਂ ਇਲਾਵਾ ਸਮੂਹ ਜਮਾਤਾਂ ਦੀ ਸਜਾਵਟ ਦੇ ਨਾਲ -ਨਾਲ ਰੰਗੋਲੀ ਬਣਾਈ ਗਈ ਅਤੇ ਦੀਵੇ ਵੀ ਬਾਲੇ ਗਏ। ਸਕੂਲ ਵਿੱਚ ਪੌਦੇ ਲਗਾ ਕੇ ਗਰੀਨ ਦੀਵਾਲੀ

ਗੁਰੂ ਅਮਰਦਾਸ ਪਬਲਿਕ ਸਕੂਲ ਵਿਖੇ ਮਨਾਇਆ ਗਿਆ ਬਾਲ ਦਿਵਸ





ਜਲੰਧਰ: 14 ਨਵੰਬਰ (ਪ.ਪ)

ਪ੍ਰਧਾਨ .ਮਹਿੰਦਰਜੀਤ ਸਿੰਘ ਅਤੇ ਸਮੂਹ ਪ੍ਰਬੰਧਕ ਕਮੇਟੀ ਦੀ ਸੁਚੱਜੀ ਨਿਗਰਾਨੀ ਵਿੱਚ ਚੱਲ ਰਹੇ ਗੁਰੂ ਅਮਰਦਾਸ ਪਬਲਿਕ ਸਕੂਲ ਮਾਡਲ ਟਾਊਨ ਜਲੰਧਰ ਦੇ ਜੂਨੀਅਰ ਵਿੰਗ ਵਿਖੇ ਦੇਸ਼ ਦੇ ਪਹਿਲੇ ਪ੍ਰਧਾਨ ਮੰਤਰੀ ਪੰਡਿਤ ਜਵਾਹਰ ਲਾਲ ਨਹਿਰੂ ਦੇ ਜਨਮ ਦਿਨ ਨੂੰ ਸਮਰਪਿਤ 'ਬਾਲ ਦਿਵਸ' ਕਾਰਨੀਵਲ ਲਗਾਈ ਗਈ। ਬੱਚਿਆਂ ਦੇ ਇਸ ਖਾਸ ਦਿਵਸ ਮੌਕੇ ਪ੍ਰਧਾਨ ਸ: ਮਹਿੰਦਰਜੀਤ ਸਿੰਘ ਨੇ ਕਮੇਟੀ ਮੈਂਬਰਜ਼ ਡਾ.ਐੱਚ.ਐੱਮ.ਹੁਰੀਆ ਅਤੇ ਸ. ਕੁਲਤਾਰਨ ਸਿੰਘ ਅਨੰਦ ਨਾਲ ਖਾਸਤੌਰ ਤੇ ਸ਼ਿਰਕਤ ਕੀਤੀ । ਸਕੂਲ ਦੇ ਵਿਦਿਆਰਥੀਆਂ ਅਤੇ ਉਹਨਾਂ ਦੇ ਮਾਪਿਆਂ ਨੇ ਬਾਲ ਮੇਲੇ ਵਿੱਚ ਪੂਰੇ ਜੋਸ਼ ਅਤੇ ਉਤਸ਼ਾਹ ਨਾਲ ਭਾਗ ਲਿਆ । ਇਸ ਮੌਕੇ ਵਿਦਿਆਰਥੀਆਂ ਲਈ ਪੀਕ- ਏ-ਬੂ,ਆਪਣੀ ਕਿਸਮਤ ਅਜਮਾਓ, ਫਲਾਵਰ ਰੂਪ ਚੈਲੇਂਜ, ਕੋਆਇਨ ਸਪੈਸ਼ਲ, ਰਿੰਗ ਸੁੱਟੋ, ਪਿੰਗ ਪੌਂਡ ਬਾਲ, ਜੈਕਪਾਰਟ ਜੈਕਸ਼ਨ, ਡਾਰਟ ਗੇਮ, ਤੀਰ-ਅੰਦਾਜ਼ੀ, ਜੰਗਲ ਥੀਮ ਬਾਉਂਸੀ, ਪਿਰਾਮਿਡ ਬਾਉਂਸੀ ਆਦਿ ਬਹੁਤ ਸਾਰੀਆਂ ਵੱਖ-ਵੱਖ ਖੇਡਾਂ ਅਤੇ ਖਾਣ ਪੀਣ ਦੇ ਸਟਾਲਾਂ ਦਾ ਪ੍ਰਬੰਧ ਕੀਤਾ ਗਿਆ। ਪ੍ਰਧਾਨ ਮਹਿੰਦਰਜੀਤ ਸਿੰਘ ,ਪ੍ਰਬੰਧਕ ਕਮੇਟੀ, ਪ੍ਰਿੰਸੀਪਲ ਡਾ.ਅਪਰਣਾ ਮਹਿਤਾ ਅਤੇ ਵਾਈਸ ਪ੍ਰਿੰਸੀਪਲ ਜੈਸਮੀਨ ਕੌਰ ਨੇ ਵਿਦਿਆਰਥੀਆਂ ਨੂੰ ਬਾਲ ਦਿਵਸ ਦੀਆਂ ਵਧਾਈਆਂ ਦਿੱਤੀਆਂ ਅਤੇ ਬਾਲ ਦਿਵਸ ਮਨਾਉਣ ਦਾ ਸੰਦੇਸ਼ ਦਿੰਦੇ ਹੋਏ ਕਿਹਾ ਕਿ ਸਭ ਨੂੰ ਇਹ ਪ੍ਰਣ ਕਰਨਾ ਚਾਹੀਦਾ ਹੈ ਕਿ ਸਾਨੂੰ ਬੱਚਿਆਂ ਦੇ ਸੁਨਹਿਰੀ ਭਵਿੱਖ, ਚੰਗੀ ਤਾਲੀਮ (ਸਿੱਖਿਆ) ਅਤੇ ਉਨ੍ਹਾਂ ਦੇ ਅਧਿਕਾਰਾਂ ਦੀ ਰੱਖਿਆ ਲਈ ਮਿਲ ਕੇ ਕੰਮ ਕਰਨੇ ਚਾਹੀਦੇ ਹਨ ਤਾਂ ਜੋ ਹਰ ਇੱਕ ਬੱਚਾ ਬਿਨਾਂ ਕਿਸੇ ਰੁਕਾਵਟ ਦੇ ਤਰੱਕੀ ਕਰ ਸਕੇ। ਇਸ ਮੌਕੇ ਸਕੂਲ ਨੂੰ ਰੰਗ-ਬਰੰਗੀਆਂ ਝੰਡੀਆਂ, ਫੁੱਲਾਂ ਅਤੇ ਗੁਬਾਰਿਆਂ ਨਾਲ ਸਜਾਇਆ ਗਿਆ।

ਸ਼੍ਰੀ ਰਾਮ ਦਰਬਾਰ ਮੰਦਰ ਮਾਲੇਰਕੋਟਲਾ ਵਿਖੇ ਸ਼੍ਰੀ ਵਿਸ਼ਵਕਰਮਾ ਪੂਜਾ ਦਿਵਸ ਮਨਾਇਆ

ਮਾਲੇਰਕੋਟਲਾ, 14 ਨਵੰਬਰ (ਪ.ਪ)

ਸ਼੍ਰੀ ਵਿਸ਼ਵਕਰਮਾ ਪੂਜਾ ਦਿਵਸ ਬੜੀ ਸ਼ਰਧਾ ਤੇ ਸਤਿਕਾਰ ਨਾਲ ਮਨਾਇਆ ਗਿਆ। ਸ਼੍ਰੀ ਕਮਲੇਸ਼ ਕੁਮਾਰ ਰਿਟਾ. ਪ੍ਰਿੰਸੀਪਲ ਅਤੇ ਸ਼੍ਰੀ ਰਾਜ ਕੁਮਾਰ ਚਾਨਾ ਦੀ ਅਗਵਾਈ ਵਿੱਚ ਸਮਾਗਮ ਦਾ ਪ੍ਰਬੰਧ ਕੀਤਾ ਗਿਆ। ਇਸ ਸਮਾਗਮ ਵਿੱਚ ਸ਼੍ਰੀ ਵਿਸ਼ਵਕਰਮਾ ਪੁਰਾਣ ਪਾਠ ਸ਼੍ਰੀ ਵਿਜੈ ਕੁਮਾਰ ਸੈਂਸ ਪੁੱਤਰ ਸਵਃ ਸ਼੍ਰੀ ਸ਼ਿਆਮ ਕੁਮਾਰ ਸੈਂਸ ਨੇ ਪਰਿਵਾਰ ਸਮੇਤ ਕਰਵਾਇਆ। ਇਸ ਉਪਰੰਤ ਝੰਡੇ ਦੀ ਰਸਮ ਸ. ਨਾਜਰ ਸਿੰਘ ਸੈਂਸ, ਰੋਲ ਮੈਕ ਇੰਜੀਨੀਅਰਿੰਗ ਨੌਧਰਾਣੀ ਰੋਡ, ਮਾਲੇਰਕੋਟਲਾ ਨੇ ਆਪਣੇ ਕਰ ਕਮਲਾਂ ਨਾਲ ਕੀਤੀ। ਧਾਰਮਿਕ ਪ੍ਰੋਗਰਾਮ ਵਿੱਚ ਕਈ ਕਵੀਸ਼ਰਾਂ ਨੇ ਬਾਬਾ ਜੀ ਦਾ ਗੁਣਗਾਨ ਕੀਤਾ। ਸਟੇਜ ਸਕੱਤਰ ਸ. ਨਿਰਮਲ ਸਿੰਘ ਫਲੌਂਡ ਨੇ ਬਾਬਾ ਜੀ ਦੀਆਂ ਸਿੱਖਿਆਵਾਂ ਤੇ ਚੱਲਣ ਦੀ ਪ੍ਰੇਰਨਾ ਕੀਤੀ। ਸ਼੍ਰੀ ਕਮਲਜੀਤ ਚਾਨਾ (ਬਬਲੂ) ਨੇ ਆਪਣੇ ਸੰਬੋਧਨ ਵਿੱਚ ਕਿਰਤੀ ਸਮਾਜ ਨੂੰ ਇਕੱਠੇ ਹੋ ਕੇ ਰਾਜਸੀ ਤਾਕਤ ਦਿਖਾਉਣ ਲਈ ਕਿਹਾ। 'ਵਾਰਿਸ ਪੰਜਾਬ ਦੇ' ਦੇ ਆਗੂ ਸ਼੍ਰੀ ਬਿੱਟੂ ਚੌਹਾਨ ਨੇ ਸਮਾਗਮ ਵਿੱਚ ਭਾਗ ਲੈ ਕੇ ਸਭ ਨੂੰ ਸ਼੍ਰੀ ਵਿਸ਼ਵਕਰਮਾ ਪੂਜਾ ਦਿਵਸ ਦੀਆਂ ਹਾਰਦਿਕ ਵਧਾਈ ਦਿੱਤੀ। ਪੰਡਿਤ ਰਾਜ ਕਪੂਰ ਸ਼ਰਮਾ ਨੇ ਪੂਜਾ ਤੇ ਆਰਤੀ ਪੂਰੇ ਵਿਧੀ ਵਿਧਾਨ ਨਾਲ ਸੰਪੰਨ ਕੀਤੀ। ਪਾਠ ਕਰਵਾਉਣ ਅਤੇ ਝੰਡੇ ਦੀ ਰਸਮ ਨਿਭਾਉਣ ਵਾਲੇ ਸ਼ਰਧਾਲੂਆਂ ਦਾ ਮੰਦਰ ਵੱਲੋਂ ਸਨਮਾਨ ਕੀਤਾ ਗਿਆ। ਸ਼੍ਰੀ ਵਿਸ਼ਵਕਰਮਾ ਸਭਾ ਮਾਲੇਰ, ਬਾਬਾ ਰੋਡੇ ਸ਼੍ਰੀ ਵਿਸ਼ਵਕਰਮਾ ਸਭਾ ਜਮਾਲਪੁਰਾ, ਗੁਰਦੁਆਰਾ ਸਾਹਿਬ ਭਾਈ ਲਾਲੋ ਜੀ ਸਗੀਹ, ਵਿਸ਼ਵਕਰਮਾ ਵੈਲਫੇਅਰ ਸੁਸਾਇਟੀ ਮਾਲੇਰਕੋਟਲਾ ਦੇ ਅਹੁਦੇਦਾਰਾਂ ਨੇ ਹਾਜ਼ਰੀ ਭਰ ਕੇ ਸਮਾਗਮ ਨੂੰ ਚਾਰ ਚੰਨ ਲਾਏ। ਡਾ. ਸੁਸ਼ੀਲ ਕੁਮਾਰ ਉੱਪ ਪ੍ਰਧਾਨ ਮੰਦਰ ਕਮੇਟੀ ਨੇ ਸਮੂਹ ਸੰਗਤ ਦਾ ਤਹਿ ਦਿਲੋਂ ਧੰਨਵਾਦ ਕੀਤਾ। ਇਸ ਮੌਕੇ ਸ਼੍ਰੀ ਰਾਜਵਿੰਦਰ ਸਿੰਘ ਸੈਂਸ, ਦਵਿੰਦਰ ਸਿੰਘ ਮਠਾੜੂ, ਡਾਲੀ ਰਾਮ ਪੈਂਕਾ, ਅਮਰਜੀਤ ਸਿੰਘ ਹੁੰਜਣ, ਚਰਨਦਾਸ ਸੌਂਦ, ਜਸਵਿੰਦਰ ਸਿੰਘ ਹੁੰਜਣ, ਕੁਲਦੀਪ ਸਿੰਘ ਸੈਂਸ, ਸੁਰਜੀਤ ਕੁਮਾਰ ਸੈਂਸ, ਰਾਮਦਰਬਾਰ ਮੰਦਰ ਕਮੇਟੀ ਦੇ ਮੈਂਬਰ ਰਾਜ ਕੁਮਾਰ ਬਾਂਸਲ, ਵਿਜੈ ਕੁਮਾਰ ਸਿੰਗਲਾ, ਹਕੀਮ ਜੈ ਦੇਵ ਇਸ ਸ਼ੁਭ ਮੌਕੇ ਹਾਜ਼ਰ ਸਨ।



ਏਜੀਆਈ ਇੰਫਰਾ ਲਿਮਟਿਡ ਵੱਲੋਂ ਸ਼੍ਰੀ ਗੁਰੂ ਨਾਨਕ ਦੇਵ ਜੀ ਦਾ ਪਾਵਨ ਪ੍ਰਕਾਸ਼ ਪੁਰਬ ਮਨਾਇਆ ਜਾਵੇਗਾ

ਜਲੰਧਰ 14 ਨਵੰਬਰ(ਪ.ਪ)

ਏਜੀਆਈ ਇੰਫਰਾ ਲਿਮਟਿਡ ਵੱਲੋਂ ਸ਼੍ਰੀ ਗੁਰੂ ਨਾਨਕ ਦੇਵ ਜੀ ਦਾ ਪਾਵਨ ਪ੍ਰਕਾਸ਼ ਪੁਰਬ 21 ਨਵੰਬਰ 2026 ਨੂੰ ਪੂਰੀ ਸ਼ਰਧਾ, ਵਿਸ਼ਵਾਸ ਅਤੇ ਰਵਾਇਤੀ ਧਾਰਮਿਕ ਗੀਤਾਂ ਅਨੁਸਾਰ ਮਨਾਇਆ ਜਾਵੇਗਾ।ਇਹ ਧਾਰਮਿਕ ਸਮਾਗਮ ਜਲੰਧਰ ਦੇ 66 ਫੁੱਟ ਰੋਡ ਸਥਿਤ ਏਜੀਆਈ ਅਰਬਾਨਾ, ਜਲੰਧਰ ਹਾਈਟਸ-2 ਦੇ ਸੁੰਦਰ ਢੰਗ ਨਾਲ ਸਜਾਏ ਗਏ ਗਲਾਸ ਹਾਊਸ ਵਿੱਚ ਕਰਵਾਇਆ ਜਾਵੇਗਾ।ਏਜੀਆਈ ਇੰਫਰਾ ਲਿਮਟਿਡ ਦੇ ਪ੍ਰਬੰਧਕਾਂ ਵੱਲੋਂ ਆਪਣੇ ਸਾਰੇ ਪ੍ਰੋਜੈਕਟਾਂ ਦੇ ਵਸਨੀਕਾਂ ਨੂੰ ਇਸ ਪਵਿੱਤਰ ਸਮਾਗਮ ਵਿੱਚ ਸ਼ਾਮਲ ਹੋਣ ਦਾ ਸੱਦਾ ਦਿੱਤਾ ਗਿਆ ਹੈ। ਇਨ੍ਹਾਂ ਵਿੱਚ ਜਲੰਧਰ ਹਾਈਟਸ-1, 2 ਅਤੇ 3, ਏਜੀਆਈ ਮੈਕਸੀਮਾ, ਸਮਾਰਟ ਹੋਮਜ਼ ਅਤੇ ਸਕਾਈ ਗਾਰਡਨ ਸ਼ਾਮਲ ਹਨ। ਆਸ-ਪਾਸ ਦੇ ਇਲਾਕਿਆਂ ਦੀ ਸੰਗਤ ਨੂੰ ਵੀ ਇਸ ਧਾਰਮਿਕ ਸਮਾਗਮ ਵਿੱਚ ਸ਼ਾਮਲ ਹੋਣ, ਮੱਥਾ ਟੇਕਣ ਅਤੇ ਗੁਰੂ ਸਾਹਿਬ ਦਾ ਆਸ਼ੀਰਵਾਦ ਲੈਣ ਲਈ ਸੱਦਾ ਦਿੱਤਾ ਗਿਆ ਹੈ।ਏਜੀਆਈ ਇੰਫਰਾ ਲਿਮਟਿਡ ਦੇ ਮੈਨੇਜਿੰਗ ਡਾਇਰੈਕਟਰ ਸਰਦਾਰ ਸੁਖਦੇਵ ਸਿੰਘ ਨੇ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਸਿਰਫ਼ ਇੱਕ ਧਾਰਮਿਕ ਤਿਉਹਾਰ ਹੀ ਨਹੀਂ,



ਸਗੋਂ ਇਹ ਸਾਨੂੰ ਪਿਆਰ, ਇਨਸਾਨੀਅਤ, ਬਰਾਬਰੀ, ਦਇਆ ਅਤੇ ਬਿਨਾਂ ਕਿਸੇ ਸਵਾਰਥ ਦੇ ਦੂਜਿਆਂ ਦੀ ਸੇਵਾ ਕਰਨ ਦਾ ਸੰਦੇਸ਼ ਦਿੰਦਾ ਹੈ। ਉਨ੍ਹਾਂ ਕਿਹਾ ਕਿ ਗੁਰੂ ਨਾਨਕ ਦੇਵ ਜੀ ਨੇ ਪੂਰੀ ਦੁਨੀਆ ਨੂੰ ਤਿੰਨ ਮਹਾਨ ਸੰਦੇਸ਼ ਦਿੱਤੇ—ਨਾਮ ਜਪੋ, ਕਿਰਤ ਕਰੋ ਅਤੇ ਵੰਡ ਛਕੋ। ਭਾਵ, ਪਰਮਾਤਮਾ ਦਾ ਨਾਮ ਜਪੋ, ਇਮਾਨਦਾਰੀ ਨਾਲ ਮਿਹਨਤ ਕਰਕੇ ਕਮਾਓ ਅਤੇ ਆਪਣੀ ਕਮਾਈ ਦੂਜਿਆਂ ਨਾਲ ਵੰਡੋ। ਗੁਰੂ ਜੀ ਦੀਆਂ ਸਿੱਖਿਆਵਾਂ ਸਾਨੂੰ ਜਾਤ-ਪਾਤ ਅਤੇ ਭੇਦਭਾਵ ਤੋਂ ਉੱਪਰ ਉੱਠ ਕੇ ਸਾਰਿਆਂ ਨਾਲ ਪਿਆਰ ਅਤੇ ਸਤਿਕਾਰ ਕਰਨ ਅਤੇ ਲੋੜਵੰਦਾਂ ਦੀ ਸੇਵਾ ਕਰਨ ਦੀ ਪ੍ਰੇਰਨਾ ਦਿੰਦੀਆਂ ਹਨ।ਏਜੀਆਈ ਐਜੂਕੇਸ਼ਨਲ ਸੋਸਾਇਟੀ ਦੀ ਚੇਅਰਪਰਸਨ ਸ਼੍ਰੀਮਤੀ ਸਲਵਿੰਦਰਜੀਤ ਕੌਰ ਨੇ ਵੀ ਇਸ ਪਵਿੱਤਰ ਮੌਕੇ 'ਤੇ ਸਾਰੀ ਸੰਗਤ ਨੂੰ ਦਿਲੋਂ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਸਿੱਖਿਆਵਾਂ ਅੱਜ ਵੀ ਉਨੀਆਂ ਹੀ ਮਹੱਤਵਪੂਰਨ ਹਨ। ਗੁਰੂ ਜੀ ਨੇ ਸਾਨੂੰ ਨਿਮਰਤਾ, ਦਇਆ, ਬਰਾਬਰੀ ਅਤੇ ਹਰ ਇਨਸਾਨ ਦਾ ਸਤਿਕਾਰ ਕਰਨ ਦਾ ਰਸਤਾ ਦਿਖਾਇਆ ਹੈ। ਇਹ ਧਾਰਮਿਕ ਸਮਾਗਮ ਸਿੱਖ ਧਰਮ ਦੀਆਂ ਰਵਾਇਤੀ ਮਰਿਆਦਾਵਾਂ ਅਨੁਸਾਰ ਕਰਵਾਇਆ ਜਾਵੇਗਾ।ਗੁਰਪੁਰਬ ਦੇ ਪਵਿੱਤਰ ਸਮਾਗਮ ਦੀ ਸ਼ੁਰੂਆਤ ਸ਼ਾਮ 6:00 ਵਜੇ ਪਵਿੱਤਰ ਰਹਿਰਾਸ ਸਾਹਿਬ ਦੇ ਪਾਠ ਨਾਲ ਹੋਵੇਗੀ। ਇਸ ਤੋਂ ਬਾਅਦ ਸ਼ਾਮ 7:00 ਵਜੇ ਕੀਰਤਨ ਅਤੇ ਅਰਦਾਸ ਹੋਵੇਗੀ।ਸਮਾਗਮ ਦੀ ਸਮਾਪਤੀ ਗੁਰੂ ਦੇ ਲੰਗਰ ਨਾਲ ਰਾਤ 9:30 ਵਜੇ ਹੋਵੇਗੀ। ਇਸ ਮੌਕੇ ਸਾਰੀ ਸੰਗਤ ਇਕੱਠੇ ਬੈਠ ਕੇ ਲੰਗਰ ਛਕੇਗੀ। ਇਹ ਸਿੱਖ ਧਰਮ ਦੀ ਬਰਾਬਰੀ, ਭਾਈਚਾਰੇ ਅਤੇ ਮਿਲ-ਜੁਲ ਕੇ ਰਹਿਣ ਦੀ ਮਹਾਨ ਪਰੰਪਰਾ ਦਾ ਸੁੰਦਰ ਸੰਦੇਸ਼ ਹੈ।

ਰਾਸ਼ਟਰੀ ਲਾਇਬ੍ਰੇਰੀ ਦਿਵਸ ਮੌਕੇ 'ਬੈਸਟ ਲਾਇਬ੍ਰੇਰੀ ਸਟੂਡੈਂਟ' ਸਨਮਾਨ ਦੀ ਸ਼ੁਰੂਆਤ

ਜਲੰਧਰ, 14 ਨਵੰਬਰ (ਪ.ਪ)

ਲਾਇਲਪੁਰ ਖਾਲਸਾ ਕਾਲਜ, ਜਲੰਧਰ ਦੀ ਗੁਰੂ ਨਾਨਕ ਦੇਵ ਲਾਇਬ੍ਰੇਰੀ ਵੱਲੋਂ 14 ਨਵੰਬਰ ਨੂੰ ਰਾਸ਼ਟਰੀ ਲਾਇਬ੍ਰੇਰੀ ਦਿਵਸ ਮੌਕੇ ਵਿਦਿਆਰਥੀਆਂ ਵਿੱਚ ਪੜ੍ਹਨ ਦੀ ਰੁਚੀ ਨੂੰ ਪ੍ਰਫੁੱਲਤ ਕਰਨ ਲਈ ਇੱਕ ਨਵੀਂ ਪਹਿਲਕਦਮੀ ਦੀ ਸ਼ੁਰੂਆਤ ਕੀਤੀ। ਇਸ ਪਹਿਲਕਦਮੀ ਤਹਿਤ ਹਰ ਸਾਲ ਰਾਸ਼ਟਰੀ ਲਾਇਬ੍ਰੇਰੀ ਦਿਵਸ 'ਤੇ ਲਾਇਬ੍ਰੇਰੀ ਨਾਲ ਵਿਸ਼ੇਸ਼ ਤੌਰ 'ਤੇ ਜੁੜੇ ਅਤੇ ਪੜ੍ਹਨ ਵਿੱਚ ਰੁਚੀ ਰੱਖਣ ਵਾਲੇ ਵਿਦਿਆਰਥੀ ਨੂੰ 'ਬੈਸਟ ਲਾਇਬ੍ਰੇਰੀ ਸਟੂਡੈਂਟ' ਦੇ ਸਨਮਾਨ ਨਾਲ ਨਿਵਾਜਿਆ ਜਾਵੇਗਾ।ਇਸ ਲੜੀ ਦੀ ਸ਼ੁਰੂਆਤ ਕਰਦਿਆਂ ਕਾਲਜ ਦੇ ਪ੍ਰਿੰਸੀਪਲ ਡਾ. ਰਸ਼ਪਾਲ ਸਿੰਘ ਸੰਧੂ ਅਤੇ ਲਾਇਬ੍ਰੇਰੀਅਨ ਸ. ਸਤਿੰਦਰ ਸਿੰਘ ਦਿਓਲ ਵੱਲੋਂ ਐਮ.ਏ. ਹਿਸਟਰੀ ਸਮੈਸਟਰ ਪਹਿਲੇ ਦੇ ਵਿਦਿਆਰਥੀ ਜਸ਼ਨਪ੍ਰੀਤ ਨੂੰ 'ਬੈਸਟ ਲਾਇਬ੍ਰੇਰੀ ਸਟੂਡੈਂਟ' ਵਜੋਂ ਚੁਣ ਕੇ ਸਨਮਾਨਿਤ ਕੀਤਾ ਗਿਆ। ਪ੍ਰਿੰਸੀਪਲ ਡਾ. ਰਸ਼ਪਾਲ ਸਿੰਘ ਸੰਧੂ ਨੇ ਵਿਦਿਆਰਥੀਆਂ ਨੂੰ ਵੱਧ ਤੋਂ ਵੱਧ ਕਿਤਾਬਾਂ



ਪੜ੍ਹਨ ਅਤੇ ਲਾਇਬ੍ਰੇਰੀ ਦੀ ਨਿਯਮਿਤ ਵਰਤੋਂ ਕਰਨ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਕਿਤਾਬਾਂ ਮਨੁੱਖ ਦੀਆਂ ਸੱਚੀਆਂ ਮਿੱਤਰ ਹੁੰਦੀਆਂ ਹਨ। ਪੜ੍ਹਨ ਦੀ ਆਦਤ ਮਨੁੱਖ ਦੀ ਸੋਚ ਨੂੰ ਵਿਸ਼ਾਲ ਬਣਾਉਂਦੀ ਹੈ, ਗਿਆਨ ਵਿੱਚ ਵਾਧਾ ਕਰਦੀ ਹੈ ਅਤੇ ਸ਼ਖ਼ਸੀਅਤ ਦੇ ਸਰਵਪੱਖੀ ਵਿਕਾਸ ਵਿੱਚ ਅਹਿਮ ਭੂਮਿਕਾ ਨਿਭਾਉਂਦੀ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਇੱਕ ਚੰਗਾ ਪਾਠਕ ਬਣਨ ਦੇ ਨਾਲ-ਨਾਲ ਇੱਕ ਜਾਗਰੂਕ, ਸੂਝਵਾਨ ਅਤੇ ਜ਼ਿੰਮੇਵਾਰ ਨਾਗਰਿਕ ਬਣਨ ਦਾ ਸੰਦੇਸ਼ ਵੀ ਦਿੱਤਾ। ਇਸ ਪਹਿਲਕਦਮੀ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਪਾਠਕ੍ਰਮ ਦੀਆਂ ਪੁਸਤਕਾਂ ਤੋਂ ਇਲਾਵਾ ਸਾਹਿਤਕ, ਇਤਿਹਾਸਕ ਅਤੇ ਗਿਆਨਵਰਧਕ ਕਿਤਾਬਾਂ ਪੜ੍ਹਨ ਲਈ ਉਤਸ਼ਾਹਿਤ ਕਰਨਾ ਹੈ, ਤਾਂ ਜੋ ਉਨ੍ਹਾਂ ਵਿੱਚ ਪੜ੍ਹਨ ਦੀ ਸੰਸਕ੍ਰਿਤੀ ਵਿਕਸਿਤ ਹੋਵੇ ਅਤੇ ਉਨ੍ਹਾਂ ਦਾ ਬੌਧਿਕ ਤੇ ਨਿੱਜੀ ਵਿਕਾਸ ਹੋ ਸਕੇ। ਇਹ ਸਨਮਾਨ ਹਰ ਸਾਲ ਰਾਸ਼ਟਰੀ ਲਾਇਬ੍ਰੇਰੀ ਦਿਵਸ ਮੌਕੇ ਦਿੱਤਾ ਜਾਵੇਗਾ, ਤਾਂ ਜੋ ਵਿਦਿਆਰਥੀਆਂ ਨੂੰ ਕਿਤਾਬਾਂ ਨਾਲ ਜੁੜਨ ਅਤੇ ਗਿਆਨ ਦੀ ਦੁਨੀਆ ਵਿੱਚ ਅੱਗੇ ਵਧਣ ਲਈ ਨਿਰੰਤਰ ਪ੍ਰੇਰਣਾ ਮਿਲਦੀ ਰਹੇ।

ਪੰਜਾਬ ਅਤੇ ਪੰਥ ਦੇ ਹਿੱਤਾਂ ਦੀ ਰਾਖੀ ਲਈ ਸਿਧਾਂਤਕ ਖੇਤਰੀ ਪਾਰਟੀ ਦੀ ਅਤਿਅੰਤ ਜਰੂਰਤ, ਜੋ ਕਿ ਪੰਜਾਬ ਵਾਸੀਆਂ ਨੂੰ ਜਲਦੀ ਹੀ ਪੰਥਕ ਏਕਤਾ ਦੇ ਰੂਪ ਵਿੱਚ ਪਾਰਟੀ ਮਿਲੇਗੀ - ਜਥੇਦਾਰ ਗੁਰਪ੍ਰਤਾਪ ਸਿੰਘ ਵਡਾਲਾ

ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੀ ਮੀਟਿੰਗ ਨੇ ਰੈਲੀ ਦਾ ਰੂਪ ਧਾਰਿਆ

ਜਲੰਧਰ 14 ਨਵੰਬਰ (ਪ.ਪ)

ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ) ਹਲਕਾ ਨਕੋਦਰ ਦੀ ਇੱਕ ਅਹਿਮ ਅਤੇ ਵਿਸ਼ੇਸ਼ ਮੀਟਿੰਗ ਨਕੋਦਰ ਸਥਿਤ ਪਾਰਟੀ ਦਫ਼ਤਰ ਵਿਖੇ ਸੀਨੀਅਰ ਆਗੂ ਜਥੇਦਾਰ ਗੁਰਪ੍ਰਤਾਪ ਸਿੰਘ ਵਡਾਲਾ ਦੀ ਯੋਗ ਅਗਵਾਈ ਹੇਠ ਹੋਈ। ਇਸ ਮੀਟਿੰਗ ਵਿੱਚ ਹਲਕੇ ਦੇ ਵੱਖ-ਵੱਖ ਪਿੰਡਾਂ ਅਤੇ ਸ਼ਹਿਰਾਂ ਦੇ ਮੋਹਤਬਰ ਵਿਅਕਤੀਆਂ, ਸੀਨੀਅਰ ਵਰਕਰਾਂ ਅਤੇ ਪਾਰਟੀ ਅਹੁਦੇਦਾਰਾਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ। ਮੀਟਿੰਗ ਦਾ ਮੁੱਖ ਮੰਤਵ ਮੌਜੂਦਾ ਸਿਆਸੀ ਹਾਲਾਤਾਂ ਦਾ ਜਾਇਜ਼ਾ ਲੈਣਾ ਅਤੇ ਹਲਕੇ ਵਿੱਚ ਪਾਰਟੀ ਦੀਆਂ ਗਤੀਵਿਧੀਆਂ ਨੂੰ ਹੋਰ ਤੇਜ਼ ਕਰਨਾ ਸੀ।ਮੀਟਿੰਗ ਨੂੰ ਸੰਬੋਧਨ ਕਰਦਿਆਂ ਜਥੇਦਾਰ ਗੁਰਪ੍ਰਤਾਪ ਸਿੰਘ ਵਡਾਲਾ ਜੀ ਨੇ ਪੰਜਾਬ ਦੀ ਮੌਜੂਦਾ ਸਿਆਸੀ ਹਲਚਲ ਅਤੇ ਸਿੱਖ ਪੰਥ ਨੂੰ ਦਰਪੇਸ਼ ਚੁਣੌਤੀਆਂ 'ਤੇ ਡੂੰਘੀ ਚਿੰਤਾ ਪ੍ਰਗਟ ਕੀਤੀ। ਉਨ੍ਹਾਂ ਕਿਹਾ ਕਿ ਅਜੋਕੇ ਸਮੇਂ ਵਿੱਚ ਪੰਜਾਬ ਅਤੇ ਪੰਥ ਦੇ ਹਿੱਤਾਂ ਦੀ ਰਾਖੀ ਲਈ ਇੱਕ ਮਜ਼ਬੂਤ ਅਤੇ ਸਿਧਾਂਤਕ ਖੇਤਰੀ ਪਾਰਟੀ ਦੀ ਅਤਿਅੰਤ ਲੋੜ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ) ਹਮੇਸ਼ਾ ਪੰਥਕ ਕਦਰਾਂ-ਕੀਮਤਾਂ, ਪੰਜਾਬ ਦੇ ਹੱਕਾਂ ਅਤੇ ਭਾਈਚਾਰਕ ਸਾਂਝ ਨੂੰ ਮਜ਼ਬੂਤ ਕਰਨ ਲਈ ਵਚਨਬੱਧ ਹੈ।ਇਸ ਮੌਕੇ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਪਾਰਟੀ ਦੀ ਰਣਨੀਤੀ ਅਤੇ ਨੀਤੀਆਂ ਬਾਰੇ ਹਾਜ਼ਰ ਮੋਹਤਬਰ ਸੱਜਣਾਂ ਨਾਲ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕੀਤਾ ਗਿਆ। ਜਥੇਦਾਰ ਵਡਾਲਾ ਨੇ ਸਮੂਹ ਵਰਕਰਾਂ ਨੂੰ ਅਪੀਲ ਕੀਤੀ ਕਿ ਉਹ ਪਿੰਡ-ਪਿੰਡ ਅਤੇ ਘਰ-ਘਰ ਜਾ ਕੇ ਪਾਰਟੀ ਦੀਆਂ ਲੋਕ-ਪੱਖੀ ਨੀਤੀਆਂ ਦਾ ਪ੍ਰਚਾਰ ਕਰਨ। ਇਸ ਦੇ ਨਾਲ ਹੀ ਹਲਕੇ ਦੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਵਾਉਣ ਅਤੇ ਬੂਥ ਪੱਧਰ 'ਤੇ ਜਥੇਬੰਦੀ ਨੂੰ ਹੋਰ ਮਜ਼ਬੂਤ ਕਰਨ ਲਈ ਵਿਸ਼ੇਸ਼ ਡਿਊਟੀਆਂ ਵੀ ਲਗਾਈਆਂ ਗਈਆਂ।ਮੀਟਿੰਗ ਦੌਰਾਨ ਪੰਥਕ ਏਕਤਾ ਦੇ ਮੁੱਦੇ 'ਤੇ ਵੀ ਗੰਭੀਰਤਾ ਨਾਲ ਚਰਚਾ ਕੀਤੀ ਗਈ। ਸਮੂਹ ਆਗੂਆਂ ਅਤੇ ਮੋਹਤਬਰਾਂ ਨੇ

ਸਾਹਨੇਵਾਲ ਪ੍ਰੋਗਰਾਮ ਵਿੱਚ ਕਰਾਂਗੇ ਵੱਡੀ ਸ਼ਮੂਲੀਅਤ- ਰਾਣਾਂ

ਆਊਟਸੋਰਸ ਇੰਨਲਿਸਟਮੈਂਟ ਮੁਲਾਜ਼ਮਾਂ ਦੇ ਨਿਯੁਕਤੀ ਪੱਤਰ ਜਾਰੀ ਕੀਤੇ ਜਾਣ



ਸ਼੍ਰੀ ਅਨੰਦਪੁਰ ਸਾਹਿਬ 14 ਨਵੰਬਰ (ਪ.ਪ)

ਅੱਜ ਜਲ ਸਪਲਾਈ ਅਤੇ ਸੈਨੀਟੇਸ਼ਨ ਕੰਟਰੈਕਟ ਵਰਕਰ ਯੂਨੀਅਨ ਪੰਜਾਬ ਰਜਿ ਨੰ 31 ਬ੍ਰਾਂਚ ਸ਼੍ਰੀ ਅਨੰਦਪੁਰ ਸਾਹਿਬ ਦੇ ਚੈਅਰਮੈਨ ਗੋਲਡੀ ਰਾਣਾਂ, ਸਰਪ੍ਰਸਤ ਨਵੀਨ ਪੰਡਿਤ, ਮੁਖ? ਪ੍ਰਬੰਧਕ ਇੰਦਰਪਾਲ ਸਿੰਘ ਰਾਣਾਂ, ਪ੍ਰਧਾਨ ਮੱਖਣ ਕਾਲਸ, ਜਰਨਲ ਸਕੱਤਰ ਗੁਰਮੁਖ ਸਿੰਘ ਕਲੋਤਾ, ਜੱਸੀ ਕੀਰਤਪੁਰ, ਰਜਿੰਦਰ ਦਸਗਰਾਈਂ, ਕਪਿਲ ਮਹਿੰਦਲੀ ਆਦਿ ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਵਲੋਂ ਹੁਣ ਤੱਕ ਆਊਟਸੋਰਸ ਇੰਨਲਿਸਟਮੈਂਟ ਮੁਲਾਜਮਾਂ ਨੂੰ ਨਿਯੁਕਤੀ ਪੱਤਰ ਜਾਰੀ ਨਾਂ ਕਰਨ ਦੇ ਰੋਸ ਵਜੋਂ ਜਿਥੇ ਡਵੀਜ਼ਨ ਪੱਧਰ ਤੇ ਵੱਖ-ਵੱਖ ਸੰਘਰਸ਼ ਉਲੀਕੇ ਗਏ ਹਨ ਉਥੇ ਹੀ ਬ੍ਰਾਂਚ ਕਮੇਟੀ ਵਲੋਂ ਲਗਾਤਾਰ ਸੂਬਾ ਕਮੇਟੀ ਨਾਲ ਮੋਢੇ ਨਾਲ ਮੋਢਾ ਜੋੜ ਕੇ ਸੰਘਰਸ਼ ਪ੍ਰੋਗਰਾਮਾਂ ਵਿਚ ਸ਼ਮੂਲੀਅਤ ਕੀਤੀ ਜਾ ਰਹੀ ਹੈ। ਇਸ ਤੋਂ ਇਲਾਵਾ ਆਊਟਸੋਰਸ ਇੰਨਲਿਸਟਮੈਂਟ ਮੁਲਾਜਮਾਂ ਨੂੰ ਨਿਯੁਕਤੀ ਪੱਤਰ ਜਾਰੀ ਕਰਵਾਉਣ ਦੀ ਜੱਦੋਜਹਿਦ ਕਰ ਰਹੇ ਠੇਕਾ ਮੁਲਾਜਮ ਸੰਘਰਸ਼ ਮੋਰਚਾ ਪੰਜਾਬ ਅਤੇ ਇੰਨਲਿਸਟਮੈਂਟ, ਆਊਟਸੋਰਸ ਮੁਲਾਜ਼ਮ ਤਾਲਮੇਲ ਕਮੇਟੀ ਦੇ ਸਾਰੇ ਪ੍ਰੋਗਰਾਮਾਂ ਵਿਚ ਵੀ ਸ਼ਮੂਲੀਅਤ ਦਾ ਫੈਸਲਾ ਕੀਤਾ ਗਿਆ ਹੈ ਤਾਂ ਜ਼ੋ ਸੰਘਰਸ਼ ਨੂੰ ਚਾਰੋਂ ਪਾਸਿਓਂ ਵਿਸ਼ਾਲ ਅਤੇ ਵਿਰਾਟ ਰੂਪ ਦਿਤਾ ਜਾਵੇ। ਇਸੇ ਕੜੀ ਤਹਿਤ ਅੱਜ ਪ੍ਰੈਸ ਬਿਆਨ ਜਾਰੀ ਕਰਦਿਆਂ ਸਥਾਨਕ ਆਗੂਆਂ ਨੇ ਕਿਹਾ ਕਿ ਸੂਬਾ ਕਮੇਟੀ ਦੇ ਸੱਦੇ ਤੇ ਹੁਣ ਵੀਹ ਨਵੰਬਰ ਨੂੰ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਦੇ ਮੰਤਰੀ ਦੀ ਸਾਹਨੇਵਾਲ ਸਥਿਤ ਰਿਹਾਇਸ਼ ਦੇ ਘਿਰਾਓ ਪ੍ਰੋਗਰਾਮ ਵਿਚ ਜ਼ੋਰਦਾਰ ਸ਼ਮੂਲੀਅਤ ਕੀਤੀ ਜਾਵੇਗੀ। ਜੇਕਰ ਇਹ ਪ੍ਰੋਗਰਾਮ ਅੱਗੇ ਵਧਦਾ ਹੈ ਤਾਂ ਲਗਾਤਾਰ ਮੋਰਚੇ ਵਿਚ ਵੀ ਬ੍ਰਾਂਚ ਕਮੇਟੀ ਵਲੋਂ ਪੂਰਾ ਤਾਣ ਲਗਾ ਕੇ ਪੰਜਾਬ ਸਰਕਾਰ ਖ?ਲਾਫ਼ ਸੰਘਰਸ ਪ੍ਰੋਗਰਾਮ ਨੂੰ ਲਾਗੂ ਕੀਤਾ ਜਾਵੇਗਾ। ਚੈਅਰਮੈਨ ਰਾਣਾ ਨੇ ਦੱਸਿਆ ਕਿ ਜਿਥੇ ਸੂਬਾ ਕਮੇਟੀ ਦੇ ਸੰਘਰਸ਼ ਪ੍ਰੋਗਰਾਮ ਦੀ ਹਮਾਇਤ ਦੀ ਘੋਸ਼ਣਾ ਕੀਤੀ ਗਈ ਹੈ ਉਥੇ ਹੀ ਸ਼੍ਰੀ ਅਨੰਦਪੁਰ ਸਾਹਿਬ ਦੇ ਸਮੂਹ ਆਊਟਸੋਰਸ ਮੁਲਾਜਮਾਂ ਵਲੋਂ ਕਾਰਜਕਾਰੀ ਇੰਜੀਨੀਅਰ ਸ਼੍ਰੀ ਅਨੰਦਪੁਰ ਸਾਹਿਬ ਨੂੰ ਸਮੂਹਿਕ ਛੁੱਟੀ ਦਾ ਪੱਤਰ ਭੇਜ ਦਿਤਾ ਗਿਆ ਹੈ ਜਿਥੋਂ ਉਨ੍ਹਾਂ ਵਲੋਂ ਪੰਜਾਬ ਸਰਕਾਰ ਨੂੰ ਇਸ ਦੀ ਸੂਚਨਾ ਦੇ ਦਿਤੀ ਗਈ ਹੈ। ਸਮੂਹਿਕ ਛੁੱਟੀ ਦੀ ਪ੍ਰਵਾਨਗੀ ਮਿਲਣ ਉਪਰੰਤ 25 ਨਵੰਬਰ ਤੋਂ 6 ਦਿਨ ਲਈ ਮੁਕੰਮਲ ਕੰਮ ਜਾਮ ਕਰਕੇ ਡਵੀਜ਼ਨ ਦਫ਼ਤਰ ਅੱਗੇ ਧਰਨਾ ਦਿਤਾ ਜਾਵੇਗਾ। ਜੇਕਰ ਫਿਰ ਵੀ ਨਿਯੁਕਤੀ ਪੱਤਰ ਜਾਰੀ ਨਾਂ ਕੀਤੇ ਗਏ ਤਾਂ ਇਹ ਪ੍ਰੋਗਰਾਮ ਅੱਗੇ ਵਧਾ ਕੇ ਇਸ ਨੂੰ ਤਿੱਖਾ ਰੂਪ ਦੇਣ ਦਾ ਵੀ ਫੈਸਲਾ ਕੀਤਾ ਗਿਆ ਹੈ। ਆਗੂਆਂ ਨੇ ਪੰਜਾਬ ਸਰਕਾਰ ਨੂੰ ਮੰਗ ਕੀਤੀ ਕਿ ਉਨਾਂ ਦੇ ਸਬਰ ਦਾ ਇਮਤਿਹਾਨ ਨਾਂ ਲਿਆ ਜਾਵੇ ਕਿਉਂਕਿ ਅੱਕਿਆ ਹੋਇਆ ਸੰਗਠਨ ਕਿਸੇ ਵੀ ਸੰਘਰਸ਼ ਤੋਂ ਪਿੱਛੇ ਨਹੀਂ ਹਟਦਾ। ਇਸ ਲਈ ਆਪਣੇ ਵਾਅਦੇ ਅਨੁਸਾਰ ਜਲਦ ਤੋਂ ਜਲਦ ਨਿਯੁਕਤੀ ਪੱਤਰ ਜਾਰੀ ਕਰਕੇ ਆਊਟਸੋਰਸ ਇੰਨਲਿਸਟਮੈਂਟ ਮੁਲਾਜਮਾਂ ਦੇ ਮਨਾਂ ਤੋਂ ਚੋਣ ਜ਼ਾਬਤਾ ਲੱਗਣ ਦੇ ਡਰ ਨੂੰ ਖਤਮ ਕੀਤਾ ਜਾਵੇ। ਜੇਕਰ ਸਰਕਾਰ ਨੇ ਹੁਣ ਵੀ ਗੱਲ ਨਾਂ ਸੁਣੀ ਤਾਂ ਚੋਣਾਂ ਵਿਚ ਸਥਾਨਕ ਮੰਤਰੀ ਜੀ ਦੇ ਪਿੰਡ-ਪਿੰਡ ਸ਼ਹਿਰ-ਸ਼ਹਿਰ ਗਲੀ-ਗਲੀ ਕਾਲੀਆਂ ਝੰਡੀਆਂ ਨਾਲ ਘਿਰਾਓ ਪ੍ਰੋਗਰਾਮ ਕੀਤੇ ਜਾ ਸਕਦੇ ਸਨ।

ਮਧੁਵਨ ਵਾਟਿਕਾ ਸਕੂਲ ਵਿਖੇ ਚਿਲਡਰਨ ਡੇ ਮੌਕੇ ਕਿੰਡਰਗਾਰਟਨ ਵਿੰਗ ਦੀ ਸਪੋਰਟਸ ਮੀਟ ਕਰਵਾਈ

ਨੰਨ੍ਹੇ-ਮੁੰਨ੍ਹੇ ਬੱਚਿਆਂ ਨੇ ਵੱਖ-ਵੱਖ ਖੇਡ ਮੁਕਾਬਲਿਆਂ ਵਿੱਚ ਦਿਖਾਈ ਆਪਣੀ ਪ੍ਰਤਿਭਾ, ਮੈਡਲ ਦੇ ਕੇ ਕੀਤਾ ਸਨਮਾਨਿਤ

ਨੂਰਪੁਰ ਬੇਦੀ 14 ਨਵੰਬਰ(ਪ.ਪ)

ਖੇਤਰ ਦੇ ਮਧੁਵਨ ਵਾਟਿਕਾ ਪਬਲਿਕ ਸਕੂਲ ਅਸਮਾਨਪੁਰ (ਨੂਰਪੁਰ ਬੇਦੀ) ਵਿਖੇ ਚਿਲਡਰਨ ਡੇ ਦੇ ਮੌਕੇ 'ਤੇ ਕਿੰਡਰਗਾਰਟਨ ਵਿੰਗ ਵੱਲੋਂ ਵਿਸ਼ੇਸ਼ ਸਪੋਰਟਸ ਮੀਟ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਨੰਨ੍ਹੇ-ਮੁੰਨ੍ਹੇ ਬੱਚਿਆਂ ਨੇ ਪੂਰੇ ਉਤਸ਼ਾਹ ਅਤੇ ਜੋਸ਼ ਨਾਲ ਵੱਖ-ਵੱਖ ਖੇਡ ਮੁਕਾਬਲਿਆਂ ਵਿੱਚ ਭਾਗ ਲੈਂਦਿਆਂ ਆਪਣੀ ਖੇਡ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ। ਇਸ ਸਮਾਗਮ ਦਾ ਮੁੱਖ ਉਦੇਸ਼ ਬੱਚਿਆਂ ਵਿੱਚ ਖੇਡਾਂ ਪ੍ਰਤੀ ਰੁਚੀ ਪੈਦਾ ਕਰਨ ਦੇ ਨਾਲ-ਨਾਲ ਉਨ੍ਹਾਂ ਅੰਦਰ ਆਤਮ-ਵਿਸ਼ਵਾਸ, ਅਨੁਸ਼ਾਸਨ, ਆਪਸੀ ਸਹਿਯੋਗ ਅਤੇ ਟੀਮ ਭਾਵਨਾ ਨੂੰ ਵਿਕਸਿਤ ਕਰਨਾ ਸੀ। ਇਸ ਮੌਕੇ ਸਕੂਲ ਦੇ ਚੇਅਰਮੈਨ ਸ੍ਰੀ ਅਮਿਤ ਚੱਢਾ,ਮੈਨੇਜਿੰਗ ਡਾਇਰੈਕਟਰ ਸ੍ਰੀ ਕੇਸ਼ਵ ਕੁਮਾਰ, ਸ੍ਰੀ ਅਮਨ ਕੁਮਾਰ ਚੱਢਾ, ਪ੍ਰਿੰ ਮੈਡਮ ਦੀਪਿਕਾ ਪੁਰੀ, ਪ੍ਰਿ ਮੈਡਮ ਅਨੂ ਕੋਚਲ ਨੇ ਵਿਸ਼ੇਸ਼ ਤੌਰ 'ਤੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਸਮਾਗਮ ਦੀ ਸ਼ੁਰੂਆਤ ਮੁੱਖ ਮਹਿਮਾਨਾਂ ਵੱਲੋਂ ਸਾਂਝੇ ਤੌਰ 'ਤੇ ਝੰਡਾ ਲਹਿਰਾਉਣ ਦੀ ਰਸਮ ਅਦਾ ਕਰਕੇ ਕੀਤੀ ਗਈ। ਇਸ ਉਪਰੰਤ ਨੰਨ੍ਹੇ-ਮੁੰਨ੍ਹੇ ਬੱਚਿਆਂ ਵੱਲੋਂ ਸ਼ਾਨਦਾਰ ਮਾਰਚ ਪਾਸਟ ਕੀਤਾ ਗਿਆ ਅਤੇ ਮੁੱਖ ਮਹਿਮਾਨਾਂ ਨੂੰ ਸਲਾਮੀ ਦਿੱਤੀ ਗਈ। ਬੱਚਿਆਂ ਵੱਲੋਂ ਪੂਰੇ ਅਨੁਸ਼ਾਸਨ ਅਤੇ ਉਤਸ਼ਾਹ ਨਾਲ ਕੀਤੀ ਗਈ ਮਾਰਚ ਪਾਸਟ ਨੇ ਸਮਾਗਮ ਨੂੰ ਵਿਸ਼ੇਸ਼ ਰੰਗਤ



ਦਿੱਤੀ। ਇਸ ਤੋਂ ਬਾਅਦ ਰੰਗ-ਬਿਰੰਗੇ ਗੁਬਾਰੇ ਹਵਾ ਵਿੱਚ ਛੱਡ ਕੇ ਸਮਾਗਮ ਨੂੰ ਹੋਰ ਵੀ ਯਾਦਗਾਰੀ ਬਣਾਇਆ ਗਿਆ। ਸਪੋਰਟਸ ਮੀਟ ਦੌਰਾਨ ਛੋਟੇ ਬੱਚਿਆਂ ਲਈ ਵੱਖ-ਵੱਖ ਤਰ੍ਹਾਂ ਦੀਆਂ ਮਨੋਰੰਜਕ ਅਤੇ ਦਿਲਚਸਪ ਖੇਡਾਂ ਕਰਵਾਈਆਂ ਗਈਆਂ, ਜਿਨ੍ਹਾਂ ਵਿੱਚ ਬੱਚਿਆਂ ਨੇ ਪੂਰੇ ਜੋਸ਼ ਅਤੇ ਉਤਸ਼ਾਹ ਨਾਲ ਭਾਗ ਲਿਆ। ਹਰ ਮੁਕਾਬਲੇ ਦੌਰਾਨ ਬੱਚਿਆਂ ਦਾ ਉਤਸ਼ਾਹ ਅਤੇ ਖੇਡ ਭਾਵਨਾ ਦੇਖਣਯੋਗ ਸੀ। ਉਨ੍ਹਾਂ ਨੇ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕਰਦਿਆਂ ਖੇਡਾਂ ਪ੍ਰਤੀ ਆਪਣੀ ਰੁਚੀ ਦਾ ਵੀ ਪ੍ਰਗਟਾਵਾ ਕੀਤਾ। ਮੁਕਾਬਲਿਆਂ ਦੇ ਅੰਤ ਵਿੱਚ ਵੱਖ-ਵੱਖ ਖੇਡਾਂ ਵਿੱਚ ਭਾਗ ਲੈਣ ਵਾਲੇ ਅਤੇ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਬੱਚਿਆਂ ਨੂੰ ਮੈਡਲ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਤੇ ਸਕੂਲ ਚੇਅਰਮੈਨ ਅਮਿਤ ਚੱਢਾ ਨੇ ਬੱਚਿਆਂ ਦੀ ਹੌਸਲਾ ਅਫਜ਼ਾਈ ਕਰਦਿਆਂ ਕਿਹਾ ਕਿ ਪੜ੍ਹਾਈ ਦੇ ਨਾਲ-ਨਾਲ ਖੇਡਾਂ ਵੀ ਬੱਚਿਆਂ ਦੇ ਸਰਵਪੱਖੀ ਵਿਕਾਸ ਲਈ ਬੇਹੱਦ ਜ਼ਰੂਰੀ ਹਨ। ਖੇਡਾਂ ਰਾਹੀਂ ਬੱਚਿਆਂ ਵਿੱਚ ਸਰੀਰਕ ਤੰਦਰੁਸਤੀ,ਆਤਮ-ਵਿਸ਼ਵਾਸ, ਅਨੁਸ਼ਾਸਨ ਅਤੇ ਆਪਸੀ ਸਹਿਯੋਗ ਦੀ ਭਾਵਨਾ ਪੈਦਾ ਹੁੰਦੀ ਹੈ। ਅਜਿਹੇ ਸਮਾਗਮ ਬੱਚਿਆਂ ਦੀਆਂ ਲੁਕੀਆਂ ਹੋਈਆਂ ਪ੍ਰਤਿਭਾਵਾਂ ਨੂੰ ਨਿਖਾਰਨ ਅਤੇ ਉਨ੍ਹਾਂ ਨੂੰ ਆਪਣੀ ਯੋਗਤਾ ਦਿਖਾਉਣ ਲਈ ਢੁਕਵਾਂ ਮੰਚ ਪ੍ਰਦਾਨ ਕਰਦੇ ਹਨ ।

ਸ਼੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਵਿਖੇ ਬਾਲ ਦਿਵਸ ਮਨਾਇਆ

ਸ੍ਰੀ ਅਨੰਦਪੁਰ ਸਾਹਿਬ 14 ਨਵੰਬਰ(ਪ.ਪ)

ਚੀਫ਼ ਖ਼ਾਲਸਾ ਦੀਵਾਨ ਚੈਰੀਟੇਬਲ ਸੁਸਾਇਟੀ ਅੰਮ੍ਰਿਤਸਰ ਦੇ ਪ੍ਰਬੰਧ ਅਧੀਨ ਚੱਲ ਰਹੇ ਸ਼੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਸ੍ਰੀ ਅਨੰਦਪੁਰ ਸਾਹਿਬ ਵਿਖੇ ਬਾਲ ਦਿਵਸ ਬੜੇ ਉਤਸ਼ਾਹ ਅਤੇ ਖੁਸ਼ੀ ਨਾਲ ਮਨਾਇਆ ਗਿਆ। ਇਸ ਮੌਕੇ ਸਕੂਲ ਦੇ ਵਿਦਿਆਰਥੀਆਂ ਲਈ ਬਾਲ ਸਭਾ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਵਿਦਿਆਰਥੀਆਂ ਵੱਲੋਂ ਵੱਖ-ਵੱਖ ਪੇਸ਼ਕਾਰੀਆਂ ਕੀਤੀਆਂ ਗਈਆਂ, ਜਿਨ੍ਹਾਂ ਰਾਹੀਂ ਉਨ੍ਹਾਂ ਨੇ ਆਪਣੀ ਕਲਾ ਅਤੇ ਪ੍ਰਤਿਭਾ ਦਾ ਪ੍ਰਗਟਾਵਾ ਕੀਤਾ। ਸਮਾਗਮ ਦੌਰਾਨ ਅਧਿਆਪਕਾਂ ਅਤੇ ਵਿਦਿਆਰਥੀਆਂ ਨੇ ਰਲ ਕੇ ਬਾਲ ਦਿਵਸ ਮਨਾਇਆ ਅਤੇ ਇਸ ਦਿਨ ਦੀਆਂ ਖੁਸ਼ੀਆਂ ਸਾਂਝੀਆਂ ਕੀਤੀਆਂ। ਸਕੂਲ ਵੱਲੋਂ ਵਿਦਿਆਰਥੀਆਂ ਨੂੰ ਰਿਫਰੈਸ਼ਮੈਂਟ ਵੀ ਦਿੱਤੀ ਗਈ । ਇਸ ਮੌਕੇ ਸਕੂਲ ਮੁਖੀ ਪ੍ਰਿੰਸੀਪਲ ਗੁਰਿੰਦਰ ਕੌਰ ਨੇ ਵਿਦਿਆਰਥੀਆਂ ਨੂੰ ਬਾਲ ਦਿਵਸ ਦੀ ਵਧਾਈ



ਦਿੰਦਿਆਂ ਕਿਹਾ ਕਿ ਬੱਚੇ ਦੇਸ਼ ਦਾ ਭਵਿੱਖ ਅਤੇ ਸਮਾਜ ਦੀ ਅਨਮੋਲ ਪੂੰਜੀ ਹਨ। ਹਰ ਬੱਚੇ ਅੰਦਰ ਕੋਈ ਨਾ ਕੋਈ ਵਿਸ਼ੇਸ਼ ਪ੍ਰਤਿਭਾ ਹੁੰਦੀ ਹੈ, ਜਿਸ ਨੂੰ ਪਛਾਣ ਕੇ ਨਿਖਾਰਨਾ ਬਹੁਤ ਜ਼ਰੂਰੀ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਮਨ ਲਗਾ ਕੇ ਪੜ੍ਹਾਈ ਕਰਨ, ਚੰਗੇ ਸੰਸਕਾਰ ਅਪਣਾਉਣ ਅਤੇ ਆਪਣੇ ਮਾਪਿਆਂ ਤੇ ਅਧਿਆਪਕਾਂ ਦਾ ਸਤਿਕਾਰ ਕਰਨ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਬੱਚਿਆਂ ਨੂੰ ਅਜਿਹੇ ਮੌਕੇ ਮਿਲਣੇ ਚਾਹੀਦੇ ਹਨ, ਜਿੱਥੇ ਉਹ ਆਪਣੀਆਂ ਰੁਚੀਆਂ ਅਤੇ ਯੋਗਤਾਵਾਂ ਦਾ ਖੁੱਲ੍ਹ ਕੇ ਪ੍ਰਗਟਾਵਾ ਕਰ ਸਕਣ। ਇਸ ਮੌਕੇ ਰਣਜੋਧ ਸਿੰਘ ਡੀਪੀਈ, ਮੁਕੇਸ਼ ਕੁਮਾਰ, ਬਲਦੀਪ ਕੌਰ, ਸੰਦੀਪ ਕੌਰ, ਆਂਸ਼ੂ, ਮਮਤਾ ਦੇਵੀ, ਰਜਿੰਦਰ ਕੌਰ, ਸਤਿੰਦਰ ਕੌਰ, ਕੰਵਲਜੀਤ ਕੌਰ, ਜਸਪ੍ਰੀਤ ਕੌਰ, ਸਪਨਾ ਰਾਣੀ, ਦੀਪਾਂਜਲੀ ਸ਼ਰਮਾ, ਸ਼ਾਂਤੀ ਦੇਵੀ, ਨਰਿੰਦਰ ਕੌਰ, ਡੇਜੀ,ਅਮਰਜੀਤ ਕੌਰ, ਕਰਮਜੀਤ ਕੌਰ,ਮੋਨਿਕਾ, ਰਾਕੇਸ਼ ਬੇਦੀ ਤੋਂ ਇਲਾਵਾ ਸਮੂਹ ਵਿਦਿਆਰਥੀ ਹਾਜ਼ਰ ਸਨ।

ਆਰ ਆਰ ਬਾਵਾ ਡੀ.ਏ.ਵੀ. ਕਾਲਜੀਏਟ ਗਰਲਜ਼ ਸੀਨੀਅਰ ਸੈਕੰਡਰੀ ਸਕੂਲ ਬਟਾਲਾ ਵਿਖੇ ਲੇਖ ਲਿਖਣ ਮੁਕਾਬਲੇ ਦਾ ਆਯੋਜਨ ਕੀਤਾ ਗਿਆ

ਬਟਾਲਾ, 14 ਨਵੰਬਰ (ਪ.ਪ)

ਆਰ ਆਰ ਬਾਵਾ ਡੀ.ਏ.ਵੀ. ਕਾਲਜੀਏਟ ਗਰਲਜ਼ ਸੀਨੀਅਰ ਸੈਕੰਡਰੀ ਸਕੂਲ, ਬਟਾਲਾ ਵਿਖੇ ਕਾਰਜਕਾਰੀ ਪ੍ਰਿੰਸੀਪਲ ਡਾ. ਮੀਨਾਕਸ਼ੀ ਦੁੱਗਲ ਦੇ ਨਿਰਦੇਸ਼ਾਂ ਅਨੁਸਾਰ ਅਤੇ ਸ਼੍ਰੀਮਤੀ ਏਕਤਾ ਭੰਡਾਰੀ (ਕੋ—ਆਰਡੀਨੇਟਰ, ਸਕੂਲ) ਅਤੇ ਮਿਸ. ਰਣਜੀਤ ਕੌਰ ਦੀ ਯੋਗ ਅਗਵਾਈ ਹੇਠ, ਕਾਲਜ ਵਿਖੇ ਸਿਸਟਮੈਟਿਕ ਵੋਟਰਸ ਐਜੂਕੇਸ਼ਨ ਐਂਡ ਇਲੈਕਟੋਰਲ ਪਾਰਟੀਸਿਪੇਸ਼ਨ (ਸਵੀਪ) ਪ੍ਰੋਗਰਾਮ ਤਹਿਤ ਲੋਕਤੰਤਰ ਵਿੱਚ ਹਰ ਵੋਟ ਦੀ ਅਹਿਮੀਅਤ ਵਿਸ਼ੇ ਤੇ ਲੇਖ ਲਿਖਣ ਮੁਕਾਬਲਾ ਕਰਵਾਇਆ ਗਿਆ। ਇਸ ਮੁਕਾਬਲੇ ਦਾ ਉਦੇਸ਼ ਵਿਦਿਆਰਥਣਾਂ ਵਿੱਚ ਚੋਣ ਪ੍ਰਕਿਰਿਆ ਵਿੱਚ ਭਾਗੀਦਾਰੀ, ਲੋਕਤੰਤਰੀ ਕਦਰਾਂ—ਕੀਮਤਾਂ, ਵੋਟ ਪਾਉਣ ਦੇ ਅਧਿਕਾਰਾਂ ਅਤੇ ਇੱਕ ਜ਼ਿੰਮੇਵਾਰ ਨਾਗਰਿਕ ਵਜੋਂ ਨਿਭਾਏ ਜਾਣ ਵਾਲੇ ਫਰਜ਼ਾਂ ਬਾਰੇ ਜਾਗਰੂਕਤਾ ਪੈਦਾ ਕਰਨਾ ਸੀ। ਇਹਨਾਂ ਮੁਕਾਬਲਿਆਂ ਵਿੱਚ ਮਿਸ. ਸੁਖਮਨਪ੍ਰੀਤ ਕੌਰ



ਨੇ ਪਹਿਲਾ ਸਥਾਨ ਜਦਕਿ ਮਿਸ. ਰਾਜਦੀਪ ਕੌਰ ਅਤੇ ਮਿਸ. ਹਰਮਨਪ੍ਰੀਤ ਕੌਰ ਨੇ ਕ੍ਰਮਵਾਰ ਦੂਸਰਾ ਅਤੇ ਤੀਸਰਾ ਸਥਾਨ ਪ੍ਰਾਪਤ ਕੀਤਾ। ਵਿਦਿਆਰਥਣਾਂ ਦੀ ਉਤਸ਼ਾਹਪੂਰਵਕ ਸ਼ਮੂਲੀਅਤ ਨੇ ਲੋਕਤੰਤਰੀ ਪ੍ਰਣਾਲੀ ਨੂੰ ਸਮਝਣ ਅਤੇ ਇੱਕ ਜ਼ਿੰਮੇਵਾਰ ਨਾਗਰਿਕ ਵਜੋਂ ਆਪਣੀ ਜਾਗਰੂਕਤਾ ਨੂੰ ਮਜ਼ਬੂਤ ਕਰਨ ਵਿੱਚ ਉਨ੍ਹਾਂ ਦੀ ਡੂੰਘੀ ਦਿਲਚਸਪੀ ਨੂੰ ਦਰਸਾਇਆ। ਇਸ ਮੌਕੇ ਕਾਰਜਕਾਰੀ ਪ੍ਰਿੰਸੀਪਲ ਡਾ. ਮੀਨਾਕਸ਼ੀ ਦੁੱਗਲ ਨੇ ਇਸ ਸਾਰਥਕ ਗਤੀਵਿਧੀ ਦੇ ਸਫਲ ਆਯੋਜਨ ਲਈ ਸ਼ਲਾਘਾ ਕੀਤੀ। ਉਨ੍ਹਾਂ ਨੇ ਵਿਦਿਆਰਥਣਾਂ ਨੂੰ ਜਾਗਰੂਕ ਅਤੇ ਜ਼ਿੰਮੇਵਾਰ ਵੋਟਰ ਬਣਨ ਅਤੇ ਸਮਾਜ ਵਿੱਚ ਚੋਣ ਸਬੰਧੀ ਜਾਗਰੂਕਤਾ ਫੈਲਾਉਣ ਲਈ ਪ੍ਰੇਰਿਤ ਕੀਤਾ। ਪ੍ਰੋਗਰਾਮ ਦੀ ਸਮਾਪਤੀ ਇਸ ਸੰਦੇਸ਼ ਨਾਲ ਹੋਈ ਕਿ ਇੱਕ ਜਾਗਰੂਕ ਵੋਟਰ ਹੀ ਮਜ਼ਬੂਤ ਲੋਕਤੰਤਰ ਦੀ ਨੀਂਹ ਹੁੰਦਾ ਹੈ।ਇਸ ਮੌਕੇ ਸਮੂਹ ਫੈਕਲਟੀ ਅਤੇ ਸਟਾਫ਼ ਮੈਂਬਰ ਵੀ ਹਾਜ਼ਰ ਸਨ।

ਵੀਰ ਕੇਸਰੀ
ਲੋਕਾਂ ਦੀ ਅਵਾਜ਼ ਸਰਕਾਰ ਤੱਕ

ਪਰਿਵਾਰ ਵਿਛੋੜਾ ਪਬਲਿਕ ਸਕੂਲ ਵਿਖੇ ਬਾਲ ਦਿਵਸ ਬੜੇ ਉਤਸ਼ਾਹ ਅਤੇ ਧੂਮਧਾਮ ਨਾਲ ਮਨਾਇਆ ਗਿਆ

ਕੀਰਤਪੁਰ ਸਾਹਿਬ 14 ਨਵੰਬਰ (ਪ.ਪ)

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਅਤੇ ਡਾਇਰੈਕਟੋਰੇਟ ਆਫ਼ ਐਜੂਕੇਸ਼ਨ, ਬਹਾਦਰਗੜ੍ਹ, ਪਟਿਆਲਾ ਦੀ ਰਹਿਨੁਮਾਈ ਹੇਠ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਸ. ਹਰਜਿੰਦਰ ਸਿੰਘ ਧਾਮੀ, ਵਿੱਦਿਆ ਸਕੱਤਰ ਸ. ਸੁਖਮਿੰਦਰ ਸਿੰਘ ਅਤੇ ਸਹਾਇਕ ਡਾਇਰੈਕਟਰ ਬੀਬਾ ਸਤਵੰਤ ਕੌਰ ਦੇ ਦਿਸ਼ਾ-ਨਿਰਦੇਸ਼ਾਂ ਅਤੇ ਪ੍ਰਿੰਸੀਪਲ ਸਰਦਾਰ ਸਰਬਜੀਤ ਸਿੰਘ ਦੀ ਅਗਵਾਈ ਹੇਠ ਪਰਿਵਾਰ ਵਿਛੋੜਾ ਪਬਲਿਕ ਸਕੂਲ, ਸਰਸਾ ਨੰਗਲ (ਰੋਪੜ) ਵਿਖੇ ਬਾਲ ਦਿਵਸ ਬੜੇ ਉਤਸ਼ਾਹ ਅਤੇ ਖੁਸ਼ੀ ਨਾਲ ਮਨਾਇਆ ਗਿਆ। ਇਸ ਮੌਕੇ ਸਕੂਲ ਦੇ ਵਿਦਿਆਰਥੀਆਂ ਲਈ ਵੱਖ-ਵੱਖ ਸੱਭਿਆਚਾਰਕ, ਰਚਨਾਤਮਕ ਅਤੇ ਮਨੋਰੰਜਕ ਗਤੀਵਿਧੀਆਂ ਕਰਵਾਈਆਂ ਗਈਆਂ। ਨਰਸਰੀ ਤੋਂ ਪਹਿਲੀ ਜਮਾਤ ਤੱਕ ਦੇ ਨੰਨ੍ਹੇ-ਮੁੰਨੇ ਬੱਚਿਆਂ ਦਾ ਫੈਂਸੀ ਡਰੈੱਸ ਮੁਕਾਬਲਾ ਕਰਵਾਇਆ ਗਿਆ, ਜਿਸ ਵਿੱਚ ਬੱਚਿਆਂ ਨੇ ਵੱਖ-ਵੱਖ ਰੂਪ ਧਾਰਨ ਕਰਕੇ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ। ਇਸ ਤੋਂ ਇਲਾਵਾ ਨਰਸਰ

ਅੰਤਰ-ਜਮਾਤੀ ਕ੍ਰਿਕਟ ਮੁਕਾਬਲੇ ਵਿੱਚ ਆਰ.ਡੀ. ਖੋਸਲਾ ਸਕੂਲ ਦੇ ਵਿਦਿਆਰਥੀਆਂ ਦਾ ਸ਼ਾਨਦਾਰ ਪ੍ਰਦਰਸ਼ਨ





ਬਟਾਲਾ, 14 ਨਵੰਬਰ (ਪ.ਪ)

ਆਰ.ਡੀ. ਖੋਸਲਾ ਡੀ.ਏ.ਵੀ. ਮਾਡਲ ਸੀਨੀਅਰ ਸੈਕੰਡਰੀ ਸਕੂਲ, ਬਟਾਲਾ ਵਿਖੇ ਵਿਦਿਆਰਥੀਆਂ ਦੀ ਪ੍ਰਤਿਭਾ, ਆਤਮ-ਵਿਸ਼ਵਾਸ, ਅਨੁਸ਼ਾਸਨ ਅਤੇ ਸਿਹਤਮੰਦ ਮੁਕਾਬਲੇ ਦੀ ਭਾਵਨਾ ਨੂੰ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ ਅੰਤਰ-ਜਮਾਤੀ ਕ੍ਰਿਕਟ ਮੁਕਾਬਲੇ ਦਾ ਆਯੋਜਨ ਕੀਤਾ ਗਿਆ। ਇਸ ਮੁਕਾਬਲੇ ਵਿੱਚ ਸਕੂਲ ਦੇ ਲੜਕਿਆਂ ਅਤੇ ਲੜਕੀਆਂ ਨੇ ਬੜੇ ਉਤਸ਼ਾਹ ਨਾਲ ਭਾਗ ਲੈਂਦਿਆਂ ਆਪਣੀ ਪ੍ਰਤਿਭਾ ਅਤੇ ਸ਼ਾਨਦਾਰ ਪ੍ਰਦਰਸ਼ਨ ਨਾਲ ਸਭ ਨੂੰ ਪ੍ਰਭਾਵਿਤ ਕੀਤਾ। ਇਸ ਮੁਕਾਬਲੇ ਵਿੱਚ ਸਾਰੀਆਂ ਜਮਾਤਾਂ ਦੇ ਵੱਖ-ਵੱਖ ਹਾਊਸਾਂ ਦੇ ਖਿਡਾਰੀਆਂ ਨੇ ਪੂਰੇ ਜੋਸ਼, ਲਗਨ ਅਤੇ ਟੀਮ ਭਾਵਨਾ ਨਾਲ ਆਪਣੀ ਬਿਹਤਰੀ ਸਾਬਤ ਕਰਨ ਦਾ ਯਤਨ ਕੀਤਾ। ਸਖ਼ਤ ਮੁਕਾਬਲੇ ਤੋਂ ਬਾਅਦ ਵਿਕਟਰੀ ਹਾਊਸ ਨੇ ਪਹਿਲਾ ਸਥਾਨ, ਯੂਨਿਟੀ ਹਾਊਸ ਨੇ ਦੂਜਾ ਸਥਾਨ ਅਤੇ ਹਾਰਮਨੀ ਹਾਊਸ ਤੇ ਲਿਬਰਟੀ ਹਾਊਸ ਨੇ ਸਾਂਝੇ ਤੌਰ 'ਤੇ ਤੀਜਾ ਸਥਾਨ ਪ੍ਰਾਪਤ ਕੀਤਾ। ਇਸ ਮੁਕਾਬਲੇ ਨੇ ਵਿਦਿਆਰਥੀਆਂ ਵਿੱਚ ਮੁਕਾਬਲੇ ਦੀ ਭਾਵਨਾ ਦੇ ਨਾਲ-ਨਾਲ ਸਹਿਯੋਗ, ਏਕਤਾ, ਅਨੁਸ਼ਾਸਨ ਅਤੇ ਟੀਮ ਭਾਵਨਾ ਵਰਗੇ ਮਹੱਤਵਪੂਰਨ ਗੁਣਾਂ ਨੂੰ ਵਿਕਸਿਤ ਕਰਨ ਦਾ ਮੌਕਾ ਪ੍ਰਦਾਨ ਕੀਤਾ। ਸਕੂਲ ਦੇ ਚੇਅਰਮੈਨ ਸ੍ਰੀ ਅਰਵਿੰਦ ਖੋਸਲਾ, ਪ੍ਰੈਜ਼ੀਡੈਂਟ ਸ੍ਰੀ ਅਜੈ ਖੋਸਲਾ ਅਤੇ ਪ੍ਰਿੰਸੀਪਲ ਡਾ. ਬਿੰਦੂ ਭੱਲਾ ਨੇ ਜੇਤੂ ਵਿਦਿਆਰਥੀਆਂ ਨੂੰ ਹਾਰਦਿਕ ਵਧਾਈ ਦਿੱਤੀ। ਸਕੂਲ ਪ੍ਰਬੰਧਕ ਕਮੇਟੀ ਨੇ ਵੀ ਸਾਰੇ ਜੇਤੂ ਹਾਊਸਾਂ ਅਤੇ ਭਾਗ ਲੈਣ ਵਾਲੇ ਵਿਦਿਆਰਥੀਆਂ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਦੀ ਮਿਹਨਤ, ਲਗਨ ਅਤੇ ਉਤਸ਼ਾਹ ਦੀ ਪ੍ਰਸ਼ੰਸਾ ਕੀਤੀ। ਉਨ੍ਹਾਂ ਕਿਹਾ ਕਿ ਅਜਿਹੇ ਮੁਕਾਬਲੇ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ ਅਤੇ ਉਨ੍ਹਾਂ ਵਿੱਚ ਆਤਮ-ਵਿਸ਼ਵਾਸ ਤੇ ਅਗਵਾਈ ਕਰਨ ਦੀ ਯੋਗਤਾ ਦਾ ਵਿਕਾਸ ਕਰਦੇ ਹਨ। ਇਸ ਦੇ ਨਾਲ ਹੀ ਉਨ੍ਹਾਂ ਨੇ ਸਾਰੇ ਵਿਦਿਆਰਥੀਆਂ ਨੂੰ ਭਵਿੱਖ ਵਿੱਚ ਵੀ ਇਸੇ ਉਤਸ਼ਾਹ ਅਤੇ ਲਗਨ ਨਾਲ ਅੱਗੇ ਵਧਣ ਲਈ ਪ੍ਰੇਰਿਤ ਕੀਤਾ।

ਵੀਰ ਕੇਸਰੀ
ਲੋਕਾਂ ਦੀ ਅਵਾਜ਼ ਸਰਕਾਰ ਤੱਕ

ਵਿਧਾਇਕ ਸ਼ੈਰੀ ਕਲਸੀ ਨੇ ਸ਼ਾਸਤਰੀ ਨਗਰ ਟਰੱਕ ਯੂਨੀਅਨ ਬਟਾਲਾ ਵਿਖੇ ਹਾਈ ਮਾਸਟ ਲਾਈਟਾਂ ਦਾ ਕੀਤਾ ਉਦਘਾਟਨ

☛ਕਿਹਾ- ਬਟਾਲਾ ਸ਼ਹਿਰ ਦੇ ਸੁੰਦਰੀਕਰਨ ਲਈ ਕੀਤੇ ਗਏ ਹਨ ਖਾਸ ਉਪਰਾਲੇ☛

ਦੁਕਾਨਦਾਰ ਅਤੇ ਯੂਨੀਅਨ ਵਾਲਿਆਂ ਨੇ ਵਿਧਾਇਕ ਸ਼ੈਰੀ ਕਲਸੀ ਦਾ ਕੀਤਾ ਧੰਨਵਾਦ

ਬਟਾਲਾ, 14 ਨਵੰਬਰ (ਪ.ਪ)

ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਬਟਾਲਾ ਦੇ ਨੌਜਵਾਨ ਵਿਧਾਇਕ ਅਮਨਸ਼ੇਰ ਸ਼ਿੰਘ, ਸੈਰੀ ਕਲਸੀ ਵਲੋਂ ਬਟਾਲਾ ਸ਼ਹਿਰ ਨੂੰ ਖੂਬਸੂਰਤ ਬਣਾਉਣ ਅਤੇ ਲੋਕਾਂ ਦੀ ਆਵਾਜਾਈ ਦੀ ਸਹੂਲਤ ਨੂੰ ਮੁੱਖ ਰੱਖਦਿਆਂ ਲਈ ਖਾਸ ਉਪਰਾਲੇ ਕੀਤੇ ਗਏ ਹਨ, ਜਿਸ ਦੇ ਚੱਲਦਿਆਂ ਉਨ੍ਹਾਂ ਵਲੋਂ ਸ਼ਾਸਤਰੀ ਨਗਰ ਟਰੱਕ ਯੂਨੀਅਨ ਬਟਾਲਾ ਦੀ ਦਹਾਕਿਆਂ ਦੀ ਪੁਰਾਣੀ ਮੰਗ ਪੂਰੀ ਕਰਦਿਆਂ ਹਾਈ ਮਾਸਟ ਲਾਈਟਾਂ ਦਾ ਉਦਘਾਟਨ ਕੀਤਾ ਗਿਆ। ਇਸ ਮੌਕੇ ਚੇਅਰਮੈਨ ਯਸ਼ਪਾਲ ਚੌਹਾਨ, ਮੇਅਰ ਭੁਪਿੰਦਰ ਸਿੰਘ ਬਾਜਵਾ ਸਮੇਤ ਵੱਡੀ ਗਿਣਤੀ ਵਿੱਚ ਲੋਕ ਮੌਜੂਦ ਸਨ। ਇਸ ਮੌਕੇ ਗੱਲਬਾਤ ਕਰਦਿਆਂ ਵਿਧਾਇਕ ਸ਼ੈਰੀ ਕਲਸੀ ਨੇ ਦੱਸਿਆ ਕਿ ਟਰੱਕ ਯੂਨੀਅਨ ਵਾਲੇ, ਵਸਨੀਕਾਂ, ਦੁਕਾਨਦਾਰਾਂ ਅਤੇ ਰਾਹੀਗਰਾਂ ਆਦਿ ਦੀ ਸਹੂਲਤ ਨੂੰ ਮੁੱਖ ਰੱਖਦਿਆਂ ਸ਼ਾਸਤਰੀ ਨਗਰ ਟਰੱਕ ਯੂਨੀਅਨ ਵਿਖੇ ਹਾਈ ਮਾਸਟ ਲਾਈਟਾਂ ਲੋਕ ਸਮਰਪਿਤ ਕੀਤੀਆਂ ਗਈਆਂ ਹਨ, ਜਿਸ ਨਾਲ ਰਾਤ ਸਮੇਂ ਅਤੇ ਸਵੇਰੇ ਸੁਵੱਖਤੇ ਲੋਕਾਂ ਨੂੰ ਆਵਾਜਾਈ ਦੌਰਾਨ ਵੱਡੀ ਰਾਹਤ ਮਿਲੇਗੀ। ਵਿਧਾਇਕ ਸ਼ੈਰੀ ਕਲਸੀ ਨੇ ਦੱਸਿਆ ਕਿ ਇਤਿਹਾਸਕ ਤੇ ਧਾਰਮਿਕ ਸ਼ਹਿਰ ਬਟਾਲਾ ਨੂੰ ਹੋਰ ਖੂਬਸੂਰਤ ਬਣਾਉਣ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ ਅਤੇ ਪਾਰਦਰਸ਼ੀ ਢੰਗ ਨਾਲ ਵਿਕਾਸ ਕੰਮ ਤੇਜਗਤੀ ਨਾਲ ਚੱਲ ਰਹੇ ਹਨ। ਉਨ੍ਹਾਂ ਦੱਸਿਆ ਕਿ ਸ਼ਹਿਰ ਦੀਆਂ ਵੱਖ-ਵੱਖ ਵਾਰਡਾਂ ਵਿੱਚ ਵਿਕਾਸ ਕੰਮ ਬਿਨਾਂ ਪੱਖਪਾਤ ਦੇ ਕਰਵਾਏ ਜਾ ਰਹੇ ਹਨ। ਸ਼ਹਿਰ ਅੰਦਰ ਚੌਕਾਂ ਨੂੰ ਚੌੜਾ ਕਰਕੇ ਖੂਬਸੂਰਤ ਬਣਾਇਆ ਗਿਆ ਹੈ। ਸ਼ਹਿਰ ਦੇ ਪ੍ਰਮੁੱਖ ਚੌਕਾਂ ਵਿੱਚ ਟਰੈਫਿਕ ਲਾਈਟਾਂ ਅਤੇ ਸੀ.ਸੀ.ਟੀ.ਵੀ ਕੈਮਰੇ ਲਗਾਏ ਗਏ ਹਨ। ਸ਼ਹੀਦ ਭਾਈ ਸੁੱਖਾ ਸਿੰਘ ਭਾਈ ਮਹਿਤਾਬ ਦੀ ਯਾਦ ਵਿੱਚ ਉਸਾਰੇ ਨਵੇਂ ਚੌਕ ਦਾ ਉਦਘਾਟਨ



ਕਰਕੇ ਲੋਕ ਸਮਰਪਿਤ ਕੀਤਾ ਗਿਆ ਹੈ। ਇਸ ਚੌਕ ਵਿੱਚ ਸ਼ਾਨਦਾਰ ਲਾਈਟਾਂ ਵੀ ਲਗਾਈਆਂ ਗਈਆਂ ਹਨ। ਇਸ ਤੋਂ ਪਹਿਲਾਂ ਵੀ ਮਾਤਾ ਸੁਲੱਖਣੀ ਜੀ ਯਾਦਗਾਰੀ ਗੇਟ, ਸ਼ਹੀਦ ਭਗਤ ਸਿੰਘ ਚੌਕ ਅਤੇ ਅਗਸੈਨ ਚੌਕ ਆਦਿ ਦੀ ਉਸਾਰੀ ਕੀਤੀ ਜਾ ਚੁੱਕੀ ਹੈ। ਵਿਧਾਇਕ ਸ਼ੈਰੀ ਕਲਸੀ ਨੇ ਅੱਗੇ ਕਿਹਾ ਕਿ ਉਨ੍ਹਾਂ ਦਾ ਮੁੱਖ ਉਦੇਸ਼ ਬਟਾਲੇ ਦਾ ਸਰਬਪੱਖੀ ਵਿਕਾਸ ਕਰਵਾਉਣਾ ਤੇ ਦਹਾਕਿਆਂ ਤੋਂ ਮੁਸ਼ਕਿਲਾਂ ਨਾਲ ਜੂਝ ਰਹੇ ਸ਼ਹਿਰ ਵਾਸੀਆਂ ਦੀਆਂ ਮੁਸ਼ਕਿਲਾਂ ਦਾ ਨਿਪਟਾਰਾ ਕਰਨਾ ਹੈ, ਜਿਸ ਲਈ ਉਹੀ ਦਿਨ- ਰਾਤ ਲੋਕਾਂ ਦੀ ਸੇਵਾ ਵਿੱਚ ਲੱਗੇ ਹੋਏ ਹਨ। ਇਸ ਮੌਕੇ ਟਰੱਕ ਯੂਨੀਅਨ ਅਤੇ ਨੇੜਲੇ ਵਸਨੀਕਾਂ ਨੇ ਵਿਧਾਇਕ ਸ਼ੈਰੀ ਕਲਸੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਹਾਈ ਮਾਸਟ ਲਾਈਟਾਂ ਲੱਗਣ ਨਾਲ ਵੱਡੀ ਰਾਹਤ ਮਿਲੀ ਹੈ ਅਤੇ ਸਵੇਰੇ ਤੜਕਸਾਰ ਅਤੇ ਰਾਤ ਸਮੇਂ ਸਟਰੀਟ ਲਾਈਟਾਂ ਲੱਗਣ ਨਾਲ ਬਹੁਤ ਲਾਭ ਮਿਲੇਗਾ। ਉਨ੍ਹਾਂ ਅੱਗੇ ਕਿਹਾ ਕਿ ਬਟਾਲਾ ਸ਼ਹਿਰ ਨੂੰ ਖੂਬਸੂਰਤ ਬਣਾਉਣ ਲਈ ਵਿਧਾਇਕ ਸ਼ੈਰੀ ਕਲਸੀ ਵਲੋਂ ਜਿਕਰਯੋਗ ਉਪਰਾਲੇ ਕੀਤੇ ਗਏ ਹਨ ਅਤੇ ਉਨ੍ਹਾਂ ਲੋਕਾਂ ਨੂੰ ਲਗਾਤਾਰ ਮਿਲ ਕੇ ਉਨ੍ਹਾਂ ਦੀਆਂ ਮੁਸ਼ਕਿਲਾਂ ਦਾ ਨਿਪਟਾਰਾ ਕੀਤਾ ਜਾ ਰਿਹਾ ਹੈ, ਜੋ ਕਿ ਪਹਿਲਾਂ ਵੇਖਣ ਨੂੰ ਨਹੀਂ ਮਿਲਦਾ ਸੀ।

ਵੀਰ ਕੇਸਰੀ
ਲੋਕਾਂ ਦੀ ਅਵਾਜ਼ ਸਰਕਾਰ ਤੱਕ

ਟਿਕਟ ਮਿਲਣ ਮਗਰੋਂ ਗੋਲਡੀ ਵਲੋਂ ਖਰੜ ਵਿੱਚ ਕੀਤੀ ਪੈਦਲ ਯਾਤਰਾ ਦਾ ਵੱਖ ਵੱਖ ਥਾਵਾਂ ਤੇ ਲੋਕਾਂ ਵਲੋਂ ਫੁੱਲਾਂ ਦੀ ਵਰਖਾ ਕਰਕੇ ਕੀਤਾ ਸਵਾਗਤ



ਖਰੜ, 14 ਨਵੰਬਰ (ਪ.ਪ)

ਆਮ ਆਦਮੀ ਪਾਰਟੀ ਵੱਲੋਂ ਹਲਕਾ ਖਰੜ ਤੋਂ ਵਿਧਾਨ ਸਭਾ ਚੋਣਾਂ ਲਈ ਟਿਕਟ ਮਿਲਣ ਤੋਂ ਬਾਅਦ ਪਹਿਲੀ ਵਾਰ ਖਰੜ ਪਹੁੰਚੇ ਹਲਕਾ ਖਰੜ ਦੇ ਇੰਚਾਰਜ ਅਤੇ ਪੰਜਾਬ ਯੂਥ ਵਿਕਾਸ ਬੋਰਡ ਦੇ ਚੇਅਰਮੈਨ ਸ. ਪਰਮਿੰਦਰ ਸਿੰਘ ਗੋਲਡੀ ਦਾ ਸ਼ਹਿਰ ਵਾਸੀਆਂ ਅਤੇ ਪਾਰਟੀ ਵਰਕਰਾਂ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ। ਇਸ ਮੌਕੇ ਉਨ੍ਹਾਂ ਵੱਲੋਂ 'ਤੁਹਾਡਾ ਉਮੀਦਵਾਰ, ਤੁਹਾਡੇ ਵਿਚਕਾਰ' ਦੇ ਸੰਦੇਸ਼ ਨਾਲ ਪੈਦਲ ਯਾਤਰਾ ਕੱਢੀ ਗਈ, ਜਿਸ ਵਿੱਚ ਵੱਡੀ ਗਿਣਤੀ ਵਿੱਚ ਲੋਕਾਂ, ਪਾਰਟੀ ਆਗੂਆਂ ਅਤੇ ਸਮਰਥਕਾਂ ਨੇ ਸ਼ਮੂਲੀਅਤ ਕੀਤੀ। ਪੈਦਲ ਯਾਤਰਾ ਦੀ ਸ਼ੁਰੂਆਤ ਤੋਂ ਪਹਿਲਾਂ ਸ. ਪਰਮਿੰਦਰ ਸਿੰਘ ਗੋਲਡੀ ਨੇ ਰਾਮ ਮੰਦਰ ਵਿਖੇ ਮੱਥਾ ਟੇਕ ਕੇ ਆਸ਼ੀਰਵਾਦ ਲਿਆ। ਇਸ ਉਪਰੰਤ ਪੈਦਲ ਯਾਤਰਾ ਸ਼ੁਰੂ ਹੋਈ, ਜੋ ਆਰੀਆ ਰੋਡ, ਮੇਨ ਬਾਜ਼ਾਰ ਅਤੇ ਭੂਰੂ ਚੌਕ ਤੋਂ ਹੁੰਦੀ ਹੋਈ ਬੱਸ ਸਟੈਂਡ ਖਰੜ ਵਿਖੇ ਸਮਾਪਤ ਹੋਈ। ਰਸਤੇ ਵਿੱਚ ਉਨ੍ਹਾਂ ਨੇ ਸ੍ਰੀ ਨਗਰ ਖੇੜਾ, ਗੁਰਦੁਆਰਾ ਕਲਗੀਧਰ ਸਾਹਿਬ ਸਮੇਤ ਸ਼ਹਿਰ ਦੇ ਵੱਖ-ਵੱਖ ਧਾਰਮਿਕ ਸਥਾਨਾਂ ਵਿਖੇ ਨਤਮਸਤਕ ਹੋ ਕੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਅਤੇ ਪ੍ਰਮਾਤਮਾ ਦਾ ਸ਼ੁਕਰਾਨਾ ਅਦਾ ਕੀਤਾ। ਇਸ ਦੌਰਾਨ ਉਨ੍ਹਾਂ ਨੇ ਵੱਖ-ਵੱਖ ਥਾਵਾਂ 'ਤੇ ਲੋਕਾਂ ਨਾਲ ਮੁਲਾਕਾਤ ਕੀਤੀ ਅਤੇ ਦੁਕਾਨਦਾਰਾਂ ਸਮੇਤ ਸ਼ਹਿਰ ਵਾਸੀਆਂ ਦਾ ਪਿਆਰ, ਸਤਿਕਾਰ ਅਤੇ ਆਸ਼ੀਰਵਾਦ ਪ੍ਰਾਪਤ ਕੀਤਾ। ਇਸ ਮੌਕੇ ਸ. ਪਰਮਿੰਦਰ ਸਿੰਘ ਗੋਲਡੀ ਨੇ ਕਿਹਾ ਕਿ ਸਭ ਤੋਂ ਪਹਿਲਾਂ ਉਹ ਪ੍ਰਮਾਤਮਾ ਦਾ ਸ਼ੁਕਰਾਨਾ ਕਰਦੇ ਹਨ, ਜਿਸ ਨੇ ਉਨ੍ਹਾਂ ਨੂੰ ਇਹ ਸੇਵਾ ਕਰਨ ਦਾ ਮੌਕਾ ਬਖ਼ਸ਼ਿਆ ਹੈ। ਉਨ੍ਹਾਂ ਨੇ ਪਾਰਟੀ ਦੀ ਸਮੁੱਚੀ ਲੀਡਰਸ਼ਿਪ ਦਾ ਧੰਨਵਾਦ ਕਰਦਿਆਂ ਕਿਹਾ ਕਿ ਖਰੜ ਵਾਸੀਆਂ ਵੱਲੋਂ ਮਿਲ ਰਹੇ ਪਿਆਰ, ਸਤਿਕਾਰ ਅਤੇ ਆਸ਼ੀਰਵਾਦ ਲਈ ਉਹ ਹਮੇਸ਼ਾ ਰਿਣੀ ਰਹਿਣਗੇ। ਉਨ੍ਹਾਂ ਕਿਹਾ ਕਿ ਉਹ ਹਲਕੇ ਦੇ ਲੋਕਾਂ ਦੇ ਵਿਚਕਾਰ ਰਹਿ ਕੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣਨ ਅਤੇ ਹਲਕੇ ਦੀ ਬਿਹਤਰੀ ਲਈ ਪੂਰੀ ਤਨਦੇਹੀ ਨਾਲ ਕੰਮ ਕਰਨ ਲਈ ਵਚਨਬੱਧ ਹਨ। ਪੂਰੀ ਯਾਤਰਾ ਦੌਰਾਨ ਖਰੜ ਸ਼ਹਿਰ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ। ਲੋਕਾਂ ਵੱਲੋਂ ਫੁੱਲਾਂ ਦੀ ਵਰਖਾ ਕਰਕੇ ਸ. ਗੋਲਡੀ ਦਾ ਨਿੱਘਾ ਸਵਾਗਤ ਕੀਤਾ ਗਿਆ। ਸਮਰਥਕਾਂ ਨੇ ਭੰਗੜੇ ਪਾ ਕੇ ਖੁਸ਼ੀ ਦਾ ਪ੍ਰਗਟਾਵਾ ਕੀਤਾ। ਆਮ ਆਦਮੀ ਪਾਰਟੀ ਦੇ ਝੰਡੇ ਲੈ ਕੇ ਵੱਡੀ ਗਿਣਤੀ ਵਿੱਚ ਪਹੁੰਚੇ ਸਮਰਥਕਾਂ ਅਤੇ ਪਾਰਟੀ ਆਗੂਆਂ ਨੇ ਪੈਦਲ ਯਾਤਰਾ ਵਿੱਚ ਸ਼ਮੂਲੀਅਤ ਕਰਕੇ ਆਪਣਾ ਸਮਰਥਨ ਜਤਾਇਆ। ਇਸ ਮੌਕੇ ਬਲਾਕ ਸੰਮਤੀ ਦੇ ਚੇਅਰਮੈਨ ਰਘਵੀਰ ਸਿੰਘ ਮੋਦੀ, ਕਸ਼ਮੀਰ ਕੌਰ, ਜ਼ਿਲ੍ਹਾ ਮਹਿਲਾ ਵਿੰਗ ਪ੍ਰਧਾਨ, ਰਾਮ ਸਰੂਪ, ਹਲਕਾ ਸੰਗਠਨ ਇੰਚਾਰਜ ਗੁਰਸ਼ਰਨ ਸਿੰਘ, ਮੀਡੀਆ ਇੰਚਾਰਜ ਬਲਜੀਤ ਸਿੰਘ, ਯਸ਼ਪਾਲ ਬਾਂਸਲ, ਦਿਲਬਾਗ ਸਿੰਘ, ਪ੍ਰਭਜੋਤ ਸਿੰਘ ਖਾਲਸਾ, ਅਮਨਦੀਪ ਸਿੰਘ ਰੌਕੀ, ਗੋਵਿੰਦਰ ਚੀਮਾ, ਚੇਅਰਮੈਨ ਕੁਸ਼ਲਪਾਲ ਰਾਣਾ, ਸੰਜੀਵ ਰਾਣਾ ਅਤੇ ਰਾਜਵੀਰ ਸਿੰਘ ਰਾਜੀ ਸਮੇਤ ਹਲਕੇ ਦੇ ਵੱਖ-ਵੱਖ ਪਾਰਟੀ ਆਗੂ, ਵਰਕਰ ਅਤੇ ਵੱਡੀ ਗਿਣਤੀ ਵਿੱਚ ਸ਼ਹਿਰ ਵਾਸੀ ਮੌਜੂਦ ਰਹੇ। ਪੂਰੇ ਸ਼ਹਿਰ ਵਿੱਚ ਪੈਦਲ ਯਾਤਰਾ ਨੂੰ ਲੈ ਕੇ ਭਾਰੀ ਉਤਸ਼ਾਹ ਅਤੇ ਜੋਸ਼ ਦਾ ਮਾਹੌਲ ਦੇਖਣ ਨੂੰ ਮਿਲਿਆ

ਵੀਰ ਕੇਸਰੀ
ਲੋਕਾਂ ਦੀ ਅਵਾਜ਼ ਸਰਕਾਰ ਤੱਕ

ਵਿਧਾਨ ਸਭਾ ਚੋਣਾਂ 2027 ਕੌਣ ਕਿੰਨੇ ਪਾਣੀ 'ਚ.....

☛ ਦੋਫਸਲਿਆਂ ਨੂੰ ਟਿਕਟਾਂ ਮਿਲਣ ਤੇ ਪਾਰਟੀ ਲਈ ਜੀਣ ਮਰਨ ਵਾਲਿਆਂ ਦੇ ਤਿੜਕਣਗੇ ਦਿਲ ☛ ਜਿੱਤ ਦੇ ਕਰੀਬ ਆ ਕੇ ਵੀ ਆਪਣੇ ਹੀ ਉਮੀਦਵਾਰਾਂ ਲਈ ਹਾਰ ਦਾ ਕਾਰਨ ਬਣਨਗੀਆਂ ਗੁੱਟਬੰਦੀਆਂ

ਅੰਮ੍ਰਿਤਸਰ, 14 ਨਵੰਬਰ (ਪ.ਪ)

ਚੋਣ ਕਮਿਸ਼ਨ ਵੱਲੋਂ ਬੇਸ਼ੱਕ ਚੋਣਾਂ ਦੀ ਤਾਰੀਖ ਅਜੇ ਤੱਕ ਤੈ ਨਹੀਂ ਹੋਈ ਹੈ ਪਰ ਵਿਧਾਨ ਸਭਾ ਚੋਣਾਂ 2027 ਨੂੰ ਲੈ ਕੇ ਰਾਜਨੀਤਿਕ ਪਾਰਟੀਆਂ ਪੂਰੀ ਤਰ੍ਹਾਂ ਐਕਟਿਵ ਹੋ ਗਈਆਂ ਹਨ। ਜਿਨਾਂ ਵਿੱਚੋਂ ਆਮ ਆਦਮੀ ਪਾਰਟੀ ਆਪਣੇ ਉਮੀਦਵਾਰਾਂ ਨੂੰ ਟਿਕਟਾਂ ਦੇਣ ਵਿੱਚ ਸਭ ਤੋਂ ਅੱਗੇ ਨਜ਼ਰ ਆ ਰਹੀ ਹੈ। ਕਿਸੇ ਵੀ ਰਾਜਨੀਤਿਕ ਪਾਰਟੀ ਦੀ ਗੱਲ ਕਰੀਏ ਤਾਂ ਕਿਸੇ ਵੀ ਹਲਕੇ ਲਈ ਉਮੀਦਵਾਰੀ ਲਈ ਹਰ ਕੋਈ ਹਰ ਵਸੀਲਾ ਤਰੀਕਾ ਵਰਤਣਗੇ। ਪਾਰਟੀਆਂ ਦੇ ਉੱਚ ਨੇਤਾ ਕਿਸੇ ਸਿਫਾਰਸ਼ਾਂ ਜਾਂ ਕਿਸੇ ਹੋਰ ਤਰੀਕੇ ਦੇ ਨਾਲ ਉਮੀਦਵਾਰਾਂ ਨੂੰ ਟਿਕਟਾਂ ਦੇਣਾ ਖਾਲਾ ਜੀ ਦਾ ਵਾੜਾ ਸਾਬਿਤ ਹੋਵੇਗਾ। ਕਿਉਂਕਿ ਕਈ ਦੋ ਫਸਲੇ ਨੇਤਾ ਅਜਿਹੇ ਵੀ ਹੋਣਗੇ ਜੋ ਮੌਕੇ ਨੂੰ ਦੇਖਦਿਆਂ ਪਾਰਟੀਆਂ ਬਦਲ ਚੁੱਕੇ ਹਨ। ਕਈ ਨੇਤਾ ਭਾਜਪਾ,ਅਕਾਲੀ ਦਲ (ਬ), ਕਾਂਗਰਸ ਤੇ ਆਮ ਆਦਮੀ ਪਾਰਟੀ ਦ ਵਾਰੀ ਵਾਰੀ ਦਾਮਨ ਫੜ ਚੁੱਕੇ ਹਨ। ਬਾਰ-ਬਾਰ ਪਾਰਟੀਆਂ ਬਦਲਣ ਵਾਲੇ ਨੇਤਾਵਾਂ ਨੂੰ ਅਗਰ ਰਾਜਨੀਤਿਕ ਪਾਰਟੀਆਂ ਦੇ ਉੱਚ ਨੇਤਾ ਕਿਸੇ ਵੀ ਤਰੀਕੇ ਦੇ ਨਾਲ ਉਮੀਦਵਾਰ ਨਿਯੁਕਤ ਕਰਦੇ ਹਨ ਤਾਂ ਪਿਛਲੇ ਕਈ ਕਈ ਸਾਲਾਂ ਤੋਂ ਪਾਰਟੀ ਦੇ ਲਈ ਜੀਣ ਮਰਨ ਵਾਲੇ ਵਰਕਰਾਂ ਅਤੇ ਨੇਤਾਵਾਂ ਦੇ ਦਿਲ ਸ਼ੀਸ਼ੇ ਵਾਂਗੂੰ ਜਰੂਰ ਤਿੜਕਣਗੇ। ਪਾਰਟੀ ਦੇ ਪ੍ਰਤੀ ਹਮੇਸ਼ਾ ਵਫਾਦਾਰ ਰਹਿਣ ਵਾਲੇ ਇਹ ਜਖਮੀ ਸ਼ੇਰ ਆਪਣੇ ਹੀ ਉਮੀਦਵਾਰਾਂ ਦੀ ਜਿੱਤ ਨੂੰ ਹਾਰ ਵਿੱਚ ਬਦਲਣ ਲਈ ਅਹਿਮ ਭੂਮਿਕਾਵਾਂ ਅਦਾ ਕਰ ਸਕਦੇ ਹਨ। ਕਿਉਂਕਿ ਵਰਕਰਾਂ ਅਤੇ ਨੇਤਾਵਾਂ ਦੇ ਦਿਲ ਦੇ ਵਿੱਚ ਅਕਸਰ ਰੋਸ਼



ਪਾਇਆ ਜਾਂਦਾ ਹੈ ਕਿ ਪਿਛਲੇ ਕਈ ਕਈ ਸਾਲਾਂ ਤੋਂ ਉਹ ਅਤੇ ਉਹਨਾਂ ਦੇ ਪਰਿਵਾਰਿਕ ਮੈਂਬਰਾਂ ਨੇ ਆਪਣੀ ਆਪਣੀ ਪਾਰਟੀਆਂ ਨੂੰ ਚੜ੍ਹਦੀ ਕਲਾ ਵਿੱਚ ਲੈ ਕੇ ਜਾਣ ਲਈ ਕੋਈ ਵੀ ਕਸਰ ਬਾਕੀ ਨਹੀਂ ਛੱਡੀ। ਆਪਣੇ ਪਰਿਵਾਰ,ਭਵਿੱਖ ਅਤੇ ਕਾਰੋਬਾਰ ਵੀ ਦਾਅ ਤੇ ਲਗਾ ਦਿੱਤੇ ਗਏ ਹਨ। ਅਜਿਹੇ ਮਿਹਨਤੀ ਅਤੇ ਵਫਾਦਾਰ ਵਰਕਰਾਂ ਦੀ ਪਰਵਾਹ ਕੀਤੇ ਬਗੈਰ ਅਗਰ ਪਾਰਟੀ ਦੇ ਉੱਚ ਨੇਤਾ ਆਪਣੇ ਪੁਰਾਣੇ ਵਫਾਦਾਰ ਵਰਕਰਾਂ ਤੇ ਨੇਤਾਵਾਂ ਨੂੰ ਛੱਡ ਕੇ ਉਹਨਾਂ ਨੇਤਾਵਾਂ ਨੂੰ ਪਹਿਲ ਦਿੰਦੇ ਹਨ ਜੋ ਵੱਖ-ਵੱਖ ਪਾਰਟੀਆਂ ਦਾ ਸਵਾਦ ਦੇਖ ਰਹੇ ਹੁੰਦੇ ਹਨ ਤਾਂ ਅਜਿਹੇ ਉਮੀਦਵਾਰਾਂ ਨੂੰ ਪੰਜਾਬ ਦੇ ਕਈ ਹਲਕਿਆਂ ਵਿੱਚ ਗੁੱਟਬੰਦੀ ਦਾ ਸ਼ਿਕਾਰ ਹੋਣਾ ਪਵੇਗਾ। ਇੱਥੇ ਪਾਰਟੀ ਅਤੇ ਉਮੀਦਵਾਰ ਦੋਨਾਂ ਦਾ ਹੀ ਰਾਜਨੀਤਿਕ ਨੁਕਸਾਨ ਹੋਵੇਗਾ। ਦਿਨ ਰਾਤ ਇੱਕ ਹੀ ਪਾਰਟੀ ਦੇ ਹੱਕ ਦੇ ਵਿੱਚ ਚੱਲਣ ਵਾਲੇ ਵਰਕਰਾਂ